ਨਵੀਂ ਦਿੱਲੀ 30 ਜੂਨ। ਆਸਾਮ ਦੇ ਇਕ ਸੇਵਾਮੁਕਤ ਆਈ. ਪੀ. ਐੱਸ. ਅਧਿਕਾਰੀ ਖਿਲਾਫ ਆਮਦਨ ਤੋਂ ਵੱਧ ਜਾਇਦਾਦ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਨੇ ਗੁਹਾਟੀ 'ਚ 4 ਹੋਟਲਾਂ ਤੇ ਮੁੰਬਈ 'ਚ 2 ਫਲੈਟਾਂ ਸਮੇਤ ਕੁੱਲ 53.28 ਕਰੋੜ ਰੁਪਏ ਦੀਆਂ ਜਾਇਦਾਦਾਂ ਆਰਜ਼ੀ ਤੌਰ 'ਤੇ ਕੁਰਕ ਕੀਤੀਆਂ ਹਨ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਈ. ਡੀ. ਅਨੁਸਾਰ, ਇਹ ਕਾਰਵਾਈ ਆਸਾਮ ਪੁਲਸ ਦੇ ਸੇਵਾਮੁਕਤ ਡੀ. ਆਈ. ਜੀ. ਪ੍ਰਸ਼ਾਂਤ ਕੁਮਾਰ ਦੱਤਾ ਖਿਲਾਫ ਕੀਤੀ ਗਈ ਹੈ, ਜੋ 2019 'ਚ ਸੇਵਾਮੁਕਤ ਹੋਏ ਸਨ। ਏਜੰਸੀ ਨੇ ਦੱਸਿਆ ਕਿ ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀ. ਐੱਮ. ਐੱਲ. ਏ.) ਤਹਿਤ ਕੁਰਕ ਕੀਤੀਆਂ ਗਈਆਂ ਜਾਇਦਾਦਾਂ 'ਚ ਗੁਹਾਟੀ ਦੇ 4 ਹੋਟਲ ਅਤੇ ਮੁੰਬਈ ਦੇ ਅੰਧੇਰੀ (ਪੱਛਮੀ) ਸਥਿਤ 'ਸਮਰਥ ਦੀਪ' 'ਚ ਦੋ ਰਿਹਾਇਸ਼ੀ ਫਲੈਟ ਸ਼ਾਮਲ ਹਨ। ਇਨ੍ਹਾਂ ਜਾਇਦਾਦਾਂ ਦੀ ਕੁੱਲ ਕੀਮਤ 53.28 ਕਰੋੜ ਰੁਪਏ ਹੈ। ਇਹ ਮਾਮਲਾ ਆਸਾਮ ਭ੍ਰਿਸ਼ਟਾਚਾਰ ਵਿਰੋਧੀ ਅਤੇ ਵਿਜੀਲੈਂਸ ਬਿਊਰੋ ਵੱਲੋਂ ਦਰਜ ਕੀਤੀ ਗਈ ਐੱਫ. ਆਈ. ਆਰ. ਨਾਲ ਸਬੰਧਤ ਹੈ, ਜਿਸ ਵਿਚ ਦੋਸ਼ ਲਗਾਇਆ ਗਿਆ ਹੈ ਕਿ ਦੱਤਾ ਨੇ 1992 ਅਤੇ 2019 ਦੇ ਵਿਚਕਾਰ ਆਪਣੀ ਨੌਕਰੀ ਦੌਰਾਨ ਆਮਦਨ ਦੇ ਜਾਇਜ਼ ਸਰੋਤਾਂ ਤੋਂ ਵੱਧ ਜਾਇਦਾਦ ਇਕੱਠੀ ਕੀਤੀ ਸੀ।

## ਦਿੱਲੀ ਗੁਰਦੁਆਰਾ ਕਮੇਟੀ ਨੇ ਛੇਵੇਂ ਪਾਤਸ਼ਾਹ ਸ੍ਰੀ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

### ਛੇਵੇਂ ਪਾਤਸ਼ਾਹ ਨੇ ਸਿੱਖ ਕੌਮ ਨੂੰ ਮੀਰੀ ਤੇ ਪੀਰੀ ਦੇ ਸਿਧਾਂਤ ਨਾਲ ਤਾਕਤ ਬਖਸ਼ੀ: ਕਾਲਕਾ, ਕਾਹਲੋਂ

**ਕੌਮੀ ਪੱਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ, 30 ਜੂਨ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛੇਵੇਂ ਪਾਤਸ਼ਾਹ ਸ੍ਰੀ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਦੇ ਪ੍ਰਬੰਧਾਂ ਅਧੀਨ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਸਮਾਗਮ ਹੋਏ ਜਿਸ ਵਿਚ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਭਰੀ। ਮੁੱਖ ਸਮਾਗਮ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਹੋਇਆ ਜਿਥੇ ਰਾਗੀ ਸਿੰਘਾਂ ਦੇ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਗੁਰਮਤਿ ਸਮਾਗਮ ਵਿਚ ਹਾਜ਼ਰ ਹਜ਼ਾਰਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਜਿਥੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਪ੍ਰਕਾਸ਼ ਦਿਹਾੜੇ ਦੀ ਲੱਖ-ਲੱਖ ਵਧਾਈ ਦਿੱਤੀ, ਉੱਥੇ ਹੀ ਆਖਿਆ ਕਿ ਗੁਰੂ ਸਾਹਿਬ ਨੇ ਸਿੱਖ ਕੌਮ ਨੂੰ ਮੀਰੀ ਤੇ ਪੀਰੀ ਦਾ ਸਿਧਾਂਤ ਦੇ ਕੇ ਵੱਡੀ ਤਾਕਤ ਬਖਸ਼ਿਸ਼ ਕੀਤੀ ਹੈ। ਉਹਨਾਂ ਕਿਹਾ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਾਰੀ ਦੁਨੀਆਂ ਦਾ ਇਕਲੌਤਾ ਤਖ਼ਤ ਹੈ ਜੋ ਗੁਰੂ ਸਾਹਿਬ ਦੀ ਬਖਸ਼ਿਸ਼ ਨਾਲ ਨਿਆਂ ਕਰਨ ਵਾਸਤੇ ਜਾਣਿਆ ਜਾਂਦਾ ਹੈ ਤੇ ਸਿੱਖ ਕੌਮ ਦੀ ਸ਼ਕਤੀ ਦਾ ਬਹੁਤ ਵੱਡਾ ਸਰੋਤ ਹੈ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੁੰਦੇ ਫੈਸਲੇ ਸਮੁੱਚੀ ਸਿੱਖ ਕੌਮ ਲਈ ਅਤਿ



ਸਤਿਕਾਰਯੋਗ ਹਨ ਤੇ ਸਮੁੱਚੀ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਚਰਨਾਂ ਵਿਚ ਨਤਮਸਤਕ ਹੋ ਕੇ ਆਪਣੇ ਆਪ ਨੂੰ ਸੁਭਾਗਾ ਸਮਝਦੀ ਹੈ। ਉਹਨਾਂ ਕਿਹਾ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਹਮੇਸ਼ਾ ਨਿਆਂ ਤੇ ਇਨਸਾਫ ਦੀ ਗੱਲ ਕੀਤੀ ਤੇ ਇਸੇ ਸਿਧਾਂਤ ਤਹਿਤ ਉਹਨਾਂ ਗਵਾਲੀਅਰ ਦੇ ਕਿੱਲ੍ਹੇ ਵਿਚੋਂ 52 ਰਾਜੇ ਵੀ ਆਪਣੇ ਨਾਲ ਰਿਹਾਅ ਕਰਵਾਏ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸਿੱਖ ਕੌਮ ਨੂੰ ਮਾਰਸ਼ਲ ਕੌਮ ਵਜੋਂ ਕੰਮ ਕਰਨ ਅਤੇ ਨਾਲ ਹੀ ਭਗਤੀ ਕਰਨ ਦਾ ਹੁਕਮ ਦਿੱਤਾ ਜਿਸਦੀ ਬਦੌਲਤ ਅੱਜ ਸਮੁੱਚੀ ਦੁਨੀਆਂ ਵਿਚ ਸਿੱਖ ਕੌਮ ਇਕ ਮਾਰਸ਼ਲ ਕੌਮ ਵਜੋਂ ਪਰ ਨਾਲ ਹੀ ਨਿਆਂ ਹਿਤੈਸ਼ੀ ਕੌਮ ਵਜੋਂ ਜਾਣੀ ਜਾਂਦੀ ਹੈ। ਉੱਤਰਾਖੰਡ ਵਿਚ ਹਾਲ ਹੀ ਵਿਚ ਵਾਪਰੇ ਘਟਨਾਕ੍ਰਮ ਦੀ ਗੱਲ ਕਰਦਿਆਂ ਉਹਨਾਂ ਕਿਹਾ ਕਿ ਜੇਕਰ ਸਿੰਘਾਂ ਕੋਲ ਸ਼ਸ਼ਤਰ ਸਨ ਜੋ ਉਹਨਾਂ ਨੇ ਛੇਵੇਂ ਪਾਤਸ਼ਾਹ ਦੇ ਹੁਕਮ ਅਨੁਸਾਰ ਧਾਰਨ ਕੀਤੇ, ਤਾਂ ਹੀ ਉਹ ਸਵੈ ਰੱਖਿਆ ਕਰ ਸਕੇ ਤੇ ਮੌਕੇ 'ਤੇ ਹਾਜ਼ਰ ਸੰਗਤ ਦੀ ਰੱਖਿਆ ਕਰ ਸਕੇ। ਉਹਨਾਂ ਕਿਹਾ ਕਿ ਇਸ ਲਈ ਗੁਰੂ ਸਾਹਿਬ ਦੇ ਹੁਕਮ ਅਨੁਸਾਰ ਜਿਥੇ ਗੁਰਬਾਣੀ ਸਿਮਰਨ ਤੇ ਬੰਦਗੀ ਕਰਨਾ ਜ਼ਰੂਰੀ ਹੈ, ਉਥੇ ਹੀ ਸ਼ਸ਼ਤਰ ਧਾਰਨ ਕਰਨਾ ਵੀ ਬਹੁਤ ਜ਼ਰੂਰੀ ਹੈ। ਉਹਨਾਂ ਨੇ ਸਮੁੱਚੀ ਸੰਗਤ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿਚ ਅੰਮ੍ਰਿਤ ਛੱਕ ਕੇ ਸਿੰਘ ਸਜਿਆ ਜਾਵੇ ਤੇ ਗੁਰੂ ਸਾਹਿਬ ਦੇ ਹੁਕਮ ਅਨੁਸਾਰ ਗੁਰਮਤਿ ਜੀਵਨ ਬਤੀਤ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਬੀਰ ਸਿੰਘ ਜੱਸੀ ਐਮ ਸੀ, ਰਮਿੰਦਰ ਸਿੰਘ ਸਵੀਟਾ, ਸਤਨਾਮ ਸਿੰਘ ਜੱਗਾ ਚੇਅਰਮੈਨ, ਅਮਰਜੀਤ ਸਿੰਘ ਪਿੰਕੀ ਅਤੇ ਬਾਬਾ ਸਤਨਾਮ ਸਿੰਘ ਕਾਰ ਸੇਵਾ ਵਾਲੇ ਵੀ ਹਾਜ਼ਰ ਸਨ।



ਕੌਮੀ ਪੱਤ੍ਰਿਕਾ

# ਭਾਰਤ ਵਿਕਾਸ ਪ੍ਰੀਸ਼ਦ ਪਟਿਆਲਾ ਨੇ ਸਿਲਾਈ ਕੇਂਦਰ ਖੋਲ੍ਹਿਆ



**ਪਟਿਆਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਵਿਕਾਸ ਪ੍ਰੀਸ਼ਦ ਪਟਿਆਲਾ ਦੀ ਲਕਸ਼ਮੀਬਾਈ ਸ਼ਾਖਾ – ਜੋ ਕਿ ਸਮਾਜ ਸੇਵਾ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਦੇ ਪ੍ਰਚਾਰ ਵਿੱਚ ਲਗਾਤਾਰ ਰੁੱਝੀ ਹੋਈ ਸੰਸਥਾ ਹੈ – ਨੇ ਪਿੰਡ ਦੇ ਇੱਕ ਲੋੜਵੰਦ ਪਰਿਵਾਰ ਨੂੰ ਸਸ਼ਕਤ ਬਣਾਉਣ ਲਈ ਇੱਕ ਨਵੀਂ ਪਹਿਲ ਸ਼ੁਰੂ ਕੀਤੀ ਹੈ। ਪ੍ਰੀਸ਼ਦ ਦੇ ਚਲੀ ਗਾਉਂ ਕੀ ਓਰੇ (ਪਿੰਡ ਵੱਲ) ਪ੍ਰੋਜੈਕਟ ਦੇ ਤਹਿਤ, ਪਿੰਡ ਆਲੋਵਾਲ ਵਿੱਚ ਇੱਕ ਮੁਫਤ ਸਿਲਾਈ ਸਿਖਲਾਈ ਕੇਂਦਰ ਖੋਲ੍ਹਿਆ ਗਿਆ। ਇਹ ਪਹਿਲ ਪ੍ਰੀਸ਼ਦ ਮੈਂਬਰ ਐਡਵੋਕੇਟ ਸੀਤਾ ਰਾਮ ਬਾਂਸਲ ਦੇ ਸਹਿਯੋਗ ਨਾਲ, ਉਨ੍ਹਾਂ ਦੀ ਸਵਰਗੀ ਮਾਤਾ, ਸ਼੍ਰੀਮਤੀ ਨਿਰਮਲਾ ਜੀ ਦੀ ਯਾਦ ਵਿੱਚ ਸਾਕਾਰ ਕੀਤੀ ਗਈ। ਉਦਘਾਟਨ ਵਿੱਚ ਪਿੰਡ ਵਾਸੀਆਂ ਅਤੇ ਪ੍ਰੀਸ਼ਦ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪਿੰਡ ਦੇ ਸਰਪੰਚ ਧਰਮਜੀਤ ਸਿੰਘ ਅਤੇ ਸਾਬਕਾ ਸਰਪੰਚ ਪ੍ਰਮੋਦ ਭਾਰਦਵਾਜ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਕਾਰਵਾਈ ਇੱਕ ਪ੍ਰਮੁੱਖ ਸਥਾਨਕ ਨਿਵਾਸੀ ਜਰਨੈਲ ਸਿੰਘ ਦੁਆਰਾ ਚਲਾਈ ਗਈ, ਜਿਨ੍ਹਾਂ ਨੇ ਸਾਰੇ ਹਾਜ਼ਰੀਨ ਦਾ ਨਿੱਘਾ ਸਵਾਗਤ ਕੀਤਾ। ਸਿਲਾਈ ਕੇਂਦਰ ਬਾਰੇ ਬੋਲਦੇ ਹੋਏ, ਸੀਤਾ ਰਾਮ ਬਾਂਸਲ ਆਪਣੀ ਮਾਂ ਨੂੰ ਯਾਦ ਕਰਦੇ ਹੋਏ ਭਾਵੁਕ ਹੋ ਗਏ। ਇਹ ਲਕਸ਼ਮੀਬਾਈ ਸ਼ਾਖਾ ਦੁਆਰਾ ਸ਼ੁਰੂ ਕੀਤਾ ਗਿਆ ਪਹਿਲਾ ਸਥਾਈ ਪ੍ਰੋਜੈਕਟ ਹੈ। ਸੀਨੀਅਰ ਪ੍ਰੀਸ਼ਦ ਮੈਂਬਰ ਡੀ.ਪੀ.ਐਸ. ਛਾਬੜਾ ਅਤੇ ਗੋਵਿੰਦ ਸ਼ਾਖਾ ਦੇ ਪ੍ਰਧਾਨ ਸੀਏ ਰੋਹਿਤ ਸਿੰਗਲਾ ਨੇ ਸੈਂਟਰ ਦੇ ਉਦਘਾਟਨ 'ਤੇ ਸਾਰਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਸਰਪੰਚ ਅਤੇ ਪਿੰਡ ਵਾਸੀਆਂ ਨੂੰ ਰਵਾਇਤੀ ਫਸਲ ਉਤਪਾਦਨ ਤੋਂ ਪਰੇ ਨਵੇਂ ਰਸਤੇ ਲੱਭਣ ਲਈ ਵੀ ਉਤਸ਼ਾਹਿਤ ਕੀਤਾ, ਜਿਸ ਨਾਲ ਹਵਾ, ਪਾਣੀ ਅਤੇ ਮਿੱਟੀ ਨੂੰ ਪ੍ਰਦੂਸ਼ਣ ਤੋਂ ਬਚਾਉਣ ਵਿੱਚ ਮਦਦ ਮਿਲਦੀ ਹੈ। ਖੇਤਰੀ ਸਕੱਤਰ ਅਤੇ ਸੇਵਾ ਕਨਵੀਨਰ ਨਵਦੀਪ ਗੁਪਤਾ ਨੇ ਕਿਹਾ ਕਿ ਸ਼੍ਰੀ ਬਾਂਸਲ ਇੱਕ ਇਮਾਨਦਾਰ ਵਿਅਕਤੀ ਹਨ ਜੋ ਹਮੇਸ਼ਾ ਸਮਾਜਿਕ ਕਾਰਜਾਂ ਵਿੱਚ ਸਭ ਤੋਂ ਅੱਗੇ ਰਹਿੰਦੇ ਹਨ, ਉਨ੍ਹਾਂ ਦੀ ਪਤਨੀ ਮਧੂ ਬਾਂਸਲ ਉਨ੍ਹਾਂ ਨੂੰ ਪੂਰਾ ਸਮਰਥਨ ਪ੍ਰਦਾਨ ਕਰ ਰਹੀਆਂ ਹਨ। ਇਸ ਜੋੜੇ ਨੇ ਆਲੋਵਾਲ ਪਿੰਡ ਪ੍ਰਾਇਮਰੀ ਸਕੂਲ ਨੂੰ ਵੀ ਗੋਦ ਲਿਆ ਹੈ। ਇਸ ਸਮਾਗਮ ਵਿੱਚ ਜ਼ਿਲ੍ਹਾ ਸੇਵਾ ਕੋਆਰਡੀਨੇਟਰ ਸੁਨੀਲ ਕਪਿਲ; ਸ੍ਰੀ ਗੁਰੂ ਤੇਗ ਬਹਾਦਰ ਸ਼ਹੀਦੀ ਦਿਵਸ ਕੋਆਰਡੀਨੇਟਰ ਜਸਬੀਰ ਸਿੰਘ; ਸ਼ਾਖਾ ਸਕੱਤਰ ਪੁਸ਼ਪਦੀਪ ਸਿੰਘ ਸਲੂਜਾ; ਮਹਿਲਾ ਵਿੰਗ ਕੋਆਰਡੀਨੇਟਰ ਐਡਵੋਕੇਟ ਸਰਿਤਾ ਨੌਹਰੀਆ; ਸੰਪਰਕ ਕੋਆਰਡੀਨੇਟਰ ਸੰਦੀਪ ਧਵਨ; ਮੈਂਬਰ ਅਜੈ ਗੁਪਤਾ, ਸੰਜੀਵ ਬਲਰੇ, ਅਸ਼ੋਕ ਸਿੰਗਲਾ, ਡਾ. ਇੰਦਰਜੀਤ ਸਿੰਘ, ਗਗਨ ਗੋਇਲ ਅਤੇ ਸਮਾਜ ਸੇਵਕ ਸੰਜੇ ਗੋਇਲ, ਨਰਿੰਦਰ ਸਿੰਘ, ਰਾਕੇਸ਼ ਠਾਕੁਰ, ਰਾਜੀਵ ਗਰਗ, ਰੇਣੂ ਗਰਗ, ਡਾ. ਪੂਨਮ ਗੁਪਤਾ, ਮਧੂ ਅਗਰਵਾਲ, ਸੁਨੀਤਾ ਵਰਮਾ ਅਤੇ ਸੁਖਜੀਤ ਬਰਾੜ ਵੀ ਮੌਜੂਦ ਸਨ। ਸ਼੍ਰੀ ਬਾਂਸਲ ਦੀਆਂ ਭੈਣਾਂ ਅਤੇ ਪਰਿਵਾਰਕ ਮੈਂਬਰ – ਟੀ.ਸੀ. ਮੋਦੀ, ਕਾਰਤਿਕ ਅਗਰਵਾਲ, ਸੋਹਨ ਲਾਲ ਬਾਂਸਲ, ਅਤੇ ਮੇਹਰ ਸਿੰਘ – ਡਾ. ਬਚਨ ਸਿੰਘ (ਸੇਵਾਮੁਕਤ ਪ੍ਰਿੰਸੀਪਲ, ਮੈਡੀਕਲ ਕਾਲਜ ਪਟਿਆਲਾ, ਅਤੇ ਸੰਤ ਈਸ਼ਰ ਸਿੰਘ ਐਜੂਕੇਸ਼ਨਲ ਟਰੱਸਟ ਦੇ ਪ੍ਰਧਾਨ), ਸਮਾਜ ਸੇਵਕ ਡਾ. ਸੁਰਿੰਦਰ ਸ਼ਰਮਾ (ਸੇਵਾਮੁਕਤ ਐਸਐਮਓ), ਯਾਦਵਿੰਦਰ ਸਿੰਘ, ਅਤੇ ਹੋਰਾਂ ਵਰਗੀਆਂ ਪ੍ਰਮੁੱਖ ਸ਼ਖਸੀਅਤਾਂ ਦੇ ਨਾਲ। ਅੰਤ ਵਿੱਚ, ਸ਼ਾਖਾ ਪ੍ਰਧਾਨ ਸੰਜੀਵ ਵਰਮਾ ਨੇ ਬਾਂਸਲ ਪਰਿਵਾਰ ਅਤੇ ਮੌਜੂਦ ਸਾਰਿਆਂ ਦਾ ਧੰਨਵਾਦ ਕੀਤਾ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਸ਼ਲੈੱਸ ਐਮਰਜੈਂਸੀ ਦਿਲ ਦੇ ਇਲਾਜ ਨਾਲ ਪੰਜਾਬ ਵਿੱਚ ਬਚ ਰਹੀਆਂ ਹਨ ਅਣਗਿਣਤ ਜਾਨਾਂ, ਸਿਰਫ਼ 5 ਮਹੀਨਿਆਂ ਵਿੱਚ 6,000 ਤੋਂ ਵੱਧ ਕਾਰਡਿਅਕ ਪ੍ਰਕਿਰਿਆਵਾਂ ਕੀਤੀਆਂ

## ਸਮੇਂ ਸਿਰ ਇਲਾਜ ਲਈ ਪੈਸਿਆਂ ਦਾ ਪ੍ਰਬੰਧ ਨਾ ਹੋਣ ਕਰਕੇ ਕੋਈ ਵੀ ਪਰਿਵਾਰ ਹੁਣ ਆਪਣੇ ਪਰਿਵਾਰਕ ਮੈਂਬਰ ਨੂੰ ਨਹੀਂ ਗੁਆਏਗਾ : ਡਾ. ਬਲਬੀਰ ਸਿੰਘ

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜਦੋਂ ਮਲੇਰਕੋਟਲਾ ਦੇ ਰਹਿਣ ਵਾਲੇ ਸ਼ੇਖ ਜ਼ੀਸ਼ਾਨ ਕੁਰੈਸ਼ੀ ਨੂੰ ਦਿਲ ਦੀ ਗੰਭੀਰ ਸਮੱਸਿਆ ਹੋਈ ਤਾਂ ਉਨ੍ਹਾਂ ਨੂੰ ਤੁਰੰਤ ਇਲਾਜ ਦੀ ਲੋੜ ਪਈ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੀ ਪਰਕਿਊਟੇਨਿਅਸ ਟ੍ਰਾਂਸਲਿਊਮਿਨਲ ਕੋਰੋਨਰੀ ਐਂਜਿਓਪਲਾਸਟੀ (ਪੀਟੀਸੀਏ), ਜਿਸਨੂੰ ਆਮ ਤੌਰ 'ਤੇ ਐਂਜਿਓਪਲਾਸਟੀ ਕਿਹਾ ਜਾਂਦਾ ਹੈ, ਦੇ ਨਾਲ ਡਾਇਗਨੋਸਟਿਕ ਐਂਜਿਓਗ੍ਰਾਮ ਕੀਤਾ।

ਪੀਟੀਸੀਏ ਇੱਕ ਜੀਵਨ ਬਚਾਉਣ ਵਾਲੀ ਪ੍ਰਕਿਰਿਆ ਹੈ, ਜਿਸ ਰਾਹੀਂ ਦਿਲ ਦੀਆਂ ਧਮਨੀਆਂ ਵਿੱਚ ਆਈ ਰੁਕਾਵਟ ਨੂੰ ਦੂਰ ਕਰਕੇ ਖੂਨ ਦਾ ਪ੍ਰਵਾਹ ਮੁੜ ਬਹਾਲ ਕੀਤਾ ਜਾਂਦਾ ਹੈ। ਡਾਕਟਰਾਂ ਦੇ ਅਨੁਸਾਰ ਹਾਰਟ ਅਟੈਕ ਦੌਰਾਨ ਹਰ ਮਿੰਟ ਬਹੁਤ ਮਹੱਤਵਪੂਰਨ ਹੁੰਦਾ ਹੈ, ਕਿਉਂਕਿ ਇਲਾਜ ਵਿੱਚ ਦੇਰੀ ਨਾਲ ਦਿਲ ਨੂੰ ਸਥਾਈ ਨੁਕਸਾਨ ਪਹੁੰਚ ਸਕਦਾ ਹੈ ਅਤੇ ਮੌਤ ਦਾ ਖ਼ਤਰਾ ਵੱਧ ਜਾਂਦਾ ਹੈ। ਪਰ ਕਈ ਪਰਿਵਾਰਾਂ ਲਈ ਐਮਰਜੈਂਸੀ ਇਲਾਜ ਲਈ ਤੁਰੰਤ ਪੈਸਿਆਂ ਦਾ ਪ੍ਰਬੰਧ ਕਰਨਾ ਮੁਸ਼ਕਲ ਹੁੰਦਾ ਹੈ, ਜਿਸ ਕਾਰਨ ਇਲਾਜ ਵਿੱਚ ਕਾਫ਼ੀ ਦੇਰੀ ਹੋ ਜਾਂਦੀ ਹੈ।

ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਇਸ ਆਰਥਿਕ ਰੁਕਾਵਟ ਨੂੰ ਦੂਰ ਕਰਦਿਆਂ ਯੋਗ ਪਰਿਵਾਰਾਂ ਨੂੰ ਕੈਸ਼ਲੈੱਸ ਇਲਾਜ ਮੁਹੱਈਆ ਕਰਵਾ ਰਹੀ ਹੈ। ਸ਼ੇਖ ਜ਼ੀਸ਼ਾਨ ਕੁਰੈਸ਼ੀ ਦੇ ਮਾਮਲੇ ਵਿੱਚ 80,320 ਰੁਪਏ ਦੇ ਇਲਾਜ ਦਾ ਸਾਰਾ ਖ਼ਰਚਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਵਰ ਕੀਤਾ ਗਿਆ। ਸ਼ੇਖ ਜ਼ੀਸ਼ਾਨ ਕੁਰੈਸ਼ੀ ਨੇ ਕਿਹਾ, ਮੇਰੇ ਅਤੇ ਮੇਰੇ ਪਰਿਵਾਰ ਲਈ ਇਹ ਬਹੁਤ ਵੱਡੀ ਰਾਹਤ ਸੀ ਕਿ ਮੇਰਾ ਇਲਾਜ ਸਮੇਂ ਸਿਰ ਅਤੇ ਬਿਨਾਂ ਕਿਸੇ ਆਰਥਿਕ ਬੋਝ ਦੇ ਹੋ ਗਿਆ। ਮੁੱਖ ਮੰਤਰੀ ਸਿਹਤ ਯੋਜਨਾ ਨੇ ਪੰਜਾਬ ਭਰ ਦੇ ਲੋਕਾਂ ਲਈ ਐਮਰਜੈਂਸੀ ਸਿਹਤ ਸੇਵਾਵਾਂ ਤੱਕ ਪਹੁੰਚ ਹੋਰ ਆਸਾਨ ਬਣਾ ਦਿੱਤੀ ਹੈ।

ਰਾਜ ਸਿਹਤ ਏਜੰਸੀ (ਐਸਐਚਏ), ਪੰਜਾਬ ਅਨੁਸਾਰ, ਪਿਛਲੇ ਪੰਜ ਮਹੀਨਿਆਂ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 6,000 ਤੋਂ ਵੱਧ ਕਾਰਡਿਅਕ ਪ੍ਰਕਿਰਿਆਵਾਂ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਜ਼ਿਆਦਾਤਰ ਪੀਟੀਸੀਏ ਪ੍ਰਕਿਰਿਆਵਾਂ ਸ਼ਾਮਲ ਹਨ, ਜਿਸ ਨਾਲ ਮਰੀਜ਼ਾਂ ਨੂੰ ਹਸਪਤਾਲ ਦੇ ਖ਼ਰਚ ਦੀ ਚਿੰਤਾ ਤੋਂ ਬਿਨਾਂ ਤੁਰੰਤ ਇਲਾਜ ਮਿਲ ਸਕਿਆ। ਡਾਇਗਨੋਸਟਿਕ ਐਂਜਿਓਗ੍ਰਾਮ ਸਮੇਤ ਪੀਟੀਸੀਏ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 64.82 ਕਰੋੜ ਰੁਪਏ ਦੇ ਖ਼ਰਚ ਨਾਲ ਦੂਜੀ ਸਭ ਤੋਂ ਵੱਧ ਖ਼ਰਚ ਵਾਲੀ ਇਲਾਜ ਸ਼੍ਰੇਣੀ ਹੈ, ਜੋ ਸਿਰਫ਼ ਗੋਡੇ ਬਦਲਣ (ਨੀ ਰਿਪਲੇਸਮੈਂਟ) ਤੋਂ ਬਾਅਦ ਆਉਂਦੀ ਹੈ। ਇਸ ਇਲਾਜ ਦਾ ਲਾਭ ਹੁਣ ਤੱਕ ਪੰਜਾਬ ਦੇ 6,138 ਮਰੀਜ਼ਾਂ



ਨੂੰ ਮਿਲਿਆ ਹੈ ਅਤੇ ਮਰੀਜ਼ਾਂ ਦੀ ਗਿਣਤੀ ਦੇ ਆਧਾਰ 'ਤੇ ਇਹ ਯੋਜਨਾ ਵਿੱਚ ਛੇਵੇਂ ਸਥਾਨ 'ਤੇ ਹੈ। ਪ੍ਰਤੀ ਮਾਮਲਾ ਔਸਤ ਇਲਾਜ ਲਾਗਤ 1,05,611 ਰੁਪਏ (ਲਗਭਗ 1.06 ਲੱਖ ਰੁਪਏ) ਰਹੀ ਹੈ। ਹਾਲਾਂਕਿ, ਹਰ ਮਰੀਜ਼ ਦੀ ਸਥਿਤੀ ਅਨੁਸਾਰ ਇਲਾਜ ਦੀ ਲਾਗਤ ਵੱਖ-ਵੱਖ ਹੋ ਸਕਦੀ ਹੈ।

ਹਾਰਟ ਅਟੈਕ ਦੌਰਾਨ ਪੀਟੀਸੀਏ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਜੀਵਨ ਬਚਾਉਣ ਵਾਲਾ ਇਲਾਜ ਹੈ, ਜਿਸ ਨੂੰ ਸਮੇਂ ਸਿਰ ਕਰਨਾ ਮਰੀਜ਼ ਦੀ ਜਾਨ ਬਚਾਉਣ ਲਈ ਬੇਹੱਦ ਜ਼ਰੂਰੀ ਹੁੰਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਉਪਲੱਬਧ ਕੈਸ਼ਲੈੱਸ ਸਹੂਲਤ ਸਦਕਾ ਹਸਪਤਾਲ ਆਰਥਿਕ ਰਸਮੀ ਕਾਰਵਾਈਆਂ ਦੀ ਉਡੀਕ ਕੀਤੇ ਬਿਨਾਂ ਤੁਰੰਤ ਇਲਾਜ ਸ਼ੁਰੂ ਕਰ ਸਕਦੇ ਹਨ।

ਇਸੇ ਤਰ੍ਹਾਂ ਗੁਰਦਾਸਪੁਰ ਜ਼ਿਲ੍ਹੇ ਦੀ 60 ਸਾਲਾ ਹਰਜਿੰਦਰ ਕੌਰ ਨੇ ਵੀ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲਿਆ। ਅੰਮ੍ਰਿਤਸਰ ਦੇ ਮਹਾਜਨ ਹਸਪਤਾਲ ਵਿੱਚ ਉਨ੍ਹਾਂ ਦੀ ਪੀਟੀਸੀਏ, ਡਾਇਗਨੋਸਟਿਕ ਐਂਜਿਓਗ੍ਰਾਮ ਅਤੇ ਅਸਥਾਈ ਪੇਸਮੇਕਰ ਇੰਪਲਾਂਟੇਸ਼ਨ ਕੀਤਾ ਗਿਆ। ਉਨ੍ਹਾਂ ਦੇ ਪੁੱਤਰ ਗੁਰਮੀਤ ਸਿੰਘ, ਜੋ ਇੱਕ ਕਿਸਾਨ ਹਨ, ਨੇ ਦੱਸਿਆ ਕਿ ਉਹ ਆਪਣੇ ਪੱਧਰ 'ਤੇ ਇਸ ਇਲਾਜ ਦਾ ਖ਼ਰਚ ਨਹੀਂ ਝੱਲ ਸਕਦੇ ਸਨ। ਉਨ੍ਹਾਂ ਕਿਹਾ, ਜੇ ਸਿਹਤ ਕਾਰਡ ਨਾ ਹੁੰਦਾ ਤਾਂ ਮੈਂ ਆਪਣੀ ਮਾਂ ਦਾ ਇਲਾਜ ਨਹੀਂ ਕਰਵਾ ਸਕਦਾ ਸੀ। ਇਲਾਜ ਦਾ ਖ਼ਰਚ ਸਾਡੀ ਸਮਰੱਥਾ ਤੋਂ ਬਾਹਰ ਸੀ। ਅੱਜ ਮੇਰੀ ਮਾਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਬਦੌਲਤ ਠੀਕ ਹੋ ਰਹੀ ਹੈ। ਸਰਕਾਰੀ ਮੈਡੀਕਲ ਕਾਲਜ ਅਤੇ ਰਾਜਿੰਦਰਾ ਹਸਪਤਾਲ, ਪਟਿਆਲਾ ਦੇ ਕਾਰਡੀਓਲੋਜੀ ਵਿਭਾਗ ਦੇ ਐਸੋਸੀਏਟ ਪ੍ਰੋਫੈਸਰ ਅਤੇ ਮੁਖੀ ਡਾ. ਸੌਰਭ ਸ਼ਰਮਾ ਨੇ ਕਿਹਾ ਕਿ ਪੀਟੀਸੀਏ ਹਾਰਟ ਅਟੈਕ ਦੇ ਮਰੀਜ਼ਾਂ ਲਈ ਸਭ ਤੋਂ ਮਹੱਤਵਪੂਰਨ ਐਮਰਜੈਂਸੀ ਇਲਾਜਾਂ ਵਿੱਚੋਂ ਇੱਕ ਹੈ। ਉਨ੍ਹਾਂ ਕਿਹਾ, ਇਲਾਜ ਵਿੱਚ ਹਰ ਮਿੰਟ ਦੀ ਦੇਰੀ ਨਾਲ ਦਿਲ ਨੂੰ ਸਥਾਈ ਨੁਕਸਾਨ ਪਹੁੰਚਣ ਦਾ ਖ਼ਤਰਾ ਵੱਧ ਜਾਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਸ਼ਲੈੱਸ ਇਲਾਜ ਉਪਲੱਬਧ ਹੋਣ ਕਾਰਨ ਡਾਕਟਰ ਪਰਿਵਾਰ ਵੱਲੋਂ ਪੈਸਿਆਂ ਦਾ ਪ੍ਰਬੰਧ ਕਰਨ ਦੀ ਉਡੀਕ ਕੀਤੇ ਬਿਨਾਂ ਤੁਰੰਤ ਇਲਾਜ ਸ਼ੁਰੂ ਕਰ ਸਕਦੇ ਹਨ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਯੋਜਨਾ ਪੰਜਾਬ ਭਰ ਵਿੱਚ ਐਮਰਜੈਂਸੀ ਦਿਲ ਦੇ ਇਲਾਜ ਤੱਕ ਲੋਕਾਂ ਦੀ ਪਹੁੰਚ ਨੂੰ ਬਿਹਤਰ ਬਣਾ ਰਹੀ ਹੈ। ਉਨ੍ਹਾਂ ਕਿਹਾ, ਕੈਸ਼ਲੈੱਸ ਇਲਾਜ ਦੀ ਸਹੂਲਤ ਨਾਲ ਮੈਡੀਕਲ ਐਮਰਜੈਂਸੀ ਦੌਰਾਨ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਹਿਚਕਚਾਹਟ ਘੱਟ ਹੋਈ ਹੈ। ਹੁਣ ਵੱਧ ਤੋਂ ਵੱਧ ਲੋਕ ਸਮੇਂ ਸਿਰ ਹਸਪਤਾਲ ਪਹੁੰਚ ਰਹੇ ਹਨ ਅਤੇ ਡਾਕਟਰ ਬਿਨਾਂ ਕਿਸੇ ਆਰਥਿਕ ਦੇਰੀ ਦੇ ਤੁਰੰਤ ਇਲਾਜ ਸ਼ੁਰੂ ਕਰ ਸਕਦੇ ਹਨ। ਇਸ ਨਾਲ ਜਾਨਾਂ ਬਚਾਉਣ ਵਿੱਚ ਮਦਦ ਮਿਲ ਰਹੀ ਹੈ। ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵਧ ਰਹੀਆਂ ਕਾਰਡਿਅਕ ਪ੍ਰਕਿਰਿਆਵਾਂ ਦੀ ਗਿਣਤੀ ਇਸ ਗੱਲ ਦਾ ਸਬੂਤ ਹੈ ਕਿ ਲੋਕਾਂ ਵਿੱਚ ਯੋਜਨਾ ਪ੍ਰਤੀ ਜਾਗਰੂਕਤਾ ਵਧੀ ਹੈ ਅਤੇ ਸਰਕਾਰ ਵੱਲੋਂ ਸਮਰਥਿਤ ਸਿਹਤ ਸੇਵਾਵਾਂ ਉੱਤੇ ਉਨ੍ਹਾਂ ਦਾ ਭਰੋਸਾ ਮਜ਼ਬੂਤ ਹੋਇਆ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਪਰਿਵਾਰਾਂ ਨੂੰ ਕੈਸ਼ਲੈੱਸ ਇਲਾਜ ਦੀ ਸਹੂਲਤ ਦਿੱਤੀ ਜਾਂਦੀ ਹੈ, ਜਿਸ ਵਿੱਚ ਅਤਿ ਆਧੁਨਿਕ ਢੰਗ ਨਾਲ ਦਿਲ ਦੇ ਇਲਾਜ ਸਮੇਤ ਕਈ ਤਰ੍ਹਾਂ ਦੀਆਂ ਮੈਡੀਕਲ ਸੇਵਾਵਾਂ ਸ਼ਾਮਲ ਹਨ।

# ਦਲਿਤ ਪਰਿਵਾਰ ਨਾਲ ਕੁੱਟਮਾਰ ਅਤੇ ਮੂਰਤੀਆਂ ਦੀ ਬੇਅਦਬੀ ਕਰਨ ਵਾਲਿਆਂ ਤੇ ਸਖ਼ਤ ਕਾਰਵਾਈ ਸਬੰਧੀ ਭਾਵਾਧਾਸ ਨੇ ਐਸ.ਐਸ.ਪੀ ਦੇ ਨਾਮ ਸੌਂਪਿਆ ਮੰਗ ਪੱਤਰ



**ਪਟਿਆਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨੌਰੀ ਅੱਡੇ ਨਜ਼ਦੀਕ ਗੋਪਾਲ ਕਲੋਨੀ ਵਿਖੇ ਬੀਤੇ ਕੁਝ ਦਿਨ ਪਹਿਲਾਂ ਹੀ ਕੁਝ ਮੁਸਲਿਮ ਭਾਈਚਾਰੇ ਨਾਲ ਸਬੰਧਤ ਬਹੁ ਗਿਣਤੀ ਨੌਜਵਾਨਾਂ ਵੱਲੋਂ ਇੱਕ ਗ਼ਰੀਬ ਦਲਿਤ ਅਤੇ ਹਿੰਦੂ ਪਰਿਵਾਰਾਂ ਨਾਲ ਹਥਿਆਰਾਂ ਨਾਲ ਕੁੱਟਮਾਰ ਕਰ ਉਨ੍ਹਾਂ ਨੂੰ ਗੰਭੀਰ ਰੂਪ ਵਿੱਚ ਜਖ਼ਮੀ ਕਰ ਅਤੇ ਉਨ੍ਹਾਂ ਦੀ ਰੋਜਾਨਾ ਪੂਜਾ ਕਰਨ ਯੋਗ ਸ਼੍ਰੀ ਖਾਟੂ ਸ਼ਿਆਮ ਮੂਰਤੀ ਅਤੇ ਭਗਵਾਨ ਵਾਲਮੀਕਿ ਮੂਰਤੀ ਦੀ ਭੰਨ ਤੋੜ ਕਰਨ ਵਾਲਿਆਂ ਦੋਸ਼ੀਆਂ ਤੇ ਸਖ਼ਤ ਕਾਰਵਾਈ ਨੂੰ ਲੈ ਕੇ ਭਾਰਤੀਯ ਵਾਲਮੀਕਿ ਧਰਮ ਸਮਾਜ ਦੇ ਰਾਸ਼ਟਰੀ ਸਲਾਹਕਾਰ ਵੀਰ ਪ੍ਰੇਮ ਖੋੜਾ ਦੀ ਅਗਵਾਈ ਵਿੱਚ ਪੀੜਤ ਪਰਿਵਾਰਾਂ ਨੂੰ ਨਾਲ ਲੈ ਕੇ ਐਸ.ਐਸ.ਪੀ. ਸਾਹਿਬ ਦੇ ਨਾਮ ਤੇ ਇੱਕ ਮੰਗ ਪੱਤਰ ਸੌਂਪਿਆ ਗਿਆ। ਜਿਸ ਵਿੱਚ ਵੀਰ ਪ੍ਰੇਮ ਖੋੜਾ ਨੇ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਕਿਹਾ ਕਿ ਹਿੰਦੂ ਅਤੇ ਐਸ.ਸੀ ਸਮਾਜ ਵਿਰੋਧੀ ਕੁਝ ਅਨਸਰ ਗੁਲਾਜਰ, ਗੁਲਬਹਾਰ, ਸਮੀਰ ਦਾਨਿਸ਼, ਰੋਹਿਤ ਅਇਆਨ ਅਤੇ ਸਾਥੀਆਂ ਵਲੋਂ ਅਮਨ ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਦੇ ਇਰਾਦੇ ਨਾਲ ਸਾਜਿਸ਼ ਰੱਚਕੇ ਹਥਿਆਰਾਂ ਦੇ ਜੋਰ ਤੇ ਇਲਾਕੇ ਦੇ ਘੱਟ ਗਿਣਤੀ ਹਿੰਦੂ ਅਤੇ ਵਾਲਮੀਕਿ ਸਮਾਜ ਦੇ ਲੋਕਾਂ ਨੂੰ ਡਰਾ ਧਮਕਾ ਕੇ ਕੁੱਟ ਮਾਰ ਕਰ ਘਰਾਂ ਅੰਦਰ ਵੜ ਕੇ ਘਰ ਵਿੱਚ ਸਥਾਪਤ ਪੂਜਾ ਕਰਨ ਵਾਲੇ ਮੰਦਿਰ ਦੀਆਂ ਖਾਟੂ ਸ਼ਿਆਮ, ਭਗਵਾਨ ਵਾਲਮੀਕਿ ਦੀਆਂ ਮੂਰਤੀਆਂ ਨੂੰ ਤੋੜਿਆ ਗਿਆ, ਜਿਸ ਨਾਲ ਹਿੰਦੂ ਅਤੇ ਵਾਲਮੀਕਿ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਗਈ ਹੈ। ਉਕਤ ਸਮਾਜ ਵਿਰੋਧੀ ਅਨੁਸੂਚਿਤ ਜਾਤੀ ਨਾਲ ਸਬੰਧਤ ਹੋਣ ਕਾਰਨ ਇਨ੍ਹਾਂ ਨਾਲ ਬੇਵਜ੍ਹਾ ਰੰਜਿਸ ਰੱਖਦੇ ਹਨ ਅਤੇ ਹਰ ਸਮੇਂ ਧਰਮ ਅਤੇ ਜਾਤੀ ਪ੍ਰਤੀ ਮਾੜੇ ਅਪਸ਼ਬਦ ਬੋਲਦੇ ਹੋਏ ਪਰਿਵਾਰਾਂ ਨੂੰ ਧਮਕੀਆਂ ਦਿੰਦੇ ਹਨ। ਜਦੋਂ ਇਨ੍ਹਾਂ ਦਾ ਵਿਰੋਧ ਕੀਤਾ ਤਾਂ ਉਕਤਾਨ ਦੋਸ਼ੀਆਨ ਨੇ ਇਲਾਕੇ ਵਿੱਚ ਭਾਰੀ ਇਕੱਠ ਕੀਤਾ ਅਤੇ ਹਿੰਦੂ ਅਤੇ ਅਨੁਸੂਚਿਤ ਜਾਤੀ ਦੇ ਲੋਕਾਂ ਪ੍ਰਤੀ ਨਫ਼ਰਤ ਭਰਿਆ ਭਾਸ਼ਣ ਦੇ ਕੇ ਉਹਨਾਂ ਨੂੰ ਭੜਕਾਇਆ ਅਤੇ ਘਰ ਵਿੱਚ ਵੜਕੇ ਹਮਲਾ ਕੀਤਾ।

ਸਾਰੇ ਪਰਿਵਾਰ ਸਮੇਤ ਘਰ ਦੀ ਗਰਭਵਤੀ ਲੜਕੀ ਦੀ ਵੀ ਮਾਰ ਕੁੱਟ ਕੀਤੀ। ਉਨ੍ਹਾਂ ਦੋਸ਼ੀਆਂ ਦੇ ਤੁਰੰਤ ਕਾਰਵਾਈ ਦੀ ਮੰਗ ਕੀਤੀ। ਇਸ ਮੌਕੇ ਵੀਰ ਰਜਿੰਦਰ ਵੈਦ, ਰਾਹੁਲ ਬਡੂੰਗਰ, ਦੀਪਕ ਕੁਮਾਰ ਵਾਲਮੀਕਿ, ਵਰੁਣ, ਲਕਸ਼ੈ, ਮੁਕੱਦਰ, ਡੈਨੀ ਅਤੇ ਲਕਸ਼ਮੀ, ਕਾਜਲ, ਲਕਸ਼ਮੀ ਦੇਵੀ, ਸੰਜਨਾ, ਛੋਟੇ ਲਾਲ, ਅੰਸੂ ਆਦਿ ਪੀੜਤ ਪਰਿਵਾਰ ਦੀ ਐਸ.ਐਸ.ਪੀ ਦਫ਼ਤਰ ਵਿਖੇ ਹਾਜਰ ਸਨ।

# ਰੋਟਰੀ ਕਲੱਬ ਨੇ ਗਾਜ਼ੀਪੁਰ ਗਊਸ਼ਾਲਾ ਵਿਖੇ ਗਊਆਂ ਨੂੰ ਗੁੜ ਤੇ ਹਰਾ-ਚਾਰਾ ਪਾਇਆ



**ਸਮਾਣਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਸਮਾਣਾ ਦੇ ਪ੍ਰਧਾਨ ਅਰੁਣ ਬਾਂਸਲ, ਸੈਕਟਰੀ ਸੁਮਿਤ ਗੋਇਲ ਅਤੇ ਕੈਸ਼ੀਅਰ ਗੌਰਵ ਜਿੰਦਲ ਦੀ ਅਗਵਾਈ ਵਿੱਚ ਗਾਜ਼ੀਪੁਰ ਗਊਸ਼ਾਲਾ ਸਮਾਣਾ ਵਿਖੇ ਗਊਆਂ ਨੂੰ ਗੁੜ ਅਤੇ ਹਰਾ ਚਾਰਾ ਪਾਉਣ ਦੇ ਸੇਵਾ ਪ੍ਰੋਜੈਕਟ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਸੇਵਾ ਕਾਰਜ ਵਿੱਚ ਕਲੱਬ ਦੇ ਮੈਂਬਰਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਗਊ ਮਾਤਾ ਦੀ ਸੇਵਾ ਕਰਕੇ ਪੁੰਨ ਕਮਾਇਆ। ਇਸ ਮੌਕੇ ਹਾਜ਼ਰ ਗੋਇਲ, ਅਮਿਤ ਗਰਗ ਗੁਰਦਾਸ, ਬਲਜਿੰਦਰ ਮੱਦਗਿਲ ਅਤੇ ਮੋਨਕੁਸ਼ ਕਲੱਬ ਮੈਂਬਰਾਂ ਵਿੱਚ ਜੀ. ਸੀ. ਸਕਾਰਾਤਮਕ ਸੰਦੇਸ਼ ਦਿੰਦੇ ਹਨ।

ਅਗਰਵਾਲ ਆਦਿ ਮੈਂਬਰ ਸ਼ਾਮਲ ਸਨ। ਇਸ ਮੌਕੇ ਕਲੱਬ ਦੇ ਪ੍ਰਧਾਨ ਅਰੁਣ ਬੰਸਲ ਨੇ ਕਿਹਾ ਕਿ ਗਊ ਸੇਵਾ ਭਾਰਤੀ ਸੰਸਕ੍ਰਿਤੀ ਦਾ ਇੱਕ ਅਹਿਮ ਹਿੱਸਾ ਹੈ।

# ਸਮਰ ਫੈਸਟੀਵਲ ਵਿੱਚ ਬੱਚਿਆਂ ਨੇ ਖੇਡਾਂ ਖੇਡ ਕੇ ਸਿੱਖੀ ਚੰਗੀਆਂ ਆਦਤਾਂ ਦੀ ਸ਼ਕਤੀ



**ਪਟਿਆਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਤਿਆਗੀ ਜੀ ਮੰਦਰ ਹਾਲ ਵਿਖੇ 'ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ' ਪਟਿਆਲਾ ਵੱਲੋਂ ਕਰਵਾਏ ਜਾ ਰਹੇ ਸਮਰ ਉਤਸਵ ਦੇ ਦੂਜੇ ਦਿਨ ਦੇ ਵਿਸ਼ੇਸ਼ ਸੈਸ਼ਨ ਦੌਰਾਨ 6 ਤੋਂ 10 ਸਾਲ ਦੇ ਬੱਚਿਆਂ ਨੇ ਮਜ਼ੇਦਾਰ ਖੇਡਾਂ, ਦਿਲਚਸਪ ਗਤੀਵਿਧੀਆਂ, ਪ੍ਰੇਰਣਾਦਾਇਕ ਕਹਾਣੀਆਂ ਅਤੇ ਆਕਰਸ਼ਕ ਦ੍ਰਿਸ਼ਾਂ ਰਾਹੀਂ ਸੂਖਮ ਆਦਤਾਂ (ਛੋਟੀਆਂ ਚੰਗੀਆਂ ਆਦਤਾਂ) ਦੀ ਸ਼ਕਤੀ ਨੂੰ ਸਮਝਿਆ। ਪ੍ਰੋਗਰਾਮ ਦਾ ਉਦੇਸ਼ ਬੱਚਿਆਂ ਨੂੰ ਸਿੱਖਣ ਦੇ ਨਾਲ-ਨਾਲ ਆਨੰਦਦਾਇਕ ਅਨੁਭਵ ਪ੍ਰਦਾਨ ਕਰਨਾ ਸੀ, ਤਾਂ ਜੋ ਉਹ ਖੇਡ ਰਾਹੀਂ ਜੀਵਨ ਦੀਆਂ ਮਹੱਤਵਪੂਰਨ ਕਦਰਾਂ-ਕੀਮਤਾਂ ਨੂੰ ਗ੍ਰਹਿਣ ਕਰ ਸਕਣ।

ਸੰਸਥਾਨ ਦੇ ਸੰਸਥਾਪਕ ਅਤੇ ਨਿਰਦੇਸ਼ਕ ਦਿਵ ਗੁਰੂ ਸ਼੍ਰੀ ਆਸ਼ੁਤੋਸ਼ ਮਹਾਰਾਜ ਜੀ' ਦੀ ਸ਼ਿਸ਼ ਸਾਧਵੀ ਰਾਜਵਿੰਦਰ ਭਾਰਤੀ ਜੀ ਨੇ ਵੱਖ-ਵੱਖ ਮਨੋਰੰਜਕ ਖੇਡਾਂ, ਟੀਮ ਗਤੀਵਿਧੀਆਂ ਅਤੇ ਭਾਗੀਦਾਰੀ ਅਭਿਆਸਾਂ ਰਾਹੀਂ ਬੱਚਿਆਂ ਨੂੰ ਚੰਗੀਆਂ ਆਦਤਾਂ ਜਿਵੇਂ ਕਿ ਸੱਚ ਬੋਲਣਾ, ਸਾਫ਼-ਸਫ਼ਾਈ ਰੱਖਣਾ, ਲੋੜਵੰਦਾਂ ਦੀ ਮਦਦ ਕਰਨਾ, ਮਾਤਾ-ਪਿਤਾ ਅਤੇ ਬਜ਼ੁਰਗਾਂ ਦਾ ਸਤਿਕਾਰ ਕਰਨਾ, ਨਿਯਮਿਤ ਤੌਰ 'ਤੇ ਪ੍ਰਾਰਥਨਾ ਕਰਨੀ, ਵਾਤਾਵਰਣ ਦੀ ਸੁਰੱਖਿਆ ਲਈ ਆਪਣੇ ਆਪ ਨੂੰ ਸੰਭਾਲਣ ਲਈ ਜਾਗਰੂਕ ਹੋਣਾ, ਸਮੇਂ ਦੀ ਪਾਬੰਦਤਾ, ਧੰਨਵਾਦ ਪ੍ਰਗਟ ਕਰਨਾ ਅਤੇ ਸਕਾਰਾਤਮਕ ਸੋਚ ਵਿਕਸਿਤ ਕਰਨਾ। ਦੀ ਮਹੱਤਤਾ ਤੋਂ ਜਾਣੂ ਕਰਵਾਇਆ ਗਿਆ।

ਪ੍ਰੋਗਰਾਮ ਦਾ ਵਿਸ਼ੇਸ਼ ਆਕਰਸ਼ਣ 'ਪਤੰਗ ਅਤੇ ਡੋਰੀ' ਦੀ ਪ੍ਰੇਰਣਾਦਾਇਕ ਕਹਾਣੀ ਸੀ। ਇਸ ਕਹਾਣੀ ਰਾਹੀਂ ਬੱਚਿਆਂ ਨੂੰ ਸਰਲ ਅਤੇ ਭਾਵਪੂਰਤ ਢੰਗ ਨਾਲ ਸਮਝਾਇਆ ਗਿਆ ਕਿ ਜਿਸ ਤਰ੍ਹਾਂ ਪਤੰਗ ਮਹਿਸੂਸ ਕਰਦੀ ਹੈ ਕਿ ਇੱਕ ਡੋਰ ਉਸ ਨੂੰ ਬੰਨ੍ਹੀ ਰੱਖਦੀ ਹੈ, ਅਸਲ ਵਿੱਚ ਇਹੀ ਡੋਰ ਉਸ ਨੂੰ ਅਸਮਾਨ ਦੀਆਂ ਉਚਾਈਆਂ ਤੱਕ ਲੈ ਜਾਂਦੀ ਹੈ, ਉਸੇ ਤਰ੍ਹਾਂ ਮਾਪਿਆਂ ਦਾ ਮਾਰਗਦਰਸ਼ਨ, ਅਨੁਸ਼ਾਸਨ ਅਤੇ ਸਿੱਖਿਆ ਬੱਚਿਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਦਾ ਬਲ ਪ੍ਰਦਾਨ ਕਰਦੀ ਹੈ। ਬੱਚਿਆਂ ਨੇ ਇਸ ਕਹਾਣੀ ਨੂੰ ਬੜੇ ਚਾਅ ਨਾਲ ਸੁਣਿਆ ਅਤੇ ਆਪਣੇ ਮਾਤਾ-ਪਿਤਾ ਦਾ ਸਤਿਕਾਰ ਕਰਨ ਅਤੇ ਉਨ੍ਹਾਂ ਦਾ ਕਹਿਣਾ ਮੰਨਣ ਦਾ ਪ੍ਰਣ ਲਿਆ। ਧਵੀ ਜੀ ਨੇ ਕਿਹਾ ਕਿ ਬਚਪਨ ਵਿੱਚ ਪੈਦਾ ਹੋਈਆਂ ਛੋਟੀਆਂ ਸਕਾਰਾਤਮਕ ਆਦਤਾਂ ਬੱਚਿਆਂ ਦੇ ਸ਼ਖਸੀਅਤ ਦੇ ਵਿਕਾਸ, ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ, ਸਵੈ-ਵਿਸ਼ਵਾਸ ਅਤੇ ਭਵਿੱਖ ਵਿੱਚ ਜ਼ਿੰਮੇਵਾਰ ਨਾਗਰਿਕ ਬਣਨ ਦੀ ਮਜ਼ਬੂਤ ? ?ਨੀਂਹ ਰੱਖਦੀਆਂ ਹਨ। ਪ੍ਰੋਗਰਾਮ ਦੌਰਾਨ ਬੱਚਿਆਂ ਨੇ ਪੂਰੇ ਉਤਸ਼ਾਹ ਅਤੇ ਸਰਗਰਮੀ ਨਾਲ ਭਾਗ ਲਿਆ ਅਤੇ ਸਿੱਖਿਆ ਅਤੇ ਮਨੋਰੰਜਨ ਦਾ ਭਰਪੂਰ ਆਨੰਦ ਲਿਆ।

# ਡਾ. ਬਲਬੀਰ ਸਿੰਘ ਨੇ ਬਜ਼ੁਰਗ ਸ਼ਰਧਾਲੂਆਂ ਨੂੰ ਤੀਰਥ ਯਾਤਰਾ ਲਈ ਕੀਤਾ ਰਵਾਨਾ



**ਪਟਿਆਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਗੁਰੂਦੁਆਰਾ ਅਮਨ ਵਿਹਾਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਨਾਲ ਭਰੀਆਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋ ਰਹੇ ਬਜ਼ੁਰਗਾਂ ਦੇ ਚਿਹਰਿਆਂ 'ਤੇ ਖੁਸ਼ੀ, ਸੰਤੁਸ਼ਟੀ ਅਤੇ ਸ਼ਰਧਾ ਦੇ ਭਾਵ ਦੇਖ ਕੇ ਮਨ ਨੂੰ ਬਹੁਤ ਸਕੂਨ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਹਰ ਬਜ਼ੁਰਗ ਆਪਣੇ ਮਨਪਸੰਦ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦੀ ਇੱਛਾ ਆਸਾਨੀ ਨਾਲ ਪੂਰੀ ਕਰ ਸਕੇ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੀਆਂ ਦੁਆਵਾਂ ਹੀ ਸਰਕਾਰ ਦੀ ਸਭ ਤੋਂ ਵੱਡੀ ਤਾਕਤ ਹਨ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਣਗੇ। ਇਸ ਤੋਂ ਇਲਾਵਾ ਯਾਤਰੀਆਂ ਨੂੰ ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਅਤੇ ਵਾਹਘਾ ਬਾਰਡਰ ਸਮੇਤ ਅੰਮ੍ਰਿਤਸਰ ਦੇ ਹੋਰ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਵੀ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਪੰਜਾਬ ਸਰਕਾਰ ਬਜ਼ੁਰਗਾਂ ਅਤੇ ਸ਼ਰਧਾਲੂਆਂ ਦੀਆਂ ਭਾਵਨਾਵਾਂ ਦਾ ਸਨਮਾਨ ਕਰ ਰਹੀ ਹੈ।

# ਸਰਹੱਦ 'ਤੇ ਨਵੀਂ ਲਕੀਰ ਪੰਜਾਬ ਦੇ ਲੋਕਾਂ ਨਾਲ ਧੱਕਾ, ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਾਂਗੇ: ਅਜੇਪਾਲ ਸਿੰਘ ਬਰਾੜ



**ਫਾਜ਼ਿਲਕਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਿਸਲ ਸਤਲੁਜ ਜਥੇਬੰਦੀ ਦੇ ਪ੍ਰਧਾਨ ਸਰਦਾਰ ਅਜੇ ਪਾਲ ਸਿੰਘ ਬਰਾੜ ਨੇ ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ ਬਾਰਡਰ ਸੁਰੱਖਿਆ ਦੇ ਨਾਂ 'ਤੇ ਬਣਾਏ ਜਾ ਰਹੇ ਨਵੇਂ ਬੰਨ੍ਹ ਅਤੇ ਲਕੀਰ ਦਾ ਤਿੱਖਾ ਵਿਰੋਧ ਕਰਦਿਆਂ ਕਿਹਾ ਕਿ ਪੰਜਾਬ ਪਹਿਲਾਂ ਹੀ 1947 ਦੀ ਵੰਡ ਦੇ ਡੂੰਘੇ ਜ਼ਖ਼ਮ ਸਹਿ ਰਿਹਾ ਹੈ, ਪਰ ਹੁਣ ਸਰਹੱਦ ਤੋਂ ਦੋ ਤੋਂ ਢਾਈ ਕਿਲੋਮੀਟਰ ਅੰਦਰ ਇੱਕ ਹੋਰ ਲਕੀਰ ਖਿੱਚ ਕੇ ਸਰਹੱਦੀ ਲੋਕਾਂ ਨਾਲ ਨਵਾਂ ਧੱਕਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਕਰੀਬ ਸਵਾ ਕਿਲੋਮੀਟਰ ਚੌੜਾ ਅਤੇ ਲਗਭਗ 30 ਫੁੱਟ ਉੱਚਾ ਬੰਨ੍ਹ ਬਣਨ ਨਾਲ ਕੇਵਲ ਫਾਜ਼ਿਲਕਾ ਜ਼ਿਲ੍ਹੇ ਦੇ ਹੀ 20 ਤੋਂ 22 ਪਿੰਡ ਇਸ ਦੇ ਪਾਰ ਰਹਿ ਜਾਣਗੇ। ਇਸ ਨਾਲ ਨਾ ਸਿਰਫ਼ ਲੋਕਾਂ ਦੀ ਆਵਾਜਾਈ ਪ੍ਰਭਾਵਿਤ ਹੋਵੇਗੀ, ਸਗੋਂ ਹੜ੍ਹਾਂ ਜਾਂ ਕਿਸੇ ਵੀ ਹੰਗਾਮੀ ਸਥਿਤੀ ਵਿੱਚ ਉਸ ਇਲਾਕੇ ਦੇ ਵਸਨੀਕਾਂ ਦੀ ਜਾਨ-ਮਾਲ ਦੀ ਸੁਰੱਖਿਆ ਵੀ ਬਹੁਤ ਸੰਕਟ ਵਿੱਚ ਪੈ ਜਾਵੇਗੀ।

ਸਰਦਾਰ ਬਰਾੜ ਨੇ ਕਿਹਾ ਕਿ ਸਰਹੱਦੀ ਵਸਨੀਕਾਂ ਦੀਆਂ ਭਾਵਨਾਵਾਂ ਅਤੇ ਜੀਵਨ ਨਾਲ ਜੁੜੇ ਮੁੱਦਿਆਂ ਨੂੰ ਨਜ਼ਰਅੰਦਾਜ਼ ਕਰਕੇ ਕੋਈ ਵੀ ਫ਼ੈਸਲਾ ਥੋਪਣਾ ਲੋਕਤੰਤਰਿਕ ਕਦਰਾਂ-ਕੀਮਤਾਂ ਦੇ ਵਿਰੁਧ ਹੈ। ਉਨ੍ਹਾਂ ਕੇਂਦਰ ਅਤੇ ਸਬੰਧਤ ਵਿਭਾਗਾਂ ਨੂੰ ਅਪੀਲ ਕੀਤੀ ਹੈ ਕਿ ਸਰਹੱਦੀ ਲੋਕਾਂ ਦੀ ਸਹਿਮਤੀ ਤੋਂ ਬਿਨਾਂ ਅਜਿਹੀ ਕੋਈ ਵੀ ਯੋਜਨਾ ਲਾਗੂ ਨਾ ਕੀਤੀ ਜਾਵੇ।

ਉਨ੍ਹਾਂ ਦੱਸਿਆ ਕਿ ਇਲਾਕੇ ਦੇ ਲੋਕਾਂ ਨੇ ਪਿੰਡ ਨੂਰਸ਼ਾਹ ਸਥਿਤ ਗੁਰਦੁਆਰਾ ਚੜ੍ਹਦੀ ਕਲਾ ਵਿਖੇ ਅਰਦਾਸ ਉਪਰੰਤ ਮਿਸਲ ਸਤਲੁਜ ਵੱਲੋਂਚੜ੍ਹਦੀ ਕਲਾ ਰੈਲੀ ਕੀਤੀ ਜਾਣੀ ਹੈ । ਇਸ ਮੌਕੇ ਮਿਸਲ ਸਤਲੁਜ ਜਥੇਬੰਦੀ ਵੱਲੋਂ ਚੜ੍ਹਦੀ ਕਲਾ ਰੈਲੀ ਵਿੱਚ ਸ਼ਮੂਲੀਅਤ ਕਰਦਿਆਂ ਹਰ ਸੰਭਵ ਸਹਿਯੋਗ ਅਤੇ ਸੰਘਰਸ਼ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹਿਣ ਦਾ ਭਰੋਸਾ ਦਿੱਤਾ ਗਿਆ।

ਇਸ ਮੌਕੇ ਪੂਰਾ ਪੰਜਾਬ ਲਹਿਰ ਦੇ ਕੌਮੀ ਕਨਵੀਨਰ ਅਮਰਿੰਦਰ ਸਿੰਘ ਤੁੜ, ਮਿਸਲ ਸਤਲੁਜ ਜਥੇਬੰਦੀ ਦੇ ਜਨਰਲ ਸਕੱਤਰ ਦਵਿੰਦਰ ਸਿੰਘ ਸੇਖੋਂ, ਗੁਰਬੀਰ ਸਿੰਘ ਬੱਬੂ ਖੋਸਾ, ਜ਼ਿਲ੍ਹਾ ਜਥੇਦਾਰ ਗੁਰਲਾਲ ਸਿੰਘ ਖਾਲਸਾ, ਹਲਕਾ ਇੰਚਾਰਜ ਅੰਕੁਸ਼ ਸਿੰਘ ਕੰਬੋਜ਼, ਰਾਮ ਸਿੰਘ ਚੱਕਪੱਖੀ, ਭਜਨ ਲਾਲ ਜੰਡਵਾਲਾ ਭੀਮੇਸ਼ਾਹ, ਦਵਿੰਦਰ ਸਿੰਘ ਸ਼ਾਹਪੁਰ, ਅਜੇ ਨਾਗਪਾਲ, ਅਮਨਦੀਪ ਕੰਬੋਜ, ਮਿਲਖਾ ਸਿੰਘ, ਵਿਪਨ ਢੋਟ, ਰਮਨਦੀਪ, ਸਤਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਡੇਅਰੀ ਵਿਕਾਸ ਵਿਭਾਗ ਦੁੱਧ ਖਪਤਕਾਰ ਜਾਗਰੂਕਤਾ ਮੁਹਿੰਮ



**ਸੰਗਰੂਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ, ਸੰਗਰੂਰ ਵਲੋਂ ਆਪਣੇ ਦਫਤਰ ਸੰਗਰੂਰ ਵਿਖੇ ਖਪਤਕਾਰਾਂ ਵਲੋਂ ਘਰਾਂ ਵਿੱਚ ਵਰਤੇ ਜਾਣ ਵਾਲੇ ਦੁੱਧ ਦੀ ਗੁਣਵੱਤਾ ਦੀ ਮੁਫਤ ਜਾਂਚ ਲਈ ਸਹੂਲਤ ਉਪਲਬਧ ਹੈ। ਦੁੱਧ ਖਪਤਕਾਰਾਂ ਨੂੰ ਦੁੱਧ ਦੀ ਗੁਣਵੱਤਾ ਸਬੰਧੀ ਜਾਗਰੂਕ ਕਰਨ ਲਈ ਵਿਭਾਗ ਵਲੋਂ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।

ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸੰਗਰੂਰ ਸ੍ਰੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਵਿਭਾਗ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਸ੍ਰ ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਦੁੱਧ ਖਪਤਕਾਰਾਂ ਨੂੰ ਸ਼ੁੱਧ ਤੇ ਮਿਆਰੀ ਦੁੱਧ ਉਪਲਬਧ ਕਰਵਾਉਣ ਦੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਨੇ ਜ਼ਿਲ੍ਹਾ ਸੰਗਰੂਰ ਦੇ ਦੁੱਧ ਉਤਪਾਦਕਾਂ, ਦੁੱਧ ਖਪਤਕਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਦੁੱਧ ਦੇ ਸੈਂਪਲਾਂ ਦੀ ਜਾਂਚ ਕਰਵਾਉਣ ਲਈ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸੰਗਰੂਰ ਵਿਖੇ ਕੰਮ ਕਾਜ ਵਾਲੇ ਦਿਨ ਸਵੇਰੇ 9 ਤੋਂ 11 ਵਜੇ ਤੱਕ ਪਹੁੰਚ ਕਰਕੇ ਦੁੱਧ ਚੈਕ ਕਰਵਾ ਸਕਦੇ ਹਨ ਅਤੇ ਸ਼ੁੱਧ ਦੁੱਧ ਦੀ ਮੁਹਿੰਮ ਨੂੰ ਕਾਮਯਾਬ ਕਰਨ ਲਈ ਆਪਣਾ ਯੋਗਦਾਨ ਪਾ ਸਕਦੇ ਹਨ।

# ਜਨਤਾ ਕਲੋਨੀ ਗਿੱਲ ਵਿਖੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਸ਼ੁਭ ਆਰੰਭ



**ਲੁਧਿਆਣਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਤਾ ਕਲੋਨੀ, ਗਿੱਲ ਵਿਖੇ ਪੰਜਾਬ ਸਰਕਾਰ ਦੀ ਲੋਕ-ਭਲਾਈ ਲਈ ਸਮਰਪਿਤ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਮੌਕੇ ਪਿੰਡ ਦੀ ਸਰਪੰਚ ਸ੍ਰੀਮਤੀ ਚਰਨਜੀਤ ਕੌਰ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਹਲਕਾ ਗਿੱਲ ਦੇ ਵਿਧਾਇਕ ਸ. ਜੀਵਨ ਸਿੰਘ ਸੰਗੋਵਾਲ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਅਤੇ ਯਤਨਾਂ ਸਦਕਾ ਇਹ ਲੋਕ-ਭਲਾਈ ਯੋਜਨਾ ਇਲਾਕੇ ਦੀਆਂ ਮਾਵਾਂ ਅਤੇ ਧੀਆਂ ਲਈ ਸ਼ੁਰੂ ਹੋ ਸਕੀ ਹੈ।

ਸ੍ਰੀਮਤੀ ਚਰਨਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਨਮਾਨ, ਸੁਰੱਖਿਆ ਅਤੇ ਸਮਾਜਿਕ ਸਸ਼ਕਤੀਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਦੇ ਨਾਲ-ਨਾਲ ਉਨ੍ਹਾਂ ਨੂੰ ਹੋਰ ਸਸ਼ਕਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਉਨ੍ਹਾਂ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ ਅਤੇ ਸਮਾਜ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ।

# ਵਿਧਾਇਕ ਅਜੀਤਪਾਲ ਕੋਹਲੀ ਵੱਲੋਂ 20 ਨੰਬਰ ਫਾਟਕ ਕੋਲ ਡੇਢ ਕਰੋੜ ਦੀ ਲਾਗਤ ਵਾਲੀ ਸੜਕ ਦਾ ਉਦਘਾਟਨ



**ਪਟਿਆਲਾ, 30 ਜੂਨ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਸ? ਅਜੀਤਪਾਲ ਸਿੰਘ ਕੋਹਲੀ ਨੇ ਅੱਜ 20 ਨੰਬਰ ਫਾਟਕ ਬਾਰਾਂਦਰੀ ਗਾਰਡਨ ਕੋਲ ਡੇਢ ਕਰੋੜ ਦੀ ਲਾਗਤ ਨਾਲ ਬਣੀ ਸੜਕ ਦਾ ਉਦਘਾਟਨ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਭਰ ਚ ਨਵੀਆਂ ਸੜਕਾਂ ਲਗਾਤਾਰ ਬਣਾਈਆਂ ਜਾ ਰਹੀਆਂ ਹਨ ਉਹਨਾਂ ਕਿਹਾ ਕਿ ਆਗਾਮੀ ਮੌਨਸੂਨ ਸੀਜ਼ਨ ਤੋਂ ਪਹਿਲਾਂ ਸਾਰੀਆਂ ਸੜਕਾਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਲੋਕਾਂ ਦੀ ਸੁਵਿਧਾ ਲਈ ਇਹ ਸੜਕਾਂ ਦਾ ਕੰਮ ਤੇਜ਼ੀ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਿਹਾ ਹੈ। ਇਸ ਲਈ ਪਟਿਆਲਾ ਸ਼ਹਿਰ ਵਿੱਚ ਜਿਹੜੀਆਂ ਸੜਕਾਂ ਕਾਫੀ ਦੇਰ ਤੋਂ ਨਹੀਂ ਬਣੀਆਂ ਸਨ ਉਹ ਸੜਕਾਂ ਨੂੰ ਵੀ ਨਵੀਆਂ ਬਣਾ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾ ਰਹੀ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਪਟਿਆਲਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਿਕਾਸ ਪ੍ਰੋਜੈਕਟਾਂ ਦੀ ਲੜੀ ਲਗਾਤਾਰ ਜਾਰੀ ਰਹੇਗੀ।

# ਖੰਨਾ 'ਚ ਜਾਅਲੀ ਐਨ.ਓ.ਸੀਜ਼ ਨਾਲ 35 ਰਜਿਸਟਰੀਆਂ ਦਾ ਖੁਲਾਸਾ, ਐਸ.ਡੀ.ਐਮ. ਨੇ ਪੁਲਿਸ ਕਾਰਵਾਈ ਦੇ ਦਿੱਤੇ ਹੁਕਮ



**ਲੁਧਿਆਣਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਖੰਨਾ ਵਿੱਚ ਜਾਅਲੀ ਐਨ.ਓ.ਸੀਜ਼ ਦੇ ਆਧਾਰ 'ਤੇ 35 ਵਸੀਕੇ (ਰਜਿਸਟਰੀਆਂ) ਤਸਦੀਕ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਐਸ.ਡੀ.ਐਮ. ਸਵਾਤੀ ਟਿਵਾਣਾ ਨੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਖੁਲਾਸਾ ਹੋਇਆ, ਜਿਸ ਤੋਂ ਬਾਅਦ ਜਾਅਲੀ ਐਨ.ਓ.ਸੀਜ਼ ਦੀ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਲਈ ਉਪ ਪੁਲਿਸ ਕਪਤਾਨ ਖੰਨਾ ਨੂੰ ਪੱਤਰ ਭੇਜ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ 18 ਹੋਰ ਵਸੀਕੇ ਮੈਨੂਅਲ ਐਨ.ਓ.ਸੀਜ਼ ਦੇ ਆਧਾਰ 'ਤੇ ਹੋਏ ਹਨ, ਜਿਨ੍ਹਾਂ ਦੀ ਜਾਂਚ ਨਗਰ ਕੌਂਸਲ ਖੰਨਾ ਵੱਲੋਂ ਕੀਤੀ ਜਾ ਰਹੀ ਹੈ।

ਐਸ.ਡੀ.ਐਮ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਪ੍ਰਾਪਰਟੀ ਖਰੀਦਣ ਤੋਂ ਪਹਿਲਾਂ ਉਸ ਦੇ ਸਾਰੇ ਕਾਗਜ਼ਾਤ ਦੀ ਚੰਗੀ ਤਰ੍ਹਾਂ ਜਾਂਚ ਜ਼ਰੂਰ ਕਰਨ।

ਉਨ੍ਹਾਂ ਕਿਹਾ ਕਿ ਗਲਤ ਕੰਮ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਜਾਂ ਕਰਮਚਾਰੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਸੰਪਾਦਕੀ

# ਐੱਨ ਸੀ ਈ ਆਰ ਟੀ) ਇੱਕ ਵਾਰ ਫਿਰ ਤਿੱਖੀ ਨੁਕਤਾਚੀਨੀ ਦੇ ਘੇਰੇ ਵਿੱਚ

ਦੇਸ਼ ਵਿਚ ਇਸ ਸਮੇਂ ਰਾਸ਼ਟਰੀ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ (ਐੱਨ ਸੀ ਈ ਆਰ ਟੀ) ਇੱਕ ਵਾਰ ਫਿਰ ਸਕੂਲੀ ਕਿਤਾਬਾਂ ਵਿੱਚ ਵਿਵਾਦਿਤ ਵਿਸ਼ਿਆਂ ਅਤੇ ਕਥਿਤ ਤੌਰ 'ਤੇ ਇੱਕਪਾਸੜ ਪੱਖ ਸ਼ਾਮਲ ਕਰਨ ਕਰਕੇ ਤਿੱਖੀ ਨੁਕਤਾਚੀਨੀ ਦੇ ਘੇਰੇ ਵਿੱਚ ਹੈ। ਨਵੀਂ ਬਹਿਸ ਨੌਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਪੁਸਤਕ ਵਿੱਚ ਭਾਰਤੀ ਚੋਣ ਕਮਿਸ਼ਨ ਦੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐੱਸ ਆਈ ਆਰ) ਯੋਜਨਾ ਦੀ ਕੀਤੀ ਗਈ ਲੋੜੋਂ ਵੱਧ ਸਿਫ਼ਤ ਨੂੰ ਲੈ ਕੇ ਛਿੜੀ ਹੈ। ਕਿਤਾਬ ਦੇ ਇਸ ਹਿੱਸੇ ਵਿੱਚ ਨਾ ਸਿਰਫ਼ ਐੱਸ ਆਈ ਆਰ ਨੂੰ ਸਹੀ ਅਤੇ ਯੋਗ ਨਾਗਰਿਕਾਂ ਦੀ ਵੋਟ ਯਕੀਨੀ ਬਣਾਉਣ ਵਾਲੇ ਇੱਕ ਵਧੀਆ ਤਰੀਕੇ ਵਜੋਂ ਪੇਸ਼ ਕੀਤਾ ਗਿਆ ਹੈ ਸਗੋਂ ਚੋਣਾਂ ਕਰਵਾਉਣ ਦੀਆਂ ਵੱਡੀਆਂ ਪ੍ਰਬੰਧਕੀ ਚੁਣੌਤੀਆਂ ਦੇ ਬਾਵਜੂਦ ਨਿਰਪੱਖ ਚੋਣਾਂ ਕਰਵਾਉਣ ਲਈ ਚੋਣ ਕਮਿਸ਼ਨ ਦੇ ਹੰਭਲਿਆਂ ਦੀ ਰੱਜ ਕੇ ਤਾਰੀਫ਼ ਵੀ ਕੀਤੀ ਗਈ ਹੈ। ਦੂਜੇ ਪਾਸੇ ਵਿਰੋਧੀ ਪਾਰਟੀਆਂ ਦਾ ਦਾਅਵਾ ਹੈ ਕਿ ਅਜਿਹੀ ਬਿਆਨਬਾਜ਼ੀ ਚੋਣ ਕਮਿਸ਼ਨ 'ਤੇ ਲੱਗਦੇ ਪੱਖਪਾਤ ਦੇ ਗੰਭੀਰ ਦੋਸ਼ਾਂ ਅਤੇ ਵੋਟਰਾਂ ਨੂੰ ਵੋਟ ਦੇ ਹੱਕ ਤੋਂ ਵਾਂਝੇ ਕਰਨ (ਖ਼ਾਸ ਕਰਕੇ ਪੱਛਮੀ ਬੰਗਾਲ ਵਰਗੇ ਸੂਬਿਆਂ ਵਿੱਚ) ਦੇ ਅਸਲ ਮੁੱਦਿਆਂ ਤੋਂ ਅੱਖਾਂ ਮੀਟਣ ਬਰਾਬਰ ਹੈ। ਕਿਸੇ ਵਿਵਾਦਿਤ ਫੈਸਲੇ ਪਿੱਛੇ ਚੱਲ ਰਹੀ ਜਨਤਕ ਬਹਿਸ ਦਾ ਜ਼ਿਕਰ ਕੀਤੇ ਬਿਨਾਂ, ਉਸ ਨੂੰ ਕੋਮਲ ਅਤੇ ਅਣਭੋਲ ਮਨਾਂ (ਬੱਚਿਆਂ) ਦੇ ਸਾਹਮਣੇ ਪੇਸ਼ ਕਰਨਾ ਇੱਕਪਾਸੜ ਸੋਚ ਨੂੰ ਉਤਸ਼ਾਹਿਤ ਕਰਦਾ ਹੈ। ਸਕੂਲੀ ਕਿਤਾਬਾਂ ਦਾ ਮਕਸਦ ਸਿੱਖਿਆ ਦੇਣਾ ਹੈ, ਧੜੇਬੰਦੀ ਵਧਾਉਣਾ ਨਹੀਂ। ਆਪਣੀ ਮਰਜ਼ੀ ਮੁਤਾਬਿਕ ਸਿਲੇਬਸ ਚੁਣ ਕੇ ਐੱਨ ਸੀ ਈ ਆਰ ਟੀ ਅਸਲ ਪੜ੍ਹਾਈ ਅਤੇ ਸਿਆਸੀ ਏਜੰਡੇ ਦੇ ਪ੍ਰਚਾਰ ਵਿਚਕਾਰਲੀ ਲਕੀਰ ਨੂੰ ਧੁੰਦਲਾ ਕਰ ਰਹੀ ਹੈ। ਪੁਸਤਕ ਵਿੱਚ ਐਮਰਜੈਂਸੀ ਬਾਰੇ ਸ਼ਾਮਲ ਕੀਤੇ ਵਿਸਤ੍ਰਿਤ ਅਧਿਆਏ ਵਿੱਚ ਇਸ ਨੂੰ ਲੋਕਤੰਤਰ 'ਤੇ ਵੱਡਾ ਹਮਲਾ ਦੱਸਿਆ ਗਿਆ ਹੈ, ਜਿਸ ਦਾ ਭਾਜਪਾ ਨੇ ਸਵਾਗਤ ਅਤੇ ਕਾਂਗਰਸ ਨੇ ਸਿਆਸਤ ਤੋਂ ਪ੍ਰੇਰਿਤ ਕਹਿ ਕੇ ਵਿਰੋਧ ਕੀਤਾ ਹੈ। ਇਸੇ ਤਰ੍ਹਾਂ ਪ੍ਰਾਚੀਨ ਭਾਰਤ ਵਿੱਚ ਔਰਤਾਂ ਦੇ ਸਤਿਕਾਰ ਲਈ ਮਨੂਸਮ੍ਰਿਤੀ ਦਾ ਸ਼ਲੋਕ ਸ਼ਾਮਲ ਕਰਨ ਨਾਲ ਇਸ ਗ੍ਰੰਥ ਬਾਰੇ ਵਿਵਾਦ ਮੁੜ ਛਿੜ ਗਿਆ ਹੈ, ਜਿਸ ਵਿੱਚ ਜਾਤ-ਪਾਤ ਅਤੇ ਲਿੰਗ ਵਿਤਕਰੇ ਬਾਰੇ ਕਈ ਵਿਵਾਦਿਤ ਧਾਰਾਵਾਂ ਹਨ। ਨੌਜਵਾਨ ਵਿਦਿਆਰਥੀਆਂ ਲਈ ਐਮਰਜੈਂਸੀ, ਦੇਸ਼ ਦੀ ਚੋਣ ਪ੍ਰਣਾਲੀ ਅਤੇ ਪੁਰਾਣੀਆਂ ਸਮਾਜਿਕ ਰੀਤਾਂ ਬਾਰੇ ਜਾਣਨਾ ਬਹੁਤ ਜ਼ਰੂਰੀ ਹੈ ਪਰ ਉਨ੍ਹਾਂ ਨੂੰ ਇਸ ਦੇ ਹਰ ਪਹਿਲੂ ਅਤੇ ਵੱਖ-ਵੱਖ ਨਜ਼ਰੀਏ ਤੋਂ ਵੀ ਜਾਣੂ ਕਰਵਾਇਆ ਜਾਣਾ ਚਾਹੀਦਾ ਹੈ। ਲੱਗਦਾ ਹੈ ਐੱਨ ਸੀ ਈ ਆਰ ਟੀ ਨੇ ਅੱਠਵੀਂ ਜਮਾਤ ਦੀ ਕਿਤਾਬ ਵਿੱਚ ਅਦਾਲਤੀ ਭ੍ਰਿਸ਼ਟਾਚਾਰ ਵਾਲੇ ਮੁੱਦੇ 'ਤੇ ਸੁਪਰੀਮ ਕੋਰਟ ਤੋਂ ਪਈ ਝਾੜ ਤੋਂ ਕੋਈ ਸਬਕ ਨਹੀਂ ਸਿੱਖਿਆ। ਵਾਰ-ਵਾਰ ਵਿਵਾਦਾਂ ਵਿੱਚ ਘਿਰਨ ਕਰਕੇ ਸੰਸਥਾ ਦੀ ਸਾਖ ਨੂੰ ਵੱਡੀ ਸੱਟ ਵੱਜੀ ਹੈ। ਸਿਲੇਬਸ ਤਿਆਰ ਕਰਨ ਦਾ ਆਧਾਰ ਸਿਆਸੀ ਫਾਇਦੇ ਦੀ ਬਜਾਏ ਵਿਦਵਾਨਾਂ ਦੀ ਸਾਂਝੀ ਰਾਏ, ਪਾਰਦਰਸ਼ੀ ਸਲਾਹ-ਮਸ਼ਵਰਾ ਅਤੇ ਨਿਰਪੱਖ ਪੜਤਾਲ ਹੋਣੀ ਚਾਹੀਦੀ ਹੈ। ਇੱਕ ਜਿਊਂਦੇ-ਜਾਗਦੇ ਲੋਕਤੰਤਰ ਵਿੱਚ ਸਿੱਖਿਆ ਦਾ ਮਕਸਦ ਬੱਚਿਆਂ ਅੰਦਰ ਸਵਾਲ ਪੁੱਛਣ ਦੀ ਆਦਤ ਪੈਦਾ ਕਰਨਾ ਹੈ ਨਾ ਕਿ ਪਹਿਲਾਂ ਤੋਂ ਤੈਅ ਕੀਤੇ ਨਤੀਜੇ ਉਨ੍ਹਾਂ ਦੇ ਦਿਮਾਗ ਵਿੱਚ ਬਿਠਾਉਣਾ।

# ਖੇਮਕਰਨ ਦੇ ਸਰਹੱਦੀ ਇਲਾਕਿਆਂ 'ਚ ਕੀਤੀ ਗਣਨਾ ਫਾਰਮਾਂ ਦੀ ਵੰਡ



**ਤਰਨਤਾਰਨ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਗਹਿਰੀ ਸੁਧਾਈ ਮੁਹਿੰਮ ਦੌਰਾਨ ਚੋਣਕਾਰ ਰਜਿਸਟਰੇਸ਼ਨ ਅਫ਼ਸਰ, ਖੇਮਕਰਨ ਜਗਦੀਪ ਸਿੰਘ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਖਾਸ ਕਰਕੇ ਸਰਹੱਦੀ ਇਲਾਕਿਆਂ ਦਾ ਦੌਰਾ ਕਰਕੇ ਬੀ.ਐਲ.ਓਜ਼ ਦੇ ਕੰਮ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਘਰ-ਘਰ ਚੱਲ ਰਹੀ ਗਣਨਾ ਫਾਰਮ ਵੰਡ ਮੁਹਿੰਮ ਦੀ ਨਿਗਰਾਨੀ ਕਰਦਿਆਂ ਬੀ.ਐਲ.ਓਜ਼ ਨੂੰ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੀ ਲਗਨ ਅਤੇ ਪਾਰਦਰਸ਼ਤਾ ਨਾਲ ਆਪਣੀਆਂ ਡਿਊਟੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਹਰੇਕ ਯੋਗ ਵੋਟਰ ਤੱਕ ਗਣਨਾ ਫਾਰਮ ਪਹੁੰਚਾਉਣਾ ਅਤੇ ਸਮੇਂ ਸਿਰ ਭਰੇ ਹੋਏ ਫਾਰਮ ਪ੍ਰਾਪਤ ਕਰਨਾ ਇਸ ਮੁਹਿੰਮ ਦੀ ਸਫ਼ਲਤਾ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐਲ.ਓਜ਼ ਨਾਲ ਪੂਰਾ ਸਹਿਯੋਗ ਕਰਨ ਅਤੇ ਲੋੜੀਂਦੀ ਜਾਣਕਾਰੀ ਸਹੀ ਢੰਗ ਨਾਲ ਮੁਹੱਈਆ ਕਰਵਾਉਣ।

ਉਨ੍ਹਾਂ ਦੱਸਿਆ ਕਿ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਵੋਟਰਾਂ ਨੂੰ ਗਣਨਾ ਫਾਰਮ ਵੰਡੇ ਜਾ ਰਹੇ ਹਨ ਅਤੇ ਫਾਰਮ ਭਰਨ ਸਬੰਧੀ ਲੋੜੀਂਦੀ ਜਾਣਕਾਰੀ ਵੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਗਹਿਰੀ ਸੁਧਾਈ ਮੁਹਿੰਮ ਉਨ੍ਹਾਂ ਨੇ ਘਰ-ਘਰ ਚੱਲ ਰਹੀ ਗਣਨਾ ਫਾਰਮ ਵੰਡ ਮੁਹਿੰਮ ਦੀ ਨਿਗਰਾਨੀ ਕਰਦਿਆਂ ਬੀ.ਐਲ.ਓਜ਼ ਨੂੰ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੀ ਲਗਨ ਅਤੇ ਪਾਰਦਰਸ਼ਤਾ ਨਾਲ ਆਪਣੀਆਂ ਡਿਊਟੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ।ਰਾਹੀਂ ਵੋਟਰ ਸੂਚੀ ਨੂੰ ਹੋਰ ਭਰੋਸੇਯੋਗ ਅਤੇ ਸਹੀ ਬਣਾਇਆ ਜਾਵੇਗਾ।

# ਰਾਮਗੜ੍ਹੀਆ ਗਰਲਜ਼ ਕਾਲਜ ਵਿੱਚ ਕਨਵੋਕੇਸ਼ਨ ਤੇ ਇਨਾਮ ਵੰਡ ਸਮਾਰੋਹ, 400 ਵਿਦਿਆਰਥਣਾਂ ਨੂੰ ਡਿਗਰੀਆਂ ਪ੍ਰਦਾਨ



**ਲੁਧਿਆਣਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਮਗੜ੍ਹੀਆ ਗਰਲਜ਼ ਕਾਲਜ, ਮਿਲਰ ਗੰਜ ਵਿਖੇ ਕਨਵੋਕੇਸ਼ਨ ਅਤੇ ਇਨਾਮ ਵੰਡ ਸਮਾਰੋਹ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਸ ਦੌਰਾਨ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਪੱਧਰ ਦੀਆਂ ਲਗਭਗ 400 ਵਿਦਿਆਰਥਣਾਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਦਕਿ ਪੰਜਾਬ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਅਤੇ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਰੋਲ ਆਫ਼ ਆਨਰ ਅਤੇ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ।ਸਮਾਗਮ ਵਿੱਚ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਮੁੱਖ ਮਹਿਮਾਨ ਅਤੇ ਈਟਰਨਲ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਡਾ. ਨੀਲਮ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸ. ਰਣਜੋਧ ਸਿੰਘ, ਸਕੱਤਰ ਸ. ਗੁਰਚਰਨ ਸਿੰਘ ਲੋਟੇ ਅਤੇ ਕਾਲਜ ਪ੍ਰਿੰਸੀਪਲ ਡਾ. ਅਜੀਤ ਕੌਰ ਨੇ ਮਹਿਮਾਨਾਂ ਦਾ ਸਵਾਗਤ ਕੀਤਾ।

ਮੁੱਖ ਮਹਿਮਾਨ ਨੇ ਵਿਦਿਆਰਥਣਾਂ ਨੂੰ ਦੇਸ਼ ਅਤੇ ਮਨੁੱਖਤਾ ਦੀ ਭਲਾਈ ਲਈ ਆਪਣੇ ਗਿਆਨ ਦੀ ਵਰਤੋਂ ਕਰਨ ਦਾ ਸੰਦੇਸ਼ ਦਿੱਤਾ। ਪ੍ਰਿੰਸੀਪਲ ਡਾ. ਅਜੀਤ ਕੌਰ ਨੇ ਕਾਲਜ ਦੀਆਂ ਸਾਲਾਨਾ ਪ੍ਰਾਪਤੀਆਂ ਉਜਾਗਰ ਕਰਦਿਆਂ ਵਿਦਿਆਰਥਣਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ, ਜਦਕਿ ਸ. ਰਣਜੋਧ ਸਿੰਘ ਨੇ ਵਿਦਿਆਰਥਣਾਂ ਦੀ ਮਿਹਨਤ ਅਤੇ ਸਫਲਤਾਵਾਂ ਦੀ ਸਰਾਹਨਾ ਕੀਤੀ।

ਸਮਾਰੋਹ ਦੀ ਸ਼ੁਰੂਆਤ ਦੇਹਿ ਸ਼ਿਵਾ ਬਰ ਮੋਹਿ ਇਹੈ ਸ਼ਬਦ ਗਾਇਨ ਨਾਲ ਹੋਈ ਅਤੇ ਅੰਤ ਵਿੱਚ ਰਾਸ਼ਟਰੀ ਗਾਨ ਨਾਲ ਸਮਾਗਮ ਸੰਪੰਨ ਹੋਇਆ। ਸਾਰੇ ਸਤਿਕਾਰਤ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਨਿਗਮ ਕਮਿਸ਼ਨਰ ਵੱਲੋਂ ਠੋਸ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਦੀ ਲੋੜ 'ਤੇ ਜ਼ੋਰ

**ਹੁਸ਼ਿਆਰਪੁਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਹਦਾਇਤਾਂ 'ਤੇ ਠੋਸ ਰਹਿੰਦ-ਖੂੰਹਦ ਪ੍ਰਬੰਧਨ ਦੇ ਨਿਯਮਾਂ ਤੋਂ ਸ਼ਹਿਰ ਦੇ ਵੱਖ-ਵੱਖ ਸਰਕਾਰੀ/ਪ੍ਰਾਈਵੇਟ ਅਦਾਰਿਆਂ ਨਾਲ ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ ਨੇ ਮੀਟਿੰਗ ਕਰਕੇ ਸ਼ਹਿਰ ਅੰਦਰ ਕੂੜੇ ਦੇ ਸੁਚੱਜੇ ਨਿਪਟਾਰੇ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।

ਨਿਗਮ ਕਮਿਸ਼ਨਰ ਨੇ ਸੰਬੰਧਤ ਵਿਭਾਗਾਂ ਦੇ ਮੁਖੀਆਂ ਨੂੰ ਉਨ੍ਹਾਂ ਦੇ ਅਦਾਰੇ ਅੰਦਰ ਪੈਦਾ ਹੋਣ ਵਾਲੇ ਕੂੜੇ ਦਾ ਨਿਪਟਾਰਾ ਠੋਸ ਰਹਿੰਦ-ਖੂੰਹਦ ਪ੍ਰਬੰਧਨ ਨਿਯਮਾਂ-2026 ਅਨੁਸਾਰ ਕਰਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕੂੜੇ ਦੇ ਨਿਪਟਾਰੇ ਸਬੰਧੀ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਵੀ ਹਦਾਇਤਾਂ ਜਾਰੀ ਕੀਤੀਆਂ ਜਿਸ ਵਿੱਚ ਮੁੱਖ ਤੌਰ 'ਤੇ ਆਪਣੇ ਅਦਾਰੇ ਅੰਦਰ ਪੈਦਾ ਹੋਣ ਵਾਲੇ ਕੂੜੇ ਦਾ ਆਪਣੇ ਪੱਧਰ 'ਤੇ ਨਿਪਟਾਰਾ, ਪੂਰਨ ਤੌਰ 'ਤੇ ਸਾਫ-ਸਫਾਈ, ਸਿੰਗਲ ਯੂਜ਼ ਪਲਾਸਟਿਕ ਫ੍ਰੀ ਜ਼ੋਨ, ਪਾਣੀ ਦੀ ਨਾਜਾਇਜ਼ ਵਰਤੋਂ ਅਤੇ ਖਪਤ 'ਤੇ ਪੂਰਨ ਰੋਕ ਆਦਿ ਮੁੱਖ ਤੌਰ 'ਤੇ ਸ਼ਾਮਲ ਸਨ।

ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ ਨੇ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਨੇ ਸ਼ਹਿਰਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਨ੍ਹਾਂ ਵੱਲੋਂ ਵੀ ਉਕਤ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ ਅਤੇ ਇਸ ਮੁਹਿੰਮ ਵਿੱਚ ਨਗਰ ਨਿਗਮ ਦਾ ਪੂਰਾ ਸਾਥ ਦਿੱਤਾ ਜਾਵੇ ਤਾਂ ਜੋ ਠੋਸ ਰਹਿੰਦ ਖੂੰਹਦ ਪ੍ਰਬੰਧਨ ਨੂੰ ਨਿਯਮਾਂ ਮੁਤਾਬਕ ਸਹੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਾਤਾਵਰਣ ਨੂੰ ਸਾਫ-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਰੱਖਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਜਿਸ ਵਿਚ ਸਭ ਨੂੰ ਆਪਣੀ ਬਣਦੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਦਫ਼ਤਰ, ਉਪ ਮੰਡਲ ਮੈਜਿਸਟ੍ਰੇਟ, ਪੰਜਾਬ ਪੁਲਿਸ, ਸਿਵਲ ਸਰਜਨ ਦਫਤਰ, ਜਿਲ੍ਹਾ ਅਤੇ ਸੈਸ਼ਨ ਜੱਜ ਦਫਤਰ, ਪੰਜਾਬ ਰੋਡਵੇਜ, ਹਾਕਿੰਨਜ ਕੁੱਕਰ ਫੈਕਟਰੀ, ਵਰਧਮਾਨ ਯਾਰਨਜ ਐਂਡ ਥਰੈਡਜ ਆਦਿ ਅਦਾਰਿਆਂ ਤੋਂ ਨੁਮਾਇੰਦੇ ਸ਼ਾਮਲ ਹੋਏ।

# ਸਿਹਤ ਵਿਭਾਗ ਨੇ ਕੱਢੀ ਪਲਸ ਪੋਲੀਓ ਜਾਗਰੂਕਤਾ ਰੈਲੀ



**ਤਰਨਤਾਰਨ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਫਤਰ ਸਿਵਲ ਸਰਜਨ ਤਰਨ ਤਾਰਨ ਵਿਖੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਅਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਲਸ ਪੋਲੀਓ ਜਾਗਰੂਕਤਾ ਰੈਲੀ ਨੂੰ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ-ਕਮ-ਨੋਡਲ ਅਫ਼ਸਰ ਡਾ. ਵਰਿੰਦਰਪਾਲ ਕੌਰ ਨੇ ਹਰੀ ਝੰਡੀ ਦੇ ਕੇ ਰੈਲੀ ਨੂੰ ਰਵਾਨਾ ਕੀਤਾ।

ਇਸ ਪਲਸ ਪੋਲੀਓ ਜਾਗਰੂਕਤਾ ਰੈਲੀ ਮੌਕੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਨੇ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਕੁੱਲ 143447 ਜਨਮ ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲਿਓ ਬੂੰਦਾਂ ਪਿਲਾਉਣੀਆਂ ਯਕੀਨੀ ਬਣਾਈਆਂ ਜਾਣਗੀਆਂ ਅਤੇ ਕੋਲ ਚੈਨ ਦਾ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆ ਹੋਇਆਂ ਖ਼ਾਸ ਖਿਆਲ ਰੱਖਿਆ ਜਾਵੇ। ਇਸ ਮੌਕੇ ਜ਼ਿਲ੍ਹਾ ਟੀਕਾਕਰਣ ਅਫਸਰ-ਕਮ-ਨੋਡਲ ਅਫਸਰ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ ਪਲਸ ਪੋਲੀਓ ਰਾਊਂਡ ਮਿਤੀ 28,29,ਅਤੇ 30 ਜੂਨ 2026 ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਕੁੱਲ ਜ਼ਿਲ੍ਹੇ ਵਿੱਚ ਫਿਕਸ ਬੂਥ 574 , ਡੋਰ ਟੂ ਡੋਰ 1148 ਟੀਮਾਂ , 33 ਟ੍ਰਾਂਜਿਟ ਟੀਮਾਂ, 49 ਮੋਬਾਈਲ ਟੀਮਾਂ ਅਤੇ ਇਸ ਦੇ ਯੋਗ ਪ੍ਰਬੰਧਾਂ ਲਈ 2450 ਵੈਕਸੀਨੇਟਰ ਨਿਯੁਕਤ ਕੀਤੇ ਗਏ ਹਨ। ਡਾ. ਵਰਿੰਦਰਪਾਲ ਕੌਰ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਨ੍ਹਾਂ ਟੀਮਾ ਦੀ ਸੁਪਰਵੀਜ਼ਨ ਲਈ ਜ਼ਿਲ੍ਹੇ ਵਿੱਚ ਕੁੱਲ 114 ਸੁਪਰਵੀਜ਼ਨ ਵੀ ਤਾਇਨਾਤ ਕਰ ਦਿੱਤੇ ਗਏ ਹਨ ਅਤੇ ਵੱਖ-ਵੱਖ ਬਲਾਕਾਂ ਦੇ ਸੁਪਰਵੀਜ਼ਨ ਲਈ ਸਮੂਹ ਬਲਾਕਾਂ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਵੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਤਾਂ ਜ਼ੋ ਇਸ ਪਲਸ ਪੋਲੀਓ ਰਾਊਂਡ ਵਿੱਚ ਕੋਈ ਵੀ ਬੱਚਾ ਪੋਲੀਓ ਬੂੰਦਾਂ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਹੋਰ ਜਾਣਕਾਰੀ ਦਿੰਦੇ ਹੋਇਆ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 131 ਦੇ ਕਰੀਬ ਭੱਠੇ ਅਤੇ 185 ਹਾਈ ਰਿਸਕ ਏਰੀਏ ਤੋਂ ਇਲਾਵਾ ਫੈਕਟਰੀਆਂ ਕਾਰਖਾਨਿਆਂ ਆਦਿ ਲਈ ਵੀ ਮੋਬਾਈਲ ਟੀਮਾ ਦਾ ਪ੍ਰਬੰਧ ਕਰ ਲਿਆ ਗਿਆ ਹੈ।

ਇਸ ਮੌਕੇ ਸਿਵਲ ਹਸਪਤਾਲ ਦੇ ਐਸ.ਐਮ.ਓ. ਡਾ. ਸੁਰਿੰਦਰ ਕੁਮਾਰ, ਡਾ. ਵਿਪੁਲ , ਡਾ. ਰੁਪਿੰਦਰ ਕੋਰ , ਡਾ. ਰੌਬਿਨ ਸਿੰਘ, ਡਾ. ਲਾਜਵੀਰ ਸਿੰਘ , ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ, ਬਲਜਿੰਦਰ ਕੌਰ ਮਾਸ ਮੀਡੀਆ ਅਫ਼ਸਰ, ਹੈਲਥ ਸੁਪਰਵਾਈਜ਼ਰ ਭੁਪਿੰਦਰ ਸਿੰਘ, ਅਮਰਜੀਤ ਸਿੰਘ ਗਿੱਲ, ਮਨਜਿੰਦਰ ਸਿੰਘ, ਜਸਪਿੰਦਰ ਸਿੰਘ, ਪ੍ਰਦੀਪ ਸਿੰਘ, ਆਰੂਸ਼ ਭੱਲਾ ਬੀ.ਸੀ.ਸੀ. ਕੁਆਰਡੀਨੇਟਰ, ਸੰਦੀਪ ਸਿੰਘ ਕੰਪਿਊਟਰ ਅਸਿਸਟੈਂਟ ਤੋਂ ਇਲਾਵਾ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਅਤੇ ਸਟਾਫ ਆਦਿ ਹਾਜ਼ਰ ਸੀ।

# ਆਮ ਆਦਮੀ ਪਾਰਟੀ ਦੀ ਵਰਕਰ ਮਿਲਣੀ ਕਰਵਾਈ ਗਈ



**ਖਡੂਰ ਸਾਹਿਬ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਖਡੂਰ ਸਾਹਿਬ ਦੇ ਖਹਿਰਾ ਫਾਰਮ ਵਿਖੇ ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਵਰਕਰ ਮਿਲਣੀ ਕਰਵਾਈ ਗਈ। ਇਸ ਮੌਕੇ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਵਿਧਾਇਕ ਸਰਵਣ ਸਿੰਘ ਧੁੰਨ, ਪਾਰਟੀ ਦੇ ਚੇਅਰਮੈਨ ਸਾਹਿਬਾਨ, ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਰਹੇ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਸਲ ਤਾਕਤ ਉਸਦਾ ਵਰਕਰ ਹੈ। ਉਨ੍ਹਾਂ ਕਿਹਾ ਕਿ ਹਰ ਵਰਕਰ ਲੋਕਾਂ ਵਿੱਚ ਰਹਿ ਕੇ ਮਾਨ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ, ਵਿਕਾਸ ਕਾਰਜਾਂ ਅਤੇ ਇਤਿਹਾਸਕ ਫ਼ੈਸਲਿਆਂ ਨੂੰ ਘਰ-ਘਰ ਤੱਕ ਪਹੁੰਚਾਏ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਕਾਰਕੁਨ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ 'ਤੇ ਅੱਗੇ ਲੈ ਜਾਣ ਲਈ ਅਹਿਮ ਭੂਮਿਕਾ ਨਿਭਾ ਰਿਹਾ ਹੈ।

ਇਸ ਮੌਕੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ ਦਾ ਹਲਕਾ ਖਡੂਰ ਸਾਹਿਬ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਦਾ ਜੋਸ਼ ਅਤੇ ਸਮਰਪਣ ਹੀ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਪੂੰਜੀ ਹੈ। ਉਨ੍ਹਾਂ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਹਲਕਾ ਖਡੂਰ ਸਾਹਿਬ ਵਿੱਚ ਬਿਜਲੀ, ਸਿੱਖਿਆ, ਸੜਕਾਂ ਅਤੇ ਹੋਰ ਵਿਕਾਸ ਕਾਰਜਾਂ ਸਬੰਧੀ ਕਰਵਾਏ ਗਏ ਮਹੱਤਵਪੂਰਨ ਕੰਮਾਂ ਤੋਂ ਪੰਜਾਬ ਪ੍ਰਭਾਰੀ ਨੂੰ ਜਾਣੂ ਕਰਵਾਇਆ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਹਲਕੇ ਦਾ ਹਰ ਵਰਕਰ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗਾ।

ਵਰਕਰ ਮਿਲਣੀ ਦੌਰਾਨ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਬੂਥ ਪੱਧਰ 'ਤੇ ਪਾਰਟੀ ਨੂੰ ਹੋਰ ਸਰਗਰਮ ਬਣਾਉਣ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

# ਲੋਕ ਇਨਸਾਫ਼ ਪਾਰਟੀ ਨੇ ਵਾਰਡ ਨੰਬਰ 38 ਲਈ ਜਸਪਾਲ ਸਿੰਘ ਮਣਕੂ ਨੂੰ ਸੋਸ਼ਲ ਮੀਡੀਆ ਇੰਚਾਰਜ ਕੀਤਾ ਨਿਯੁਕਤ

**ਲੁਧਿਆਣਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**



ਲੋਕ ਇਨਸਾਫ਼ ਪਾਰਟੀ ਦੇ ਸੀਨੀਅਰ ਆਗੂ ਸਰਦਾਰ ਸਿਮਰਜੀਤ ਸਿੰਘ ਬੈਂਸ ਦੀ ਅਗਵਾਈ ਹੇਠ ਅੱਜ ਵਾਰਡ ਨੰਬਰ 38 ਵਿੱਚ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਜਸਪਾਲ ਸਿੰਘ ਮਣਕੂ ਨੂੰ ਵਾਰਡ ਦਾ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ ਕਰਦੇ ਹੋਏ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੌਂਪੀ ਗਈ।

ਇਸ ਮੌਕੇ ਬਲਾਕ ਪ੍ਰਧਾਨ ਬਲਜੀਤ ਸਿੰਘ ਗਿਆਸਪੁਰਾ ਅਤੇ ਵਾਰਡ ਪ੍ਰਧਾਨ ਕੁਲਜਿੰਦਰ ਸਿੰਘ ਝੱਜ ਨੇ ਜਸਪਾਲ ਸਿੰਘ ਮਣਕੂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਨੂੰ ਉਨ੍ਹਾਂ ਤੋਂ ਉਮੀਦ ਹੈ ਕਿ ਉਹ ਸੋਸ਼ਲ ਮੀਡੀਆ ਰਾਹੀਂ ਪਾਰਟੀ ਦੀਆਂ ਨੀਤੀਆਂ, ਲੋਕ-ਹਿਤੈਸ਼ੀ ਗਤੀਵਿਧੀਆਂ ਅਤੇ ਜਨਤਾ ਨਾਲ ਜੁੜੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣਗੇ।

ਜਸਪਾਲ ਸਿੰਘ ਮਣਕੂ ਨੇ ਪਾਰਟੀ ਹਾਈਕਮਾਂਡ ਅਤੇ ਸਮੂਹ ਆਗੂਆਂ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੇ।

ਇਸ ਮੌਕੇ ਬਲਦੇਵ ਸਿੰਘ (ਬਲਾਕ ਪ੍ਰਧਾਨ), ਦਵਿੰਦਰ ਸਿੰਘ (ਬਲਾਕ ਪ੍ਰਧਾਨ), ਲਖਵੀਰ ਸਿੰਘ ਸੰਧੂ ਅਤੇ ਰਾਜੇਸ਼ ਖੋਖਰ ਸਮੇਤ ਪਾਰਟੀ ਦੇ ਹੋਰ ਆਗੂ ਅਤੇ ਵਰਕਰ ਵੀ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੱਡਾ ਬਲ: ਲੁਧਿਆਣਾ 'ਚ ਐੱਮ.ਐੱਮ.ਟੀ. ਕਲੀਨਿਕ ਦਾ ਉਦਘਾਟਨ, ਪੰਜਾਬ ਵਿੱਚ 5 ਹੋਰ ਕੇਂਦਰ ਵੀ ਸ਼ੁਰੂ

**ਲੁਧਿਆਣਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਿਵਲ ਹਸਪਤਾਲ ਲੁਧਿਆਣਾ ਵਿਖੇ ਮੈਥਾਡੋਨ ਮੇਨਟੇਨੈਂਸ ਥੈਰੇਪੀ (ਐੱਮ.ਐੱਮ.ਟੀ.) ਕਲੀਨਿਕ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਜਲੰਧਰ, ਗੁਰਦਾਸਪੁਰ, ਪਟਿਆਲਾ, ਮੋਹਾਲੀ ਅਤੇ ਫਰੀਦਕੋਟ ਵਿੱਚ ਸਥਾਪਿਤ ਪੰਜ ਹੋਰ ਐੱਮ.ਐੱਮ.ਟੀ. ਕਲੀਨਿਕਾਂ ਦਾ ਵੀ ਵਰਚੁਅਲ ਉਦਘਾਟਨ ਕੀਤਾ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਦੀ ਰੋਕਥਾਮ, ਇਲਾਜ ਅਤੇ ਮੁੜ ਵਸੇਬੇ ਲਈ ਸਬੂਤ-ਆਧਾਰਿਤ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰ ਰਹੀ ਹੈ।
ਉਨ੍ਹਾਂ ਕਿਹਾ ਕਿ ਐੱਮ.ਐੱਮ.ਟੀ. ਥੈਰੇਪੀ ਓਪੀਓਇਡ ਨਿਰਭਰਤਾ ਦੇ ਇਲਾਜ ਲਈ ਵਿਸ਼ਵ ਪੱਧਰ 'ਤੇ ਪ੍ਰਵਾਨਿਤ ਪ੍ਰਣਾਲੀ ਹੈ, ਜੋ ਮਰੀਜ਼ਾਂ ਨੂੰ ਨਸ਼ੇ ਤੋਂ ਮੁਕਤ ਹੋ ਕੇ ਆਮ ਜੀਵਨ ਵੱਲ ਪਰਤਣ ਵਿੱਚ ਮਦਦ ਕਰਦੀ ਹੈ।

ਉਨ੍ਹਾਂ ਦੱਸਿਆ ਕਿ ਲੁਧਿਆਣਾ ਕਲੀਨਿਕ ਵਿੱਚ ਮੈਥਾਡੋਨ ਥੈਰੇਪੀ ਦੇ ਨਾਲ-ਨਾਲ ਮਨੋਵਿਗਿਆਨਕ ਕਾਊਂਸਲਿੰਗ, ਸਿਹਤ ਜਾਂਚ, ਪਰਿਵਾਰਕ ਸਲਾਹ, ਰਿਲੈਪਸ ਰੋਕਥਾਮ ਅਤੇ ਮੁੜ ਵਸੇਬੇ ਵਰਗੀਆਂ ਸੰਪੂਰਨ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ।

ਸਿਹਤ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਪ੍ਰਭਾਵਿਤ ਪਰਿਵਾਰਕ ਮੈਂਬਰਾਂ ਨੂੰ ਬਿਨਾਂ ਕਿਸੇ ਝਿਜਕ ਦੇ ਇਲਾਜ ਲਈ ਅੱਗੇ ਲਿਆਉਣ ਅਤੇ ਸਰਕਾਰ ਵੱਲੋਂ ਉਪਲਬਧ ਕਰਵਾਈਆਂ ਜਾ ਰਹੀਆਂ ਇਨ੍ਹਾਂ ਵਿਸ਼ੇਸ਼ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਜ਼ਿਲ੍ਹਾ ਪੁਲਿਸ ਵਲੋਂ ਮਈ ਮਹੀਨੇ 'ਚ ਐਨ.ਡੀ.ਪੀ.ਐਸ. ਦੇ 95 ਮਾਮਲੇ ਦਰਜ, 123 ਗ੍ਰਿਫ਼ਤਾਰ



**ਹੁਸ਼ਿਆਰਪੁਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਵਿਚ ਨੈਸ਼ਨਲ ਨਾਰਕੋਟਿਕਸ ਕੁਆਰਡੀਨੇਸ਼ਨ ਪੋਰਟਲ (ਐਨਕਾਰਡ) ਤਹਿਤ ਜ਼ਿਲ੍ਹਾ ਪੁਲਿਸ ਵਲੋਂ ਨਸ਼ਿਆਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਦੀ ਕਾਰਗੁਜਾਰੀ ਦੀ ਅੱਜ ਇੱਥੇ ਸਮੀਖਿਆ ਦੌਰਾਨ ਦੱਸਿਆ ਗਿਆ ਕਿ ਮਈ ਮਹੀਨੇ ਦੌਰਾਨ 95 ਕੇਸ ਦਰਜ ਕਰਕੇ 123 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਐਸ.ਡੀ.ਐਮ. ਪਰਮਪ੍ਰੀਤ ਸਿੰਘ, ਐਸ.ਪੀ. (ਪੀ.ਬੀ.ਆਈ) ਮੇਜਰ ਸਿੰਘ ਅਤੇ ਸਹਾਇਕ ਕਮਿਸ਼ਨਰ ਸੁਮਿਤ ਮੁਧ ਦੀ ਅਗਵਾਈ ਵਿਚ ਅੱਜ ਇੱਥੇ ਐਨਕਾਰਡ ਸਮੀਖਿਆ ਮੀਟਿੰਗ ਵਿਚ ਪੁਲਿਸ ਵਲੋਂ ਨਸ਼ਿਆਂ ਦੀ ਰੋਕਥਾਮ, ਨਸ਼ਿਆਂ ਦੀ ਗ੍ਰਿਫਤ ਵਿਚ ਆਏ ਲੋਕਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਭਰਤੀ ਕਰਵਾਉਣ, ਨਸ਼ਿਆਂ ਵਿਰੁੱਧ ਜਾਗਰੂਕਤਾ ਸਰਗਰਮੀਆਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਇਸ ਮੌਕੇ ਵੱਖ-ਵੱਖ ਸਬੰਧਤ ਵਿਭਾਗਾਂ ਦੀ ਨਸ਼ਿਆਂ ਵਿਰੁੱਧ ਕਾਰਗੁਜਾਰੀ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।

ਐਸ.ਪੀ. ਮੇਜਰ ਸਿੰਘ ਨੇ ਦੱਸਿਆ ਕਿ ਮਈ ਮਹੀਨੇ ਦੌਰਾਨ ਜ਼ਿਲ੍ਹਾ ਪੁਲਿਸ ਵਲੋਂ 878 ਗ੍ਰਾਮ ਹੈਰੋਇਨ, 26 ਕਿਲੋ ਤੋਂ ਵੱਧ ਚੂਰਾ ਪੋਸਤ, ਇਕ ਹਜ਼ਾਰ ਤੋਂ ਵੱਧ ਨਸ਼ੀਲੇ ਕੈਪਸੂਲ ਅਤੇ 15100 ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੁਲਿਸ ਵਲੋਂ ਨਸ਼ਿਆਂ ਦੀ ਅਸਰਦਾਰ ਢੰਗ ਨਾਲ ਰੋਕਥਾਮ ਲਈ ਲਗਾਤਾਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ ਜਿਨ੍ਹਾਂ ਵਿਚ ਨਸ਼ਿਆਂ ਦੇ ਸਮੱਗਲਰਾਂ ਦੀ ਜਾਇਦਾਦਾਂ ਵੀ ਜ਼ਬਤ ਕਰਨ, ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲੇ ਦਰਜ ਕਰਨ ਤੋਂ ਇਲਾਵਾ ਨਸ਼ਿਆਂ ਦੀ ਲਤ ਲਾ ਚੁੱਕੇ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਅਤੇ ਓਟ ਕੇਂਦਰਾਂ ਵਿਚ ਭਰਤੀ ਕਰਵਾਉਣਾ ਸ਼ਾਮਲ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੁਲਿਸ ਵਲੋਂ ਮਈ ਮਹੀਨੇ ਦੌਰਾਨ 147 ਪਬਲਿਕ ਮੀਟਿੰਗਾਂ ਕਰਕੇ ਨਸ਼ਿਆਂ ਦੇ ਰੁਝਾਨ ਵਿਰੁੱਧ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਐਸ.ਡੀ.ਐਮ. ਨੇ ਹੋਰਨਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਪੁਲਿਸ ਵਿਭਾਗ ਨਾਲ ਲਗਾਤਾਰ ਤਾਲਮੇਲ ਬਣਾ ਕੇ ਨਸ਼ਿਆਂ ਵਿਰੁੱਧ ਬਣਦੀਆਂ ਕਾਰਵਾਈਆਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ।

# ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਤੇਜ਼ ਕਰਨ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ: ਅਮਨ ਅਰੋੜਾ



**ਸੰਗਰੂਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਮੱਦੇਨਜ਼ਰ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵਿਸਥਾਰ ਨਾਲ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਹੋਰ ਮੁਸਤੈਦੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਮਾਜ ਦੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਇੰਟਰਸਟੇਟ ਨਾਕਿਆਂ 'ਤੇ ਸਖ਼ਤ ਨਿਗਰਾਨੀ ਰੱਖਣ ਅਤੇ ਲੋੜ ਅਨੁਸਾਰ ਨਾਕਿਆਂ ਦੀ ਗਿਣਤੀ ਵਧਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਨਸ਼ੀਲੇ ਪਦਾਰਥਾਂ ਦੀ ਆਵਾਜਾਈ 'ਤੇ ਪ੍ਰਭਾਵਸ਼ਾਲੀ ਰੋਕ ਲਗਾਈ ਜਾ ਸਕੇ।

ਸ਼੍ਰੀ ਅਮਨ ਅਰੋੜਾ ਨੇ ਇਹ ਵੀ ਕਿਹਾ ਕਿ ਜ਼ਿਲ੍ਹੇ ਦੇ ਨਸ਼ਿਆਂ ਨਾਲ ਪ੍ਰਭਾਵਿਤ ਹਾਟਸਪਾਟ ਇਲਾਕਿਆਂ ਵਿੱਚ ਵੱਧ ਤੋਂ ਵੱਧ ਸੀਸੀਟੀਵੀ ਕੈਮਰੇ ਲਗਾਉਣ ਯਕੀਨੀ ਬਣਾਏ ਜਾਣ ਤਾਂ ਜੋ ਸ਼ੱਕੀ ਗਤੀਵਿਧੀਆਂ 'ਤੇ ਨਿਗਰਾਨੀ ਰੱਖੀ ਜਾ ਸਕੇ ਅਤੇ ਪੁਲਿਸ ਕਾਰਵਾਈ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਸ਼ਾ ਛੁੜਾਊ ਕੇਂਦਰਾਂ ਵਿੱਚ ਮਰੀਜ਼ਾਂ ਨੂੰ ਦਾਖਲ ਕਰਨ ਦੀ ਸਮਰੱਥਾ ਵਿੱਚ ਵਾਧਾ ਕੀਤਾ ਜਾਵੇ, ਤਾਂ ਜੋ ਇਲਾਜ ਲਈ ਆਉਣ ਵਾਲੇ ਹਰ ਵਿਅਕਤੀ ਨੂੰ ਸਮੇਂ ਸਿਰ ਅਤੇ ਵਧੀਆ ਸਿਹਤ ਸਹੂਲਤਾਂ ਮਿਲ ਸਕਣ। ਇਸ ਦੇ ਨਾਲ ਨਾਲ ਨਸ਼ਾ ਛੁੜਾਊ ਕੇਂਦਰਾਂ ਵਿੱਚ ਹੈਲਪ ਡੈਸਕ ਬਣਾਉਣੇ ਵੀ ਯਕੀਨੀ ਬਣਾਏ ਜਾਣ ਤਾਂ ਜੋ ਮਰੀਜ਼ਾਂ ਨੂੰ ਉੱਥੇ ਲੈ ਕੇ ਜਾਣ ਵਾਲੇ ਪਰਿਵਾਰਿਕ ਮੈਂਬਰਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਨਾ ਆਵੇ। ਉਨ੍ਹਾਂ ਕਿਹਾ ਕਿ ਨਸ਼ਿਆਂ ਤੋਂ ਪੀੜਤ ਵਿਅਕਤੀਆਂ ਨੂੰ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਸਰਕਾਰ ਦੀ ਤਰਜੀਹ ਹੈ।

ਕੈਬਨਿਟ ਮੰਤਰੀ ਨੇ ਰੁਜ਼ਗਾਰ ਵਿਭਾਗ ਅਤੇ ਹੋਰ ਸਬੰਧਤ ਅਦਾਰਿਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਨਸ਼ਾ ਛੱਡ ਚੁੱਕੇ ਵਿਅਕਤੀਆਂ ਲਈ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਏ ਜਾਣ, ਤਾਂ ਜੋ ਉਹ ਆਪਣੇ ਜੀਵਨ ਦੀ ਨਵੀਂ ਸ਼ੁਰੂਆਤ ਕਰ ਸਕਣ ਅਤੇ ਆਤਮਨਿਰਭਰ ਬਣ ਸਕਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਸਮੂਹਕ ਖਾਤਮੇ ਲਈ ਵਚਨਬੱਧ ਹੈ ਅਤੇ ਇਸ ਮੁਹਿੰਮ ਵਿੱਚ ਲੋਕਾਂ ਦੀ ਭਾਗੀਦਾਰੀ ਵੀ ਬਹੁਤ ਜ਼ਰੂਰੀ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ, ਜ਼ਿਲ੍ਹਾ ਪੁਲਿਸ ਮੁਖੀ ਡਾ. ਰਵਜੋਤ ਗਰੇਵਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਵੱਡੀ ਗਿਣਤੀ ਅਧਿਕਾਰੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵਿਸਥਾਰ ਨਾਲ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਹੋਰ ਮੁਸਤੈਦੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਮਾਜ ਦੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਇੰਟਰਸਟੇਟ ਨਾਕਿਆਂ 'ਤੇ ਸਖ਼ਤ ਨਿਗਰਾਨੀ ਰੱਖਣ ਅਤੇ ਲੋੜ ਅਨੁਸਾਰ ਨਾਕਿਆਂ ਦੀ ਗਿਣਤੀ ਵਧਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਨਸ਼ੀਲੇ ਪਦਾਰਥਾਂ ਦੀ ਆਵਾਜਾਈ 'ਤੇ ਪ੍ਰਭਾਵਸ਼ਾਲੀ ਰੋਕ ਰਅਤੇ ਨਸ਼ਿਆਂ ਵਿਰੁੱਧ ਬਣੀਆਂ ਕਮੇਟੀਆਂ ਦੇ ਅਹੁਦੇਦਾਰ ਵੀ ਹਾਜ਼ਰ ਸਨ।

# ਫ਼ੈਸ਼ਨ ਕੋਰਿਓਗ੍ਰਾਫ਼ੀ

# ਕ੍ਰਿਏਟੀਵਿਟੀ ਨਾਲ ਸਜਾਓ ਖ਼ੂਬਸੂਰਤ ਕਰੀਅਰ







ਕਿਸੇ ਵੀ ਫ਼ੈਸ਼ਨ ਸ਼ੋਅ ਦੀ ਸਫ਼ਲਤਾ ਸਿਰਫ਼ ਡਿਜ਼ਾਈਨਰ ਦੁਆਰਾ ਤਿਆਰ ਕੀਤੇ ਗਏ ਖ਼ੂਬਸੂਰਤ ਕੱਪੜਿਆਂ 'ਤੇ ਹੀ ਨਿਰਭਰ ਨਹੀਂ ਕਰਦੀ, ਬਲਕਿ ਮਾਡਲਜ਼ ਨੇ ਉਨ੍ਹਾਂ ਕੱਪੜਿਆਂ ਨੂੰ ਕਿੰਨੀ ਖ਼ੂਬਸੂਰਤੀ ਨਾਲ ਪਹਿਨਿਆ ਹੈ, ਉਨ੍ਹਾਂ ਨੂੰ ਪਹਿਨ ਕੇ ਕਿਸ ਅੰਦਾਜ਼ ਨਾਲ ਐਂਟਰੀ ਕਰਦੀਆਂ ਹਨ, ਉਨ੍ਹਾਂ ਦੇ ਚੱਲਣ ਅਤੇ ਖੜ੍ਹੇ ਹੋਣ ਦਾ ਅੰਦਾਜ਼ ਕਿਹਾ ਜਿਹਾ ਹੈ, ਸ਼ੋਅ ਸਟਾਪਰ ਦੇ ਨਾਲ ਚੱਲਣ ਵਾਲੀਆਂ ਮਾਡਲਜ਼ ਕਿਵੇਂ ਅਤੇ ਕਿੱਥੇ ਖੜੀਆਂ ਹੁੰਦੀਆਂ ਹਨ, ਇਹ ਬਾਰੀਕੀਆਂ ਦਰਸ਼ਕਾਂ ਦਾ ਧਿਆਨ ਆਕਰਸ਼ਕ ਕਰਨ 'ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਫ਼ੈਸ਼ਨ ਸ਼ੋਅ ਨਾਲ ਜੁੜੀਆਂ ਇਨ੍ਹਾਂ ਮਹੱਤਵਪੂਰਨ ਗੱਲਾਂ 'ਤੇ ਪਾਰਖੂ ਨਜ਼ਰ ਰੱਖਣ ਵਾਲੇ ਦੀ ਜ਼ਿੰਮੇਵਾਰੀ ਹੁੰਦੀ ਹੈ- ਫ਼ੈਸ਼ਨ ਕੋਰਿਓਗ੍ਰਾਫ਼ਰ ਦੀ। ਇਹ ਕਹਿਣਾ ਗ਼ਲਤ ਨਹੀਂ ਹੋਵੇਗਾ ਕਿ ਇਕ ਫ਼ੈਸ਼ਨ ਸ਼ੋਅ ਨੂੰ ਦੂਜਿਆਂ ਤੋਂ ਵੱਖ ਅਤੇ ਸਫ਼ਲ ਬਣਾਉਣ 'ਚ ਫ਼ੈਸ਼ਨ ਕੋਰਿਓਗ੍ਰਾਫ਼ਰ ਦਾ ਯੋਗਦਾਨ ਕਾਫ਼ੀ ਮਹੱਤਵਪੂਰਨ ਹੁੰਦਾ ਹੈ।

### ਚੁਣੌਤੀਆਂ

ਇਕ ਫ਼ੈਸ਼ਨ ਕੋਰਿਓਗ੍ਰਾਫ਼ਰ ਨੂੰ ਇਕ ਸਮੇਂ ਕਈ ਸਾਰੇ ਕੰਮ ਕਰਨੇ ਹੁੰਦੇ ਹਨ। ਉਸ ਨੂੰ ਫ਼ੈਸ਼ਨ ਸ਼ੋਅ ਦੀ ਥੀਮ ਤੇ ਮਿਊਜ਼ਿਕ ਦੀ ਚੋਣ, ਮਾਡਲਜ਼ ਤੇ ਡਿਜ਼ਾਈਨਰ ਤੋਂ ਡ੍ਰੈੱਸ ਦੀ ਫਿਟਿੰਗ ਚੈੱਕ ਕਰਾਉਣਾ, ਸ਼ੋਅ ਨੂੰ ਡਾਇਰੈਕਟ ਕਰਨਾ, ਡੀਜੇ ਮਿਊਜ਼ਿਕ ਅਤੇ ਲਾਈਟ ਇੰਜੀਨੀਅਰ ਨਾਲ ਕੋਆਰਡੀਨੇਟ ਕਰਨਾ ਹੁੰਦਾ ਹੈ। ਇਸ ਕਾਰਨ ਇਸ ਪ੍ਰੋਫੈਸ਼ਨ ਨੂੰ ਅਪਨਾਉਣ ਵਾਲੇ ਵਿਦਿਆਰਥੀਆਂ 'ਚ ਚੀਜ਼ਾਂ ਨੂੰ ਬਾਰੀਕੀ ਨਾਲ ਦੇਖਣ ਦੀ ਖ਼ੂਬੀ, ਲੰਮੇ ਸਮੇਂ ਤਕ ਕੰਮ ਕਰਨ ਦੀ ਸਮਰੱਥਾ, ਰੰਗਾਂ ਅਤੇ ਸਟਾਈਲ ਦੀ ਚੰਗੀ ਸਮਝ, ਆਪਣੀ ਗੱਲ ਨੂੰ ਚੰਗੀ ਤਰ੍ਹਾਂ ਨਾਲ ਕਮਿਊਨੀਕੇਟ ਕਰਨ ਦਾ ਸਕਿੱਲ ਅਤੇ ਫ਼ੈਸ਼ਨ ਸ਼ੋਅ ਨੂੰ ਸਫ਼ਲ ਬਣਾਉਣ ਦੌਰਾਨ ਆਉਣ ਵਾਲੀਆਂ ਵੱਖ-ਵੱਖ ਚਣੌਤੀਆਂ ਦਾ ਸਾਹਮਣਾ ਕਰਨ ਦੇ ਗੁਣਾਂ ਦਾ ਹੋਣਾ ਬਹੁਤ ਜ਼ਰੂਰੀ ਹੈ।

### ਸੰਭਾਵਨਾਵਾਂ

ਫ਼ੈਸ਼ਨ ਸ਼ੋਅ, ਇਡਸਟਰੀ 'ਚ ਹੋ ਰਹੀਆਂ ਤਬਦੀਲੀਆਂ ਨੂੰ ਜਾਣਨ ਦਾ ਬਿਹਤਰੀਨ ਮਾਧਿਅਮ ਹੈ। ਇਸ ਲਈ ਵੱਖ-ਵੱਖ ਬ੍ਰਾਂਡ ਦੁਆਰਾ ਹਰ ਦਿਨ ਫ਼ੈਸ਼ਨ ਸ਼ੋਅ ਆਰਗਨਾਈਜ਼ ਕੀਤੇ ਜਾਂਦੇ ਹਨ। ਅਜਿਹੇ 'ਚ ਫ਼ੈਸ਼ਨ ਦੇ ਖੇਤਰ 'ਚ ਫ਼ੈਸ਼ਨ ਕੋਰੀਓਗ੍ਰਾਫ਼ਰਜ਼ ਲਈ ਸੰਭਾਵਨਾਵਾਂ ਤੇਜ਼ੀ ਨਾਲ ਵੱਧ ਰਹੀਆਂ ਹਨ। ਇੱਥੇ ਡਿਜ਼ਾਈਨਰਜ਼ ਤੋਂ ਲੈ ਕੇ ਫ਼ੈਸ਼ਨ ਬ੍ਰਾਂਡ ਤਕ ਆਪਣੇ ਸ਼ੋਅ ਨੂੰ ਹਿੱਟ ਬਣਾਉਣ ਲਈ ਕੈਟਵਾਕ ਕੋਰੀਓਗ੍ਰਾਫ਼ਰ ਨੂੰ ਹਾਇਰ ਕਰ ਰਹੇ ਹਨ। ਨੌਜਵਾਨਾਂ 'ਚ ਫ਼ੈਸ਼ਨ ਦੇ ਕ੍ਰੇਜ਼ ਨੂੰ ਦੇਖਦੇ ਹੋਏ ਕਾਲਜਾਂ 'ਚ ਵੀ ਫ਼ੈਸ਼ਨ ਸ਼ੋਅ ਕਰਵਾਏ ਜਾ ਰਹੇ ਹਨ। ਫ਼ੈਸ਼ਨ ਕੋਰੀਓਗ੍ਰਾਫ਼ਰ ਦੇ ਰੂਪ 'ਚ ਤੁਹਾਡੇ ਲਈ ਕੰਮਾਂ ਦੇ ਹਜ਼ਾਰਾਂ ਮੌਕੇ ਉਪਲਬਧ ਹਨ।

### ਪੜ੍ਹਾਈ

*ਫ਼ੈਸ਼ਨ ਕੋਰਿਓਗ੍ਰਾਫ਼ਰ ਬਣਨ ਲਈ ਵਿਦਿਆਰਥੀ ਦਾ ਕਿਸੇ ਵਿਸ਼ੇਸ਼ ਵਿਸ਼ੇ ਨਾਲ ਪਾਸ ਹੋਣਾ ਜ਼ਰੂਰੀ ਨਹੀਂ ਹੁੰਦਾ, ਬਲਕਿ ਇਸ ਖੇਤਰ 'ਚ ਉਹ ਆਪਣੀ ਰੁਚੀ ਨਾਲ ਸਫ਼ਲਤਾ ਦਾ ਸਫ਼ਰ ਤੈਅ ਕਰਦਾ ਹੈ। ਇਹ ਹੀ ਕਾਰਨ ਹੈ ਕਿ ਸੰਸਥਾਵਾਂ ਦੁਆਰਾ ਫ਼ੈਸ਼ਨ ਕੋਰਿਓਗ੍ਰਾਫ਼ਰ ਲਈ ਸਿੱਧੇ ਤੌਰ 'ਤੇ ਕਿਸੇ ਤਰ੍ਹਾਂ ਦੇ ਕੋਰਸ ਦੀ ਸ਼ੁਰੂਆਤ ਨਹੀਂ ਕੀਤੀ ਜਾਂਦੀ। ਫ਼ੈਸ਼ਨ ਡਿਜ਼ਾਈਨਿੰਗ ਤਹਿਤ ਹੀ ਇਸ ਨਾਲ ਸਬੰਧਤ ਸਿੱਖਿਆ ਪ੍ਰਾਪਤ ਕੀਤੀ ਜਾ ਸਕਦੀ ਹੈ। ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਤੇ ਹੋਰ ਕਈ ਸੰਸਥਾਵਾਂ ਹਨ, ਜੋ ਫ਼ੈਸ਼ਨ ਡਿਜ਼ਾਈਨਿੰਗ ਦੇ ਤਹਿਤ ਫ਼ੈਸ਼ਨ ਕੋਰਿਓਗ੍ਰਾਫ਼ੀ ਦਾ ਕੋਰਸ ਕਰਾਉਂਦੇ ਹਨ। ਕਿਸੇ ਵੀ ਵਿਸ਼ੇ 'ਚ ਘੱਟ ਤੋਂ ਘੱਟ 50 ਫ਼ੀਸਦੀ ਅੰਕਾਂ ਨਾਲ ਬਾਰ੍ਹਵੀ ਪਾਸ ਕਰਨ ਵਾਲੇ ਵਿਦਿਆਰਥੀ ਫ਼ੈਸ਼ਨ ਡਿਜ਼ਾਈਨਿੰਗ ਦੇ ਕੋਰਸ 'ਚ ਦਾਖ਼ਲਾ ਲੈ ਸਕਦੇ ਹਨ। ਇਸ ਤਹਿਤ ਤੁਸੀਂ ਚਾਹੋ ਤਾਂ ਕਿਸੇ ਅਨੁਭਵੀ ਫ਼ੈਸ਼ਨ ਕੋਰਿਓਗ੍ਰਾਫ਼ਰ ਦੇ ਨਾਲ ਸਹਾਇਕ ਦੇ ਰੂਪ 'ਚ ਜੁੜ ਕੇ ਵੀ ਫ਼ੈਸ਼ਨ ਕੋਰਿਓਗ੍ਰਾਫ਼ੀ ਦੀਆਂ ਬਾਰੀਕੀਆਂ ਸਿਖ ਸਕਦੇ ਹੋ।*

### ਅਨੁਭਵ ਨਾਲ ਵੱਧਦੀ ਆਮਦਨ

*ਇਕ ਫ਼ੈਸ਼ਨ ਕੋਰੀਓਗ੍ਰਾਫ਼ਰ ਦੇ ਰੂਪ 'ਚ ਤੁਸੀਂ ਕਿੰਨਾ ਕਮਾ ਸਕਦੇ ਹੋ। ਇਹ ਪੂਰੀ ਤਰ੍ਹਾਂ ਤੁਹਾਡੀ ਰੁਚੀ ਅਤੇ ਤੁਹਾਡੇ ਦੁਆਰਾ ਕੀਤੀ ਕੋਰਿਓਗ੍ਰਾਫ਼ਿਕ ਫ਼ੈਸ਼ਨ ਸ਼ੋਅ ਦੀ ਸਫ਼ਲਤਾ 'ਤੇ ਨਿਰਭਰ ਕਰਦਾ ਹੈ। ਸ਼ੁਰੂਆਤੀ ਸਮੇਂ 'ਚ ਤੁਸੀਂ ਕਿਸੇ ਅਨੁਭਵੀ ਕੋਰਿਓਗ੍ਰਾਫ਼ੀ ਕੋਲ ਅਸਿਸਟੈਂਟ ਦੇ ਰੂਪ 'ਚ 15 ਤੋਂ 20 ਹਜ਼ਾਰ ਤਕ ਦੀ ਤਨਖ਼ਾਹ ਪ੍ਰਾਪਤ ਕਰ ਸਕਦੇ ਹੋ। ਸਮੇਂ ਅਤੇ ਅਨੁਭਵ ਨਾਲ ਤੁਸੀਂ ਜਿੰਨੇ ਜ਼ਿਆਦਾ ਸ਼ੋਅ ਨੂੰ ਸਫ਼ਲ ਬਣਾ ਸਕੋਗੇ, ਤੁਹਾਡੀ ਕਮਾਈ ਵੀ ਉਸ ਅਨੁਸਾਰ ਤੈਅ ਹੋਵੇਗੀ।*

### ਕਿੱਥੋਂ ਕਰੀਏ ਕੋਰਸ

- ਨੈਸ਼ਨਲ ਇੰਸਟੀਚਿਊਟ ਆਫ਼ ਫ਼ੈਸ਼ਨ ਟੈਕਨਾਲੋਜੀ, ਨਵੀਂ ਦਿੱਲੀ www.nift.ac.in
- ਨੈਸ਼ਨਲ ਇੰਸਟੀਚਿਊਟ ਆਫ਼ ਡਿਜ਼ਾਈਨ, ਅਹਿਮਦਾਬਾਦ www.nid.edu
- ਏਪੀਜੀ ਸ਼ਿਮਲਾ ਯੂਨੀਵਰਸਿਟੀ, ਸ਼ਿਮਲਾ www.apg.edu.in
- ਸਕੂਲ ਆਫ਼ ਫ਼ੈਸ਼ਨ ਟੈਕਨਾਲੋਜੀ, ਪੁਨੇ www.soft.ac.in

# ਅਧਿਆਪਕ ਤੇ ਵਿਦਿਆਰਥੀ ਦਾ ਰਿਸ਼ਤਾ

• ਰਾਜਵਿੰਦਰ ਰੌਂਤਾ
98764-86187

ਅਧਿਆਪਕ ਤੇ ਵਿਦਿਆਰਥੀ ਦਾ ਰਿਸ਼ਤਾ ਗੁਰੂ ਚੇਲੇ ਦਾ ਰਿਸ਼ਤਾ ਹੈ। ਕਹਾਵਤ ਵੀ ਹੈ ਕਿ ਗੁਰੂ ਬਿਨਾਂ ਗਤ ਨਹੀਂ ਸ਼ਾਹ ਬਿਨਾਂ ਪੱਤ ਨਹੀਂ। ਅੱਜ ਦੇ ਪਦਾਰਥਵਾਦੀ ਯੁੱਗ ਨੇ ਹੋਰਨਾਂ ਰਿਸ਼ਤਿਆਂ ਵਾਂਗ ਸਵਾਰਥ ਭਰ ਦਿੱਤਾ ਹੈ। ਸਕੂਲ ਦੇ ਨਿੱਜੀਕਰਨ ਤੇ ਆਪਸੀ ਮੁਕਾਬਲੇਬਾਜ਼ ਦੇ ਯੁੱਗ ਵਿਚ ਦਾਖ਼ਲਾ ਪੂਰਤੀ ਲਈ ਅਣਦੇਖਿਆ ਜਾਂ ਚੁੱਪ ਵੱਟਣ ਦੀਆਂ ਕਨਸੋਆਂ ਅਕਸਰ ਹੀ ਮਿਲਦੀਆਂ ਹਨ।

ਵਿਦਿਆਰਥੀ ਨੂੰ ਲੋੜੋਂ ਵੱਧ ਢਿੱਲ ਤੇ ਲੋੜੋਂ ਵੱਧ ਸਖ਼ਤੀ ਕਈ ਵਾਰ ਗੰਭੀਰ ਰੂਪ ਧਾਰਨ ਕਰ ਬਹਿੰਦੀ ਹੈ ਅਤੇ ਕਈ ਵਾਰ ਦੁੱਖਦਾਇਕ ਤੇ ਦਿਲ ਨੂੰ ਝੰਜੋੜਨ ਵਾਲੀਆਂ ਤੇ ਸ਼ਰਮਨਾਕ ਘਟਨਾਵਾਂ ਵੀ ਵਾਪਰ ਜਾਂਦੀਆਂ ਹਨ। ਜਿਸ ਨਾਲ ਗੁਰੂ ਚੇਲੇ ਦਾ ਰਿਸ਼ਤਾ ਵੀ ਪਤਿਤ ਹੁੰਦਾ ਹੈ। ਅਧਿਆਪਕ ਤੇ ਵਿਦਿਆਰਥੀ ਦੇ ਰਿਸ਼ਤੇ ਵਿਚਲੀਆਂ ਸਾਂਝਾਂ ਨੂੰ ਪੀਡੀਆਂ ਕਰਨ ਲਈ ਸੈਮੀਨਾਰ ਤੇ ਵਿਚਾਰ ਗੋਸ਼ਟੀਆਂ ਦੀ ਲੋੜ ਹੈ। ਅਧਿਆਪਕ ਤੇ ਬੱਚੇ ਦਾ ਰਿਸ਼ਤਾ ਮਾਪਿਆਂ ਵਰਗਾ ਹੋਵੇ ਕਿਉਂਕਿ ਮਾਪੇ ਅਧਿਆਪਕ 'ਤੇ ਵਿਸ਼ਵਾਸ ਕਰ ਕੇ ਮਾਪਾ ਸਮਝ ਕੇ ਛੱਡ ਕੇ ਜਾਂਦੇ ਹਨ।

ਵਿਦਿਆਰਥੀ ਦੇ ਕੋਮਲ ਮਨ 'ਤੇ ਹਰ ਘਟਨਾ ਤੇ ਹਰ ਗੱਲ ਅਸਰ ਕਰਦੀ ਹੈ। ਵਿਦਿਆਰਥੀ ਦੇ ਮਨ ਵਿਚ ਇਹ ਗੱਲ ਬਿਠਾਉਣ ਦੀ ਲੋੜ ਹੈ ਕਿ ਅਧਿਆਪਕ ਉਸ ਦਾ ਗੁਰੂ ਹੈ ਜੋ ਕਿ ਰੱਬ ਸਮਾਨ ਹੈ। ਜੋ ਕਦੇ ਵੀ ਆਪਣੇ ਵਿਦਿਆਰਥੀ ਦਾ ਬੁਰਾ ਨਹੀਂ ਕਰ ਸਕਦਾ। ਵਿਦਿਆਰਥੀ ਤੇ ਅਧਿਆਪਕ ਦਾ ਗੁਰੂ ਚੇਲੇ ਦਾ ਰਿਸ਼ਤਾ ਪਵਿੱਤਰ ਤੇ ਸਵਾਰਥ ਰਹਿਤ ਹੈ। ਇਸ ਰਿਸ਼ਤੇ ਤੋਂ ਨੇੜਲਾ ਰਿਸ਼ਤਾ ਕੋਈ ਨਹੀਂ ਹੈ ਜਿਸਦਾ ਇਤਿਹਾਸ ਵੀ ਗਵਾਹ ਹੈ। ਬੱਚੇ ਦੀ ਕਮਾਈ 'ਚੋਂ ਭੋਰਾ ਹਿੱਸਾ ਵੀ ਅਧਿਆਪਕ ਨੂੰ ਨਹੀਂ ਜਾਣਾ ਹੁੰਦਾ ਇਸ ਲਈ ਅਧਿਆਪਕ ਮਹਾਨ ਅਤੇ ਸਤਿਕਾਰਯੋਗ ਹੈ। ਅਧਿਆਪਕ ਨੂੰ ਵੀ ਅੱਜ



ਦੇ ਸੰਦਰਭ ਵਿਚ ਸਵੈ-ਚਿੰਤਨ ਕਰਨ ਦੀ ਲੋੜ ਹੈ। ਪੁਰਾਣੇ ਸਮੇਂ ਵਿਚ ਮਾਪੇ ਆਪ ਕਹਿੰਦੇ ਸਨ ਕਿ ਇਹਨੂੰ ਕੁਟਿਆ ਕਰੋ ਜੀ, ਪੜ੍ਹਦਾ ਨਹੀਂ ਜਾਂ ਜਿੰਨਾਂ ਮਰਜ਼ੀ ਕੁੱਟੋ ਮਾਰੋ, ਬਸ ਪੜ੍ਹਨਾ ਚਾਹੀਦਾ ਹੈ। ਹੁਣ ਵਕਤ ਦਾ ਤਕਾਜਾ ਸਮਝਣ ਦੀ ਵੀ ਲੋੜ ਹੈ।

ਅਧਿਆਪਕ ਵੀ ਵਿਦਿਆਰਥੀ ਨੂੰ ਗੁੱਸੇ ਨਾਲ ਜਾਂ ਕਿਸੇ ਰੰਜਸ਼ ਤਹਿਤ ਪਸ਼ੂਆਂ ਵਾਂਗ ਗਿੱਦੜ ਕੁੱਟ ਨਾ ਕੁੱਟੇ। ਜੇ ਅਧਿਆਪਕ ਕਿਸੇ ਮਾਨਸਿਕ ਰੋਗ ਜਾਂ ਤਣਾਅ ਤੋਂ ਪੀੜਤ ਹੈ ਤਾਂ ਛੁੱਟੀ ਲੈ ਲੈਣੀ ਚਾਹੀਦੀ ਹੈ। ਅਧਿਆਪਕ ਦਾ ਹੁਲਾਸ ਭਰਿਆ ਮਨ ਚੰਗੀ ਸਿੱਖਿਆ ਤੇ ਵਿਦਿਆਰਥੀ ਦੇ ਸਰਬਪੱਖੀ ਵਿਕਾਸ ਲਈ ਕਾਰਗਰ ਸਾਬਤ ਹੋ ਸਕਦਾ ਹੈ। ਕਈ ਵਾਰ ਵਿਦਿਆਰਥੀ ਨੂੰ ਭਰੀ ਸਭਾ ਵਿਚ ਮਿਲੀ ਵੱਡੀ ਸਜ਼ਾ ਉਸ ਦਾ ਦਿਮਾਗ਼ ਘੁੰਮਾ ਕੇ ਮਰਨ ਮਾਰਨ ਤੱਕ ਵੀ ਪਹੁੰਚਾ ਦਿੰਦੀ ਹੈ। ਉਸਨੂੰ ਪਿਆਰ ਨਾਲ ਉਸਦੀ ਗ਼ਲਤੀ ਦਾ ਅਹਿਸਾਸ ਕਰਵਾਇਆ ਜਾਵੇ। ਦੇਖਿਆ ਗਿਆ ਹੈ ਕਿ ਅੱਜ ਦਾ ਮਾਸੂਮ ਬੱਚਾ ਵੀ, ਉਏ ਨਹੀਂ ਸਹਾਰਦਾ। ਗੁੱਸੇ ਦੀ ਬਜਾਇ ਮੋਹ ਦੀ ਭਾਸ਼ਾ ਹਰ ਮਰਜ਼ ਦੀ ਦਵਾ ਮੰਨੀ ਜਾਂਦੀ ਹੈ। ਮੁਆਫ਼ ਕਰਨਾ, ਮੁਆਫ਼ੀ ਮੰਗਣਾਂ ਅਤੇ ਗ਼ਲਤੀ ਸੁਧਾਰਨ ਦਾ ਮੌਕਾ ਦੇਣਾ ਬਹੁਤ ਵੱਡੇ ਇਨਸਾਨੀ ਗੁਣ ਮੰਨੇ ਜਾਂਦੇ ਹਨ। ਸਮੂਹ ਅਧਿਆਪਕ ਵਰਗ ਨੂੰ ਸੁਚੇਤ ਹੋ ਸਵੇਰ ਦੀ ਸਭਾ ਵਿਚ ਦੁਖਦਾਈ ਘਟਨਾ ਬਾਰੇ ਸਾਰੇ ਵਿਦਿਆਰਥੀਆਂ ਨਾਲ ਵਿਚਾਰ ਚਰਚਾ ਕਰਵਾਉਣ ਦੀ ਲੋੜ ਹੈ। ਅਧਿਆਪਕ ਵੀ ਮਿਲ ਬੈਠ ਕੇ ਸਮੁੱਚੇ ਰੂਪ ਵਿਚ ਚਿੰਤਨ ਕਰਨ ਤਾਂ ਜੋ ਭਵਿੱਖ ਵਿਚ ਵਿਦਿਆਰਥੀ ਦੇ ਮਨ ਵਿਚ ਆਪਣੇ ਗੁਰੂ ਅਧਿਆਪਕ 'ਤੇ ਹੱਥ ਚੁੱਕਣ ਦਾ ਖਿਆਲ ਤੱਕ ਨਾ ਆਵੇ। ਅਧਿਆਪਕ ਤੇ ਵਿਦਿਆਰਥੀ ਦਾ ਰਿਸ਼ਤਾ ਪੁੱਤਾਂ ਧੀਆਂ ਤੋਂ ਨੇੜਲਾ ਬਣ ਸਕੇ।

# ਲਾਇਲਪੁਰ ਖ਼ਾਲਸਾ ਕਾਲਜ ਦੀਆਂ ਨਵੀਆਂ ਵਿੱਦਿਅਕ ਪੇਸ਼ਕਸ਼ਾਂ

• ਪ੍ਰੋ: ਸੁਦੀਪ ਸਿੰਘ ਢਿੱਲੋਂ
9888787220

ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਇਕ ਅਜਿਹੀ ਵਿੱਦਿਅਕ ਸੰਸਥਾ ਹੈ ਜਿਸ ਨੇ ਵਿੱਦਿਆ ਦੇ ਖੇਤਰ ਵਿਚ ਨਿੱਤ ਨਵੀਆਂ ਪੁਲਾਂਘਾ ਪੁੱਟਦੇ ਹੋਏ ਇਕ ਬੇਹੱਦ ਖ਼ਾਸ ਮੁਕਾਮ ਹਾਸਲ ਕੀਤਾ ਹੈ। ਜਿਸ ਵੇਲੇ ਸਾਡੇ ਪੰਜਾਬ ਅੰਦਰ ਸਿੱਖਿਆ ਅਤੇ ਵਿੱਦਿਅਕ ਖੇਤਰ ਦੇ ਹਾਲਾਤ ਉੱਤੇ ਸਿੱਖਿਆ ਸ਼ਾਸਤਰੀ ਅਤੇ ਸੂਝਵਾਨ ਲੋਕ ਚਿੰਤਾ ਕਰ ਰਹੇ ਹਨ ਉਸ ਵੇਲੇ ਇਕ ਵਿੱਦਿਅਕ ਅਦਾਰਾ ਅਜਿਹਾ ਵੀ ਹੈ ਜੋ ਪੂਰੇ ਪੰਜਾਬ ਅਤੇ ਖ਼ਾਸਕਰ ਦੁਆਬੇ ਲਈ ਨਿੱਤ ਦਿਨ ਨਵਾਂ ਮਾਣ ਹਾਸਲ ਕਰ ਰਿਹਾ ਹੈ। ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਨਵੇਂ ਵਿੱਦਿਅਕ ਸੈਸ਼ਨ ਭਾਵ ਇਸ ਵਾਰ ਦੇ 2018-19 ਸੈਸ਼ਨ ਲਈ ਕਾਲਜ ਦੀ ਤਾਜ਼ਾ ਤਰੀਨ ਪਹਿਲਕਦਮੀ ਵਿਦਿਆਰਥੀਆਂ ਨੂੰ ਨਵੇਂ ਕੋਰਸ ਮੁਹੱਈਆ ਕਰਾਉਣ ਦੇ ਖੇਤਰ ਵਿਚ ਹੋਈ ਹੈ। ਜਿੱਥੇ ਕਾਲਜ ਨੇ ਐਮਏ. ਸੰਗੀਤ (ਵੋਕਲ), ਬੀਏ. ਵਿਦ ਸਾਈਕਾਲੋਜੀ (ਕੋ-ਐਡ), ਡਿਪਲੋਮਾ ਇਨ ਕੰਪਿਊਟਰ ਐਨੀਮੇਸ਼ਨ ਦੇ ਨਾਲ-ਨਾਲ ਸਰਟੀਫ਼ਿਕੇਸ਼ਨ ਕੋਰਸ ਇਨ ਉਰਦੂ ਵੀ ਸ਼ੁਰੂ ਕਰ ਕਰ ਦਿੱਤਾ ਹੈ। ਇਹ ਸਾਰੇ ਉਹ ਕੋਰਸ ਹਨ ਜੋ ਵਿਦਿਆਰਥੀਆਂ ਨੂੰ ਅੱਜ ਦੇ ਸਮੇਂ ਅਨੁਸਾਰ ਢੁਕਵੀਂ ਅਤੇ ਲੀਕ ਤੋਂ ਹਟਕੇ ਵਿੱਦਿਆ ਪ੍ਰਦਾਨ ਕਰਨਗੇ।

ਕਿਸੇ ਵੀ ਵਿੱਦਿਅਕ ਅਦਾਰੇ ਦਾ ਮੁੱਖ ਕੰਮ ਹੈ ਪੜ੍ਹਾਈ ਲਿਖਾਈ ਅਤੇ ਇੱਥੋਂ ਹੀ ਲਾਇਲਪੁਰ ਖ਼ਾਲਸਾ ਕਾਲਜ ਦੀਆਂ ਪ੍ਰਾਪਤੀਆਂ ਦਾ ਸਿਲਸਿਲਾ ਸ਼ੁਰੂ ਹੁੰਦਾ ਹੈ। ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਪਿਛਲੇ ਤਿੰਨ ਸਾਲਾਂ ਵਿਚ ਯੂਨੀਵਰਸਿਟੀ ਇਮਤਿਹਾਨਾਂ ਵਿਚ ਸੈਂਕੜਿਆਂ ਦੇ ਹਿਸਾਬ ਨਾਲ ਮੈਰਿਟ ਸਥਾਨ ਪ੍ਰਾਪਤ ਕੀਤੇ ਹਨ। ਠੀਕ ਇਸੇ ਤਰ੍ਹਾਂ ਨਾਲ ਖੇਡਾਂ ਦੇ ਖੇਤਰ ਵਿਚ ਬਹੁਤ ਫ਼ਖ਼ਰ ਵਾਲੀ ਗੱਲ ਹੈ ਕਿ ਕਾਲਜ ਦੇ ਖਿਡਾਰੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ 'ਤੇਜਾ ਸਿੰਘ ਸਮੁੰਦਰੀ ਓਵਰਆਲ ਜਨਰਲ ਚੈਂਪੀਅਨਸ਼ਿਪ ਟਰਾਫੀ' ਰਿਕਾਰਡ 22 ਵਾਰ ਜਿੱਤੀ ਹੈ ਅਤੇ ਕਾਲਜ ਦੇ ਖਿਡਾਰੀ ਯੂਨੀਵਰਸਿਟੀ ਦੀ ਟੀਮ ਦੇ ਨਾਲ-ਨਾਲ ਕੌਮੀ ਤੇ ਕੌਮਾਂਤਰੀ ਪਧਰ ਉੱਤੇ ਮੱਲਾਂ ਮਾਰ ਰਹੇ ਹਨ। ਰਾਸ਼ਟਰੀ ਪੱਧਰ ਉੱਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਸੱਭਿਆਚਾਰਕ ਟੀਮਾਂ ਅਤੇ ਉਨ੍ਹਾਂ ਦੀ ਕਾਮਯਾਬੀ ਵਿਚ ਵੀ ਲਾਇਲਪੁਰ ਖ਼ਾਲਸਾ ਕਾਲਜ ਦਾ ਹਮੇਸ਼ਾ ਭਾਰੀ ਯੋਗਦਾਨ ਹੁੰਦਾ ਹੈ।

ਕਾਲਜ ਵੱਲੋਂ ਖਿਡਾਰੀਆਂ ਨੂੰ ਦਿੱਤੀਆਂ ਜਾਂਦੀਆਂ ਸਹੂਲਤਾਂ ਦੇ ਨਾਲ-ਨਾਲ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ, ਲੋੜਵੰਦਾਂ ਅਤੇ ਵੱਖ-ਵੱਖ ਵਜ਼ੀਫਿਆਂ ਤਹਿਤ ਕੁੱਲ ਮਿਲਾ ਕੇ 35-40 ਤਰੀਕਿਆਂ ਨਾਲ ਵਿਦਿਆਰਥੀਆਂ ਦੀ ਆਰਥਿਕ ਸਹਾਇਤਾ ਅਤੇ ਹੌਸਲਾ ਅਫ਼ਜ਼ਾਈ ਕੀਤੀ ਜਾਂਦੀ ਹੈ। ਕਾਲਜ ਵੱਲੋਂ ਹਰ ਸਾਲ ਵਿਦਿਆਰਥੀਆਂ ਨੂੰ ਉਚੇਰੀ ਵਿਦਿਆਂ ਪ੍ਰਾਪਤ ਕਰਨ ਲਈ 10 ਲੱਖ ਦੀ ਮਾਈਕਲ ਸਹਿਗਲ ਸਕਾਲਰਸ਼ਿਪ ਵੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਪਲੇਸਮੈਂਟ ਵਿਭਾਗ ਰਾਹੀਂ ਜ਼ਿੰਮੇਵਾਰੀ ਨਾਲ ਕਾਲਜ ਦੇ ਵਿਦਿਆਰਥੀਆਂ ਦਾ ਭਵਿੱਖ ਵੀ ਬਣਾਇਆ ਜਾ ਰਿਹਾ ਹੈ। ਇਸ ਕਾਲਜ ਨਾਲ ਸਬੰਧਤ ਹਰ ਸ਼ਖ਼ਸ ਇਸ ਗੱਲ ਨਾਲ ਸਹਿਮਤ ਹੈ ਕਿ ਕਾਲਜ ਗਵਰਨਿੰਗ ਕੌਂਸਲ ਦੀ ਪ੍ਰਧਾਨ ਸਰਦਾਰਨੀ ਬਲਬੀਰ ਕੌਰ ਦੀ ਸੁਚੱਜੀ ਅਗਵਾਈ ਅਤੇ ਪ੍ਰਿੰਸੀਪਲ ਡਾ. ਗੁਰਪਿੰਦਰ ਸਿੰਘ ਸਮਰਾ ਦੀ ਦੇਖ-ਰੇਖ ਹੇਠ ਕਾਲਜ ਦੁਆਰਾ ਕੀਤੀਆਂ ਵਿਲੱਖਣ ਪ੍ਰਾਪਤੀਆਂ ਕਾਰਨ ਹੀ ਇਹ ਐਵਾਰਡ ਮਿਲੇ ਹਨ। ਕਾਲਜ ਨੂੰ ਪਿਛਲੇ ਪੰਜ ਸਾਲਾਂ ਵਿਚ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਕੋਲੋਂ ਇਨਫਰਾਸਟਰਕਚਰ ਰਿਸਰਚ ਗਰਾਂਟ, ਡਿਵੈਲਪਮੈਂਟ ਗਰਾਂਟ, ਫਿਸਟ ਲੈਵਲ-ਓ ਕੈਟਾਗਿਰੀ ਗਰਾਂਟ, ਸਟਾਰ ਕਾਲਜ ਸਕੀਮ, ਰਿਸਰਚ ਪ੍ਰੋਜੈਕਟ ਗਰਾਂਟ ਤੋਂ ਇਲਾਵਾ ਕਾਨਫਰੰਸਾਂ, ਵਰਕਸ਼ਾਪ ਅਤੇ ਸੈਮੀਨਾਰਾਂ ਆਦਿ ਵਾਸਤੇ ਗਰਾਂਟਾਂ ਲਗਾਤਾਰ ਮਿਲੀਆਂ ਹਨ।

ਕਾਲਜ ਦੀਆਂ ਵਿੱਦਿਆ ਦੇ ਖੇਤਰ ਵਿਚ ਮਾਣਮੱਤੀਆਂ ਪ੍ਰਾਪਤੀਆਂ ਸਦਕਾ 'ਸਕਿੱਲ ਕਾਉਂਸਿਲ ਆਫ਼ ਇੰਡੀਆ' ਦੁਆਰਾ ਲਗਾਤਾਰ ਕੋਰਸ ਦਿੱਤੇ ਜਾ ਰਹੇ ਹਨ। ਕਾਲਜ ਵਿਚ ਪੜ੍ਹਾਈ ਕਰ ਰਹੇ ਅਤੇ ਦਾਖ਼ਲਾ ਲੈਣ ਦੇ ਚਾਹਵਾਨ ਵਿਦਿਆਰਥੀਆਂ ਲਈ ਚੰਗੀ ਗੱਲ ਇਹ ਹੈ ਕਿ ਇਹ ਸਮੂਹ ਗ੍ਰਾਂਟਾਂ ਕਾਲਜ ਵਿਚ ਅਧਿਆਪਨ ਦਾ ਮਿਆਰ ਵਧਾਉਣ ਲਈ, ਖੋਜ ਕੇਂਦਰ ਅਧਿਆਪਨ ਲਈ, ਕਾਲਜ ਵਿਚ ਉਪਕਰਨ ਲੈਬ ਸਥਾਪਤ ਕਰਨ ਲਈ, ਵੱਡੇ ਪੱਧਰ 'ਤੇ ਡਾਟਾ ਨਿਰੀਖਣ ਕਰਨ ਲਈ ਅਤੇ ਵਿਦਿਆਰਥੀਆਂ ਦੀ ਖੋਜ ਕੇਂਦਰਤ ਪੜ੍ਹਾਈ ਕਰਨ ਲਈ ਖ਼ਰਚ ਕੀਤੀਆਂ ਜਾ ਰਹੀਆਂ ਹਨ ਜਿਸ ਨਾਲ ਸਿਧੇ ਤੌਰ ਉੱਤੇ ਵਿਦਿਆਰਥੀਆਂ ਨੂੰ ਫਾਇਦਾ ਹੋਇਆ ਹੈ। ਇਸ ਤੋਂ ਪਹਿਲਾਂ, ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਭਾਵ ਯੂ.ਜੀ.ਸੀ ਵਲੋਂ ਕਾਲਜ ਨੂੰ 'ਪੋਟੈਂਸ਼ੀਅਲ ਫਾਰ ਐਕਸੀਲੈਂਸ' ਦਾ ਵੱਕਾਰੀ ਐਵਾਰਡ ਵੀ ਦਿੱਤਾ ਜਾ ਚੁੱਕਿਆ ਹੈ। ਯੂ.ਜੀ.ਸੀ ਵੱਲੋਂ ਇਹ ਐਵਾਰਡ ਕਾਲਜ ਦੀਆਂ ਪਿਛਲੇ ਤਿੰਨਾ ਸਾਲਾ ਦੀ ਅਕਾਦਮਿਕ ਪਰਫਾਰਮੈਂਸ, ਮੈਰਿਟ ਹੋਲਡਰ ਲਿਸਟ, ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਕਾਨਫਰੰਸ, ਖੇਡਾਂ ਅਤੇ ਹੋਰ ਸੱਭਿਆਚਾਰਕ ਸਰਗਰਮੀਆਂ ਆਦਿ ਨੂੰ ਦੇਖ ਕੇ ਦਿੱਤਾ ਜਾਂਦਾ ਹੈ ਅਤੇ ਨਾਲ ਹੀ ਕਾਲਜ ਨੂੰ ਡੇਢ ਕਰੋੜ ਦੀ ਗ੍ਰਾਂਟ ਵੀ ਦਿੱਤੀ ਜਾਂਦੀ ਹੈ। ਇੱਥੇ ਇਹ ਗੱਲ ਵੀ ਖ਼ਾਸ ਤੌਰ 'ਤੇ ਦੱਸਣ ਵਾਲੀ ਹੈ ਕਿ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਨੂੰ ਇਸ ਵੱਕਾਰੀ ਐਵਾਰਡ ਤੋਂ ਪਹਿਲਾਂ ਵੀ ਯੂ.ਜੀ.ਸੀ ਨਾਲ ਸਬੰਧਤ ਇਕ ਹੋਰ ਸ਼ਾਖਾ ਭਾਵ 'ਨੈਕ' ਵੱਲੋਂ ਚੋਟੀ ਦਾ ਗ੍ਰੇਡ ਅਤੇ ਉਸ ਦੇ ਨਾਲ 3.74/4 ਦਾ ਸਕੋਰ ਵੀ ਪ੍ਰਾਪਤ ਹੋ ਚੁੱਕਾ ਹੈ।



ਬਲਬੀਰ ਕੌਰ
ਪ੍ਰਧਾਨ




ਡਾ. ਗੁਰਪਿੰਦਰ ਸਿੰਘ ਸਮਰਾ
ਪ੍ਰਿੰਸੀਪਲ

*ਪ੍ਰਾਪਤੀਆਂ ਮਗਰੋਂ ਟਿਕ ਕੇ ਬੈਠ ਜਾਣਾ ਇਕ ਆਮ ਗੱਲ ਹੈ ਪਰ ਲਾਇਲਪੁਰ ਖ਼ਾਲਸਾ ਕਾਲਜ ਨਿਰੰਤਰ ਅੱਗੇ ਵਧਦਾ ਰਹਿੰਦਾ ਹੈ ਤੇ ਹੁਣ ਭਵਿੱਖ ਦੀ ਤਿਆਰੀ ਵੱਜੋਂ ਕਾਲਜ ਨੇ ਆਪਣੇ ਢਾਂਚੇ 'ਚ ਹੋਰ ਵੀ ਵਾਧਾ ਕੀਤਾ ਹੈ। ਅੱਜ-ਕੱਲ੍ਹ ਦੇ ਜ਼ਮਾਨੇ ਦਾ ਹਰ ਕੋਰਸ ਕਾਲਜ 'ਚ ਮੁਹੱਈਆ ਕਰਵਾ ਦਿੱਤਾ ਹੈ...*

ਇਸ ਕਾਲਜ ਅੰਦਰ ਸਾਰਥਕ ਖੋਜ ਦਾ ਵੀ ਬਹੁਤ ਕੰਮ ਹੋ ਰਿਹਾ ਹੈ। ਬਹੁਤ ਸਾਰੇ ਅਧਿਆਪਕਾਂ ਨੇ ਯੂ.ਜੀ.ਸੀ. ਤੋਂ ਮਾਈਨਰ ਪ੍ਰੋਜੈਕਟ ਅਤੇ ਮੇਜਰ ਪ੍ਰੋਜੈਕਟ ਵੀ ਪ੍ਰਾਪਤ ਕੀਤੇ ਹਨ ਜਦਕਿ ਸਟਾਫ਼ ਦਾ ਵੱਡਾ ਹਿੱਸਾ ਪੀ.ਐੱਚ.ਡੀ ਹੋ ਚੁੱਕਾ ਅਤੇ ਹੋ ਰਿਹਾ ਹੈ। ਕਾਲਜ ਦੇ ਬਹੁਤ ਸਾਰੇ ਪੋਸਟ ਗਰੈਜੂਏਟ ਵਿਭਾਗਾਂ ਵੱਲੋਂ ਛਿਮਾਹੀ ਅਤੇ ਸਾਲਾਨਾ ਰਿਸਰਚ ਮੈਗਜ਼ੀਨ ਵੀ ਕੱਢੇ ਜਾਂਦੇ ਹਨ। ਕਾਲਜ ਵਿਚ ਇੱਕੋ ਵੇਲੇ ਕਈ ਰਿਸਰਚ ਸੈਂਟਰ ਜਿਵੇਂ ਸੈਂਟਰ ਆਫ਼ ਹਿਸਟੋਰੀਕਲ ਸਟੱਡੀਜ਼, ਸੈਂਟਰ ਫਾਰ ਗੁਰੂ ਗ੍ਰੰਥ ਸਾਹਿਬ ਸੱਟਡੀਜ਼, ਪੰਜਾਬ ਸੈਂਟਰ ਫਾਰ ਮਾਈਗ੍ਰੇਸ਼ਨ ਸੱਟਡੀਜ਼, ਸ. ਬਲਬੀਰ ਸਿੰਘ ਸੈਂਟਰ ਫਾਰ ਸਾਇੰਸ, ਪੰਜਾਬੀ ਭਾਸ਼ਾ ਵਿਕਾਸ ਕੇਂਦਰ ਅਤੇ ਪੰਜਾਬੀ ਸੱਭਿਆਚਾਰ ਅਤੇ ਲੋਕ ਧਾਰਾ ਅਧਿਐਨ ਕੇਂਦਰ ਵੀ ਆਪਣੇ ਪੱਧਰ ਉੱਤੇ ਖੋਜ ਕਾਰਜਾਂ ਵਿਚ ਵੱਡਾ ਯੋਗਦਾਨ ਪਾ ਰਹੇ ਹਨ। ਇਸ ਤਰ੍ਹਾਂ ਲਾਇਲਪੁਰ ਖ਼ਾਲਸਾ ਕਾਲਜ ਵਿਚ ਇਹੋ ਜਿਹੇ ਮਾਹੌਲ ਕਾਰਨ ਪ੍ਰਾਪਤੀਆਂ ਦਾ ਆਉਣਾ ਸੁਭਾਵਕ ਹੀ ਹੈ।

ਪ੍ਰਾਪਤੀਆਂ ਮਗਰੋਂ ਟਿਕ ਕੇ ਬੈਠ ਜਾਣਾ ਇਕ ਆਮ ਗੱਲ ਹੈ ਪਰ ਲਾਇਲਪੁਰ ਖ਼ਾਲਸਾ ਕਾਲਜ ਨਿਰੰਤਰ ਅੱਗੇ ਵਧਦਾ ਰਹਿੰਦਾ ਹੈ ਅਤੇ ਹੁਣ ਭਵਿੱਖ ਦੀ ਤਿਆਰੀ ਵੱਜੋਂ ਕਾਲਜ ਨੇ ਆਪਣੇ ਢਾਂਚੇ ਵਿਚ ਹੋਰ ਵੀ ਵਾਧਾ ਕੀਤਾ ਹੈ। ਅੱਜ ਕੱਲ੍ਹ ਦੇ ਜ਼ਮਾਨੇ ਦਾ ਲਗਪਗ ਹਰ ਕੋਰਸ ਕਾਲਜ ਵਿਚ ਮੁਹੱਈਆ ਕਰਵਾ ਦਿੱਤਾ ਹੈ ਅਤੇ ਭਵਿੱਖ ਲਈ ਵੀ ਯੋਜਨਾਵਾਂ ਹਨ। ਇਸੇ ਦੀ ਇਕ ਉਦਾਹਰਨ ਇਹ ਵੀ ਹੈ ਕਿ ਪ੍ਰਿੰਸੀਪਲ ਡਾ: ਸਮਰਾ ਵੱਲੋਂ ਇਸ ਖਿੱਤੇ ਦੀ ਲੋੜ ਮੁਤਾਬਕ ਅਤੇ ਅਗਲੇ ਸਾਲ 2019 ਲਈ ਖੇਤੀਬਾੜੀ ਅਤੇ ਪੰਜਾਬੀ ਰਿਵਾਇਤੀ ਸੱਭਿਆਚਾਰ ਵਰਗੇ ਮਹੱਤਵਪੂਰਨ ਵਿਸ਼ਾ ਲਿਆਉਣ ਲਈ ਵੀ ਹੁਣੇ ਤੋਂ ਹੀ ਟੀਚਾ ਅਤੇ ਕੰਮ ਮਿਥਿਆ ਗਿਆ ਹੈ। ਕਾਲਜ ਦੇ ਇਹ ਵੱਧਦੇ ਕਦਮ ਸਾਡੇ ਖਿੱਤੇ ਲਈ ਕਾਫ਼ੀ ਅਹਿਮ ਸਾਬਤ ਹੋਣਗੇ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਨੌਕਰੀਆਂ ਲਈ ਤਿਆਰ ਕਰਨ ਲਈ ਵੱਖ ਵੱਖ ਕੰਪਨੀਆਂ ਕਾਲਜ 'ਚ ਆਉਂਦੀਆਂ ਹਨ।



ਕੌਮੀ ਪੱਤ੍ਰਿਕਾ

# ਹਰਿਆਣਾ ਸਰਕਾਰ ਨਸ਼ੇ ਦੀ ਵਿਕਰੀ ਨੂੰ ਰੋਕਣ ਅਤ ਇਸ ਦੇ ਕਾਰੋਬਾਰ ਵਿਚ ਲਗੇ ਵਿਅਕਤੀਆਂ ਨੂੰ ਫੜਣ ਲਈ ਵਿਸ਼ੇਸ਼ ਮੁਹਿੰਮ ਚਲਾਏਗੀ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿਚ ਨਸ਼ੇ ਦੀ ਰੋਕਥਾਮ ਲਈ ਪੇਂਡੂਆਂ ਤੇ ਸ਼ਹਿਰਾਂ ਖੇਤਰਾਂ ਵਿਚ ਸਾਂਝੀ ਟਾਸਕ ਫੋਰਸ ਬਣਾਈ ਜਾਵੇਗੀ ਜੋ ਨਸ਼ੇ ਦੀ ਵਿਕਰੀ ਨੂੰ ਰੋਕਣ ਅਤ ਇਸ ਦੇ ਕਾਰੋਬਾਰ ਵਿਚ ਲਗੇ ਵਿਅਕਤੀਆਂ ਨੂੰ ਫੜਣ ਲਈ ਵਿਸ਼ੇਸ਼ ਮੁਹਿੰਮ ਚਲਾਏਗੀ। ਇਸ ਟਾਸਕ ਫੋਰਸ ਨੂੰ ਇੰਨ੍ਹਾਂ ਮਜ਼ਬੂਤ ਬਣਾਇਆ ਜਾਵੇਗਾ ਕਿ ਨਸ਼ੇ ਦੇ ਵਪਾਰੀਆਂ ਦੇ ਦਿਲ ਵਿਚ ਇਸ ਨੂੰ ਲੈਕੇ ਇੰਨ੍ਹਾਂ ਡਰ ਪੈਦਾ ਹੋਵੇਗਾ ਕਿ ਉਹ ਇਸ ਕੰਮ ਨੂੰ ਤੋਬਾ ਕਰ ਲੈਣ।

ਮੁੱਖ ਮੰਤਰੀ ਨੇ ਇਹ ਗੱਲ ਅੱਜ ਹਰਿਆਣਾ ਸਿਵਲ ਸਕੱਤਰੇਤ ਵਿਚ ਹਰਿਆਣਾ ਵਿਜਨ-2047 ਦੇ ਤਹਿਤ ਸਮਾਜਿਕ ਨਿਆਂ ਤੇ ਅਧਿਕਾਰਤਾ, ਅਨੁਸੂਚਿਤ ਜਾਤੀਆਂ ਤੇ ਪਿਛੜਾ ਵਰਗ ਭਲਾਈ ਅਤੇ ਅੰਤਯੋਦਯ (ਸੇਵਾ) ਵਿਭਾਗ ਦੇ ਅਗਲੇ 6 ਸਾਲ ਦੇ ਰੋਡਮੈਪ ਤੇ ਕਾਰਜ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਦਿੱਤੀ। ਉਨ੍ਹਾਂ ਨੇ ਵਿਭਾਗ ਤੋਂ ਸਬੰਧਤ ਮੁੱਖ ਮੰਤਰੀ ਐਲਾਨਾਂ, ਬਜਟ ਐਲਾਨਾਂ ਅਤੇ ਸੰਕਲਪ ਪੱਤਰ ਦੇ ਕੰਮਾਂ ਦੀ ਸਮੀਖਿਆ ਦੀ ਵੀ ਸਮਿਖਿਆ ਕੀਤੀ ਅਤੇ ਇਸ ਸਬੰਧੀ ਅਧਿਕਾਰੀਆਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਹਾਜਿਰ ਅਧਿਕਾਰੀਆਂ ਨੂੰ ਨਸ਼ੇ ਦੀ ਰੋਕਥਾਮ ਵਿਚ ਸਹਿਯੋਗ ਦੇਣ ਅਤੇ ਪਰਿਵਾਰ, ਸਮਾਜ ਤ ਦੇਸ਼ ਨੂੰ ਨਸ਼ਾਮੁਕਤ ਕਰਨ ਵਿਚ ਸਹਿਯੋਗ ਦੇਣ ਦੀ ਸੂੰਹ ਵੀ ਦਿਵਾਈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿਚ ਨਸ਼ੇ ’ਤੇ ਪੂਰੀ ਰੋਕ ਲਗਾਉਣ ਲਈ ਇਸ ਦੀ ਵਿਕਰੀ ਦੇ ਨੈਟਵਰਕ ਨੂੰ ਤੋੜਣ ਦੀ ਲੋੜ ਹੈ। ਇਸ ਲਈ ਉਨ੍ਹਾਂ ਨੇ ਸੇਵਾ ਵਿਭਾਗ ਦੀ ਅਗਵਾਈ ਹੇਠ ਪੇਂਡੂ ਪੱਧਰ ’ਤੇ ਸਰਪੰਚ, ਵਾਰਡ ਮੈਂਬਰ, ਬੀਡੀਪੀਓ, ਐਸਐਚਓ ਤੇ ਖੇਤਰ ਵਿਚ ਕੰਮ ਕਰਦੇ ਐਨਜੀਓ ਨੂੰ ਸ਼ਾਮਿਲ ਕਰਦੇ ਹੋਏ ਅਤੇ ਸ਼ਹਿਰੀ ਖੇਤਰ ਵਿਚ ਨਗਰ ਨਿਗਮ ਦੇ ਸਕੱਤਰ, ਵਾਰਡ ਮੈਂਬਰ, ਐਚਐਚਓ ਅਤੇ ਐਨਜੀਓ ਨੂੰ ਸ਼ਾਮਿਲ ਕਰਦੇ ਹੋਏ ਸਾਂਝੀ ਟਾਸਕ ਫੋਰਸ ਬਣਾਉਣ ਦੇ ਨਿਦੇਸ਼ ਦਿੱਤੇ। ਇਹ ਟਾਸਕ ਫੋਰਸ ਅਜਿਹੀ ਥਾਂਵਾਂ ਦੀ ਚੋਣ ਕਰੇਗੀ, ਜਿੱਥੇ ਨਸ਼ੇ ਦੀ ਵਿਕਰੀ ਹੁੰਦੀ ਹੈ ਅਤੇ ਸਖਤੀ ਨਾਲ ਨਸ਼ੇ ਦੀ ਵਪਾਰੀਆਂ ਖਿਲਾਫ ਸਖਤ ਕਰਵਾਈ ਕਰੇਗੀ। ਨਸ਼ੇ ਦੇ ਕਾਰੋਬਰ ਵਿਚ ਲਗੇ ਲੋਕਾਂ ਵਿਚ ਇਸ ਟਾਸਕ ਫੋਰਸ ਦਾ ਡਰ ਹੋਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਪੀੜਿਤਾਂ ਲਈ ਸੂਬੇ ਵਿਚ ਹੋਰ ਵੱਧ ਨਸ਼ਾ ਮੁਕਤੀ ਕੇਂਦਰ ਤੇ ਰਿਹੈਬਲਿਟੇਸ਼ਨ ਸੈਂਟਰ ਖੋਲ੍ਹੇ ਜਾਣਗੇ। ਨਸ਼ਾ ਮੁਕਤੀ ਕੇਂਦਰ ਵਿਚ ਜੋ ਵਿਅਕਤੀ ਇਲਾਜ ਕਰਵਾਕੇ ਬਾਹਰ ਨਿਕਲਦੇ ਹਨ, ਉਨ੍ਹਾਂ ਦੀ 3 ਮਹੀਨੇ ਤਕ ਖਾਸ ਦੇਖ-ਭਾਲ ਕੀਤੀ ਜਾਵੇ ਅਤੇ ਇਸ ਲਈ ਕੌਸ਼ਲ ਸਿਖਲਾਈ ਅਤੇ ਰੁਜ਼ਗਾਰ ਦੇਣ ਦੀ ਵੀ ਕਾਰਜ ਯੋਜਨਾ ਤਿਆਰ ਕੀਤੀ ਜਾਵੇ। ਨਸ਼ਾ ਪੀੜਿਤਾਂ ਨਾਲ ਦੋਸਤਾਨਾਂ ਸਬੰਧ ਬਣਾ ਕੇ ਇੰਨ੍ਹਾਂ ਨੂੰ ਫਿਰ ਤੋਂ ਸਮਾਜ ਦੀ ਮੁੱਖ ਧਾਰਾ ਵਿਚ ਸ਼ਾਮਿਲ ਕਰਕੇ ਹੀ ਅਸੀਂ ਆਦਰਸ਼ ਸਮਾਜ ਬਣਾ ਸਕਦੇ ਹਾਂ।

ਸੇਵਾ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਜੀ.ਅਨੁਪਮਾ ਨੇ ਦਸਿਆ ਕਿ ਸੂਬੇ ਵਿਚ 119 ਨਸ਼ਾ ਮੁਕਤੀ ਕੇਂਦਰ, 29 ਰਿਹੈਬਲੀਟੇਸ਼ਨ ਸੈਂਟਰ ਅਤੇ 2 ਮਨੋਰੋਗ ਹਸਪਤਾਲ ਚਲ ਰਹੇ ਹਨ। ਕੁਰੁਕਸ਼ੇਤਰ ਵਿਚ ਪੀਪੀਪੀ ਮੋਡ ’ਤੇ ਇਕ ਰਿਹੈਬਲੀਟੇਸ਼ਨ ਸੈਂਟਰ ਸ਼ੁਰੂ ਕੀਤਾ ਜਾਵੇਗਾ। ਨਸ਼ਾ ਮੁਕਤੀ ਲਈ ਵਿਭਾਗ ਨੇ ਡ੍ਰਗ ਐਡਿਕਸ



ਨਿਗਰਾਨੀ ਸਿਸਟਮ ਵੀ ਬਣਾਇਆ ਗਿਆ ਹੈ ਤਾਂ ਜੋ ਨਸ਼ਾ ਮੁਕਤੀ ਤੋਂ ਬਾਅਦ ਵਿਕਅਤੀ ਦੀ ਪੂਰੀ ਨਿਗਰਾਨੀ ਕੀਤੀ ਜਾ ਸਕੇ ਅਤੇ ਇਹ ਯਕੀਨੀ ਕੀਤਾ ਜਾ ਸਕੇ ਕਿ ਉਹ ਫਿਰ ਤੋਂ ਨਸ਼ੇ ਦਾ ਅਦਾ ਨਾ ਹੋਵੇ। ਉਨ੍ਹਾਂ ਦਸਿਆ ਕਿ ਸੇਵਾ ਵਿਭਾਗ ਸੂਬੇ ਵਿਚ 35 ਤਰ੍ਹਾਂ ਦੀਆਂ ਯੋਜਨਾਵਾਂ ਰਾਹੀਂ ਪਾਤਰ ਵਿਅਕਤੀਆਂ ਤੇ ਪਰਿਵਾਰਾਂ ਨੂੰ ਪੈਨਸ਼ਨ ਸਮੇਤ ਹੋਰ ਮਾਲੀ ਮਦਦ ਦੇ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੈਨਸ਼ਨ ਤੇ ਹੋਰ ਯੋਜਨਾਵਾਂ ਦੇ ਪਾਤਰਾਂ ਲਈ ਆਪਣੇ ਨਿੱਜੀ ਤੇ ਪਰਿਵਾਰਕ ਵੇਰਵੇ ਵਿਚ ਸੋਧ ਦਾ ਪ੍ਰਵਧਾਨ ਕੀਤਾ ਜਾਵੇ ਤਾਂ ਜੋ ਕੋਈ ਪਾਤਰ ਵਿਅਕਤੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਅਜਿਹੇ ਮਾਡਿਊਲ ਬਣਾਏ ਜਾਣ ਜਿੰਨ੍ਹਾਂ ਰਾਹੀਂ ਕੋਈ ਵਿਅਕਤੀ ਆਪਣੇ ਵੇਰਵੇ ਨੂੰ ਸਹੀ ਕਰਵਾਉਣ ਲਈ ਬਿਨੈ ਕਰ ਸਕੇ। ਇਸ ਦੀ ਤਸਦੀਕ ਲਈ ਹਰੇਕ ਜਿਲਾ ਵਿਚ ਵਧੀਕ ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਵੇਰਵੇ ਨੂੰ ਸਹੀ ਕਰਵਾਉਣ ਦਾ ਮੌਕਾ ਦਿੱਤਾ ਜਾਵੇ। ਉਨ੍ਹਾਂ ਨੇ ਪਿਛਲੇ 3 ਮਹੀਨੇ ਵਿਚ 63,000 ਵਾਧੂ ਲਾਭਕਾਰੀਆਂ ਨੂੰ ਪੈਨਸ਼ਨ ਨਾਲ ਜੋੜਣ ’ਤੇ ਖੁਸ਼ੀ ਪ੍ਰਗਟਾਈ।

ਦਿਵਯਾਂਗ ਬੱਚਿਆਂ ਨੂੰ ਦਿੱਤੀ ਜਾ ਰਹੀ ਸਹੂਲਤਾਂ ਦੀ ਸਮੀਖਿਆ ਦੌਰਾਨ ਮੁੱਖ ਮੰਤਰੀ ਨੇ ਦਸਿਆ ਕਿ ਸੂਬੇ ਵਿਚ ਦਿਵਯਾਂਗ ਬੱਚਿਆਂ ਲਈ ਕੰਮ ਕਰ ਹੀ ਸੰਸਥਾਵਾਂ ਦਾ ਰਜਿਸਟਰੇਸ਼ਨ ਹੋਣਾ ਚਾਹੀਦਾ ਹੈ, ਇਸ ਲਈ ਇਕ ਨੀਤੀ ਤਿਆਰ ਕੀਤੀ ਜਾਵੇ ਤਾਂ ਜੋ ਚੰਗਾ ਕੰਮ ਕਰਨ ਵਾਲੀ ਸੰਸਥਾਵਾਂ ਨੂੰ ਗ੍ਰਾਂਟ ਦਿੱਤੀ ਜਾ ਸਕੇ।

ਉਨ੍ਹਾਂ ਕਿਹਾ ਕਿ ਸਾਰੇ ਦਿਵਯਾਂਗਜਨਾਂ ਨੂੰ ਸਰਕਾਰੀ ਵਿਭਾਗਾਂ ਦੀ ਨੌਕਰੀਆਂ ਵਿਚ ਨਿਰਧਾਰਿਤ ਰਾਂਖਵੇਂ ਦਾ ਲਾਭ ਦਿੱਤਾ ਜਾਵੇਗਾ। ਸ੍ਰੀ ਸੈਣੀ ਨੇ ਸੀਨੀਅਰ ਨਾਗਕਿਰਾਂ ਦੇ ਜੀਵਨ ਨੂੰ ਆਸਾਨ ਬਣਾਉਣ ਲਈ ਹਰੇਕ ਜਿਲੇ ਵਿਚ ਇਕ ਸੀਨੀਅਰ ਸਿਟੀਜਨ ਕਲਬ ਬਣਾਉਣ ਦੇ ਆਦੇਸ਼ ਦਿੱਤੇ, ਜਿਥੇ ਬਜੁਰਗਾਂ ਲਈ ਬੈਠਣ, ਆਰਾਮ ਕਰਨ ਤੇ ਖੇਡ ਸਮੇਤ ਸਾਇਕਲੋਜਿਸਟ ਤੇ ਫਿਜੀਓਥੈਰੇਪਿਸਟ ਦੀ ਵੀ ਸਹੂਲਤ ਹੋਵੇ। ਬਜੁਰਗਾਂ ਦੇ ਦੇਖਭਾਲ ਲਈ ਕੇਅਰ ਗਿਵਰਸ ਤਿਆਰ ਕਰਨ ਦੇ ਆਦੇਸ਼ ਵੀ ਦਿੱਤੇ।

ਮੁੱਖ ਮੰਤਰੀ ਨੇ ਅਨੁਸੂਚਿਤ ਜਾਤੀ, ਪਿਛੜਾ ਵਰਗ ਅਤੇ ਈਡਬਲਯੂਐਸ ਸ਼੍ਰੇਣੀ ਦੇ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਵਜੀਫੇ ਦੇ ਵੰਡ ਦੀ ਸਮੀਖਿਆ ਕਰਦੇ ਹੋਏ ਕਿਹਾ ਕਿ ਹੁਣ ਪਾਤਰ ਵਿਦਿਆਰਥੀਆਂ ਲਈ ਬਿਨੈ ਤੇ ਇਸ ਦੀ ਤਸਦੀਕ ਦਾ ਕੰਮ ਆਨਲਾਇਨ ਕਰ ਦਿੱਤਾ ਗਿਆ ਹੈ, ਜਿਸ ਦੇ ਚਲਦੇ ਹੁਣ ਵਿਦਿਆਰਥੀਆਂ ਨੂੰ ਤੁਰੰਤ ਵਜੀਫਾ ਮਿਲਣ ਲਗ ਪਿਆ ਹੈ। ਉਨ੍ਹਾਂ ਕਿਹਾ ਕਿ ਸਾਰੇ ਜਿਲ੍ਹਿਆਂ ਵਿਚ ਵਿਦਿਆਰਥੀਆਂ ਲਈ ਹੋਸਟਲ ਸ਼ੁਰੂ ਕਰਵਾਏ ਜਾਣ ਤਾਂ ਜੋ ਸ਼ਹਿਰ ਵਿਚ ਆਕੇ ਪੜ੍ਹ ਵਾਲੇ ਦੂਰਦਰਾੜੇ ਦੇ ਵਿਦਿਆਰਥੀਆਂ ਨੂੰ ਰਹਿਣ ਤੇ ਖਾਣ ਦੀ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਏ ਅਤੇ ਉਨ੍ਹਾਂ ਦੀ ਪੜ੍ਹਾਈ ਵਿਚ ਕੋਈ ਮੁਸ਼ਕਲ ਨਾ ਆਵੇ।

ਮੁੱਖ ਮੰਤਰੀ ਨੇ ਲਾਡੋ ਲਛਮੀ ਯੋਜਨਾ ਦੀ ਸਮਿਖਿਆ ਕਰਦੇ ਹੋਏ ਕਿਹਾ ਕਿ ਇਸ ਯੋਜਨਾ ਦਾ ਫਾਇਦਾ ਲੈਣ ਵਾਲੀ ਮਹਿਲਾਵਾਂ ਨੂੰ ਮਿਲ ਰਹੀ ਪੈਨਸ਼ਨ ਆਦਿ ਹੋਰ ਕਿਸੇ ਸਹੂਲਤ ’ਤੇ ਕੋਈ ਫਰਕ ਨਹੀਂ ਪਏਗਾ। ਪਿਛਲੇ ਸਾਲ ਇਸ ਯੋਜਨਾਂ ਦਾ ਬਜਟ 5000 ਕਰੋੜ ਸੀ, ਜਿਸ ਨੂੰ ਵੱਧਾ ਕੇ 6500 ਕਰੋੜ ਕਰ ਦਿੱਤਾ ਗਿਆ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਮੁੱਖ ਮੰਤਰੀ ਐਲਾਨਾਂ ਅਨੁਸਾਰ ਸਿਰਸਾ ਵਿਚ ਸੰਤ ਸਰਸਾਈ ਨਾਥ ਮੈਡੀਕਲ ਕਾਲਜ ਵਿਚ ਵੱਖ ਤੋਂ 100 ਬਿਸਤਰਿਆਂ ਦੇ ਨਸ਼ਾ ਮੁਕਤੀ ਕੇਂਦਰ ਦੀ ਸਥਾਪਨਾ ਕਰਨ, ਡਬਵਾਲੀ ਦੇ ਨਸ਼ਾ ਮੁਕਤੀ ਕੇਂਦਰ ਦੇ ਬਿਸਤਰਿਆਂ ਦੀ ਗਿਣਤੀ 10 ਤੋਂ ਵੱਧਾ ਕੇ 30 ਕਰਨ, ਏਲਨਾਬਾਦ ਵਿਚ 20 ਬੈਡ ਦਾ ਨਸ਼ਾ ਮੁਕਤੀ ਕੇਂਦਰ ਸਥਾਪਿਤ ਕਰਨ ਅਤੇ ਸਮਸਪੁਰ ਵਿਚ ਸਮਰਿਧ ਸੇਵਾ ਆਸ਼ਰਮ ਦੇ ਨਿਰਮਾਣ ਸਬੰਧੀ ਕੰਮਾਂ ਦੀ ਸਮੀਖਿਆ ਕੀਤੀ।

ਮੁੱਖ ਮੰਤਰੀ ਨੇ ਲਾਡੋ ਲਕਸ਼ਮੀ ਯੋਜਨਾ ਤੋਂ ਇਲਾਵਾ, ਪੈਨਸ਼ਨ ਨੂੰ ਮਹਿੰਗਾਈ ਅਨੁਸਾਰ ਵੱਧਾਉਣ, ਪਿਛਲੀ ਜਾਤੀਆਂ ਲਈ ਭਲਾਈ ਬੋਰਡ ਦੇ ਗਠਨ, ਪਿਛੜੇ ਵਰਗ ਦੇ ਉਦਮਿਆਂ ਨੂੰ ਕਰਜ਼ੇ ’ਤੇ ਗਰੰਟੀ ਦੇਣ, ਮੁੱਖ ਮੰਤਰੀ ਵਿਆਹ ਸ਼ਗੁਨ ਯੋਜਨਾ, ਵਜੀਫਾ ਯੋਜਨਾਵਾਂ ਵਿਚ ਪਰਿਵਾਰ ਦੀ ਆਮਦਨ ਸੀਮਾ ਨੂੰ ਵੱਧਾਉਣ ਸਮੇਤ ਹੋਰ ਸੰਕਲਪਾਂ ਦੀ ਹੋਰ ਇੰਨ੍ਹਾਂ ਦੇ ਲਾਗੂਕਰਨ ਸਬੰਧ ਵਿਚ ਲੋੜੀਦੇ ਆਦੇਸ਼ ਦਿੱਤੇ।

ਇਸ ਮੌਕੇ ’ਤੇ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਕੁਮਾਰ ਗੁਪਤਾ, ਸੇਵਾ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਜੀ.ਅਨੁਪਾ ਤੋਂ ਇਲਾਵਾ ਸੀਨੀਅਰ ਅਧਿਕਾਰੀ ਹਾਜਿਰ ਸਨ।

# ਡਿਪਟੀ ਕਮਿਸ਼ਨਰ ਆਪਣੇ-ਆਪਣੇ ਜਿਲ੍ਹਿਆਂ ਵਿਚ ਅੱਗ ਸੁਰੱਖਿਆ ਦੀ ਨਜ਼ਰ ਨਾਲ ਸੰਵੇਦਨਸ਼ੀਨ ਤੇ ਵੱਧ ਭੀੜ ਵਾਲੇ ਸਾਰੇ ਸੰਸਥਾਨਾਂ ਦੀ ਪਛਾਣ ਲਈ ਮੁਹਿੰਮ ਚਲਾਉਣ

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਆਦੇਸ਼ ਦਿੱਤੇ ਹਨ ਕਿ ਉਹ ਆਪਣੇ-ਆਪਣੇ ਜਿਲ੍ਹਿਆਂ ਵਿਚ ਅੱਗ ਸੁਰੱਖਿਆ ਦੀ ਨਜ਼ਰ ਨਾਲ ਸੰਵੇਦਨਸ਼ੀਨ ਤੇ ਵੱਧ ਭੀੜ ਵਾਲੇ ਸਾਰੇ ਸੰਸਥਾਨਾਂ ਦੀ ਪਛਾਣ ਅਤੇ ਨਿਰੀਖਣ ਲਈ ਮੁਹਿੰਮ ਚਲਾਉਣ। ਇਯ ਵਿਚ ਕੋਚਿੰਗ ਸੈਂਟਰ, ਪੇਇੰਗ ਗੇਸਟ, ਰਿਹਾਇਸ਼, ਹੋਟਲ, ਸਨਅਤੀ ਇਕਾਈਆਂ, ਵਪਾਰਕ ਭਵਨ ਅਤੇ ਹੋਰ ਅਜਿਹੇ ਸੰਸਥਾਨ ਸ਼ਾਮਿਲ ਹੋਣੇਗ, ਜਿੱਥੇ ਅੱਗ ਲੱਗਣ ਦੀ ਦੁਰਘਟਨਾ ਹੋ ਸਕਦੀ ਹੈ। ਇਸ ਮੁਹਿੰਮ ਦਾ ਮੰਤਵ ਅੱਗ ਸੁਰੱਖਿਆ ਸਬੰਧੀ ਕਮੀਆਂ ਦੀ ਪਛਾਣ ਕਰਕੇ ਨਿਰਧਾਰਿਤ ਸੁਰੱਖਿਆ ਮਾਨਕ ਦਾ ਸਖਤੀ ਨਾਲ ਪਾਲਣ ਯਕੀਨੀ ਕਰਨਾ ਹੈ।

ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਡਿਪਟੀ ਕਮਿਸ਼ਨਰਾਂ ਨੂੰ ਆਦੇਸ਼ ਦਿੱਤੇ ਕਿ ਉਹ ਨਿਧਾਰਿਤ ਸਮੇਂ ਅੰਦਰ ਆਪਣੇ-ਆਪਣੇ ਜਿਲ੍ਹਿਆਂ ਵਿਚ ਅਜਿਹੇ ਸਾਰੇ ਸੰਸਥਾਨਾਂ ਦੀ ਸੂਚੀ ਤਿਆਰ ਕਰਨ, ਉਨ੍ਹਾਂ ਦੀ ਅੱਗ ਸੁਰੱਖਿਆ ਵਿਵਸਥਾ ਦਾ ਵੇਰਵੇ ਸਹਿਤ ਆਡਿਟ ਕਰਵਾਉਣ ਅਤੇ ਜਿੰਨ੍ਹਾ ਸੰਸਥਾਨਾਂ ਵਿਚ ਸੁਰੱਖਿਆ ਮਾਨਕਾਂ ਦਾ ਪਾਲਣ ਨਹੀਂ ਹੋ ਰਿਹਾ ਹੈ, ਉਨ੍ਹਾਂ ਵਿਰੁੱਧ ਤੁਰੰਤ ਲੋੜੀਦੀ ਸੁਧਾਰਾਤਮਕ ਕਾਰਵਾਈ ਯਕੀਨੀ ਕਰਨ।

ਉਨ੍ਹਾਂ ਨੇ ਇਹ ਵੀ ਆਦੇਸ਼ ਦਿੱਤੇ ਕਿ ਸਨਅਤੀ ਇਕਾਈਆਂ ਦੇ ਮਾਲਕਾਂ, ਹੋਟਲ ਮਾਲਕਾਂ, ਕੋਚਿੰਗ ਸੈਂਟਰਾਂ ਮਾਲਕਾਂ ਅਤੇ ਹੋਰ ਵਪਾਰਕ ਸੰਸਥਾਨਾਂ ਦੇ ਨੁਮਾਇੰਦਿਆਂ ਨਾਲ ਖਾਸ ਮੀਟਿੰਗ ਕੀਤੀ ਜਾਵੇ। ਇੰਨ੍ਹਾਂ ਮੀਟਿੰਗਾਂ ਵਿਚ ਉਨ੍ਹਾਂ ਨੂੰ ਅੱਗ ਸੁਰੱਖਿਆ ਨਾਲ ਸਬੰਧਤ ਲੋੜੀਦੀ ਸਾਵਧਾਨੀਆਂ, ਅਪਨਾਈ ਜਾਣ ਵਾਲੀ ਪ੍ਰਕ੍ਰਿਆਵਾਂ ਅਤੇ ਅੱਗੇ ਦੀ ਰੋਕਥਾਮ, ਸਮੇਂ ’ਤੇ ਪਛਾਣ ਅਤੇ ਪ੍ਰਭਾਵੀ ਕੰਟ੍ਰੋਲ ਲਈ ਮਹੁੱਇਆ ਨਵੀਂਨਤਮ ਤਕਨੀਕਾਂ ਦੀ ਜਾਣਕਾਰੀ ਦਿੱਤੀ ਜਾਵੇ।

ਸ੍ਰੀ ਰਸਤੋਗੀ ਨੇ ਪੂਰੇ ਸੂਬੇ ਵਿਚ ਅੱਗ ਸੁਰੱਖਿਆ ਪ੍ਰਤੀ ਵਿਆਪਕ ਤੇ ਜਾਗਰੂਕਤਾ ਮੁਹਿੰਮ ਚਲਾਉਣ ਦੇ ਵੀ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੰਤਵ ਸਿਰਫ ਸੰਸਥਾਨਾਂ ਦੇ ਮਾਲਕਾਂ ਹੀ ਨਹੀਂ, ਸਗੋਂ ਆਮ ਨਾਗਰਿਕਾਂ ਵਿਚ ਵੀ ਅੱਗ ਸੁਰੱਖਿਆ ਪ੍ਰਤੀ ਜਾਗਰੂਕਤਾ, ਚੌਕਸੀ ਅਤੇ ਆਪਦਾ ਤੋਂ ਨਿਪਟਨ ਦੀ ਤਿਆਰੀ ਨੂੰ ਵਿਕਸਿਤ ਕਰਨਾ ਹੈ।

# ਸਰਕਾਰੀ ਖਰੀਦ ਵਿਚ ਪਾਦਰਸ਼ਤਾ ਦੇ ਨਿਰਧਾਰਿਤ ਮਾਨਕਾਂ ਦਾ ਸਖਤੀ ਨਾਲ ਪਾਲਣ ਯਕੀਨੀ ਕਰਨ ਦੇ ਆਦੇਸ਼

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ ਸਰਕਾਰੀ ਖਰੀਦ ਪ੍ਰਕ੍ਰਿਆ ਵਿਚ ਪਾਰਦਰਸ਼ਤਾ ਤੇ ਜਵਾਬਦੇਹੀ ਵੱਧਾਉਣ ਦੇ ਮੰਤਵ ਨਾਲ ਸਾਰੇ ਵਿਭਾਗਾਂ ਨੂੰ ਵੱਡੇ ਟੈਂਡਰਾਂ ਤੇ ਸਮਝੌਤਿਆਂ ਦਾ ਵੇਰਵਾ ਆਪਣੀ ਵੈਬਸਾਇਟ ਅਤੇ ਰਾਜ ਖਰੀਦ ਪੋਟਰਲ ’ਤੇ ਲਾਜਿਮੀ ਤੌਰ ’ਤੇ ਅਪਲੋਡ ਕਰਨ ਅਤੇ ਹਰੇਕ ਮਹੀਨੇ ਅਨੁਪਾਲਣ ਪ੍ਰਮਾਣ-ਪੱਤਰ ਜਮ੍ਹਾਂ ਕਰਵਾਉਣ ਦੇ ਆਦੇਸ਼ ਦਿੱਤੇ ਹਨ।

ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਸਾਰੇ ਪ੍ਰਸ਼ਾਸਨਿਕ ਸਕੱਤਰਾਂ, ਵਿਭਾਗ ਮੁੱਖੀਆਂ, ਮੰਡਲ ਕਮਿਸ਼ਰਾਂ, ਡਿਪਟੀ ਕਮਿਸ਼ਨਰਾਂ, ਬੋਰਡ ਅਤੇ ਨਿਗਮਾਂ ਦੇ ਪ੍ਰਬੰਧ ਨਿਦੇਸ਼ਕਾਂ ਅਤੇ ਯੂਨੀਵਰਸਿਟੀਆਂ ਦੇ ਰਜਿਸਟਰਾਰਾਂ ਨੂੰ ਜਾਰੀ ਪੱਤਰ ਰਾਹੀਂ ਸਰਕਾਰੀ ਖਰੀਦ ਵਿਚ ਪਾਦਰਸ਼ਤਾ ਦੇ ਨਿਰਧਾਰਿਤ ਮਾਨਕਾਂ ਦਾ ਸਖਤੀ ਨਾਲ ਪਾਲਣ ਯਕੀਨੀ ਕਰਨ ਦੇ ਆਦੇਸ਼ ਦਿੱਤੇ ਹਨ।

ਨਿਰਦੇਸ਼ ਅਨੁਸਾਰ, 5 ਕਰੋੜ ਰੁਪਏ ਤੋਂ ਵੱਧ ਮੁਲ ਦੀ ਵਸਤਾਂ, ਨਿਰਮਾਣ ਕੰਮਾਂ ਤੇ ਸੇਵਾਵਾਂ ਨਾਲ ਸਬੰਧਤ ਸਾਰੇ ਟੈਂਡਰਾਂ ਤੇ ਸਮਝੌਤਿਆਂ ਦਾ ਵੇਰਵਾ ਵਿਭਾਗੀ ਵੈਬਸਾਇਟ ਦੇ ਨਾਲ-ਨਾਲ ਉਦਯੋਗ ਤੇ ਵਪਾਰ ਵਿਭਾਗ ਦੀ ਨੋਡਲ ਵੈਬਸਾਇਟ ’ਤੇ ਵੀ ਅਪਲੋਡ ਕਰਨਾ ਲਾਜਿਮੀ ਹੋਵੇਗਾ। ਅਪਲੋਡ ਕੀਤੀ ਜਾਣ ਵਾਲੀ ਜਾਣਵਾਰੀ ਵਿਚ ਖਰੀਦ ਕਰਨ ਵਾਲੇ ਵਿਭਾਗ ਦਾ ਨਾਂਅ, ਕੰਮ ਦਾ ਸੰਖੇਪ ਵੇਰਵਾ, ਕੁਲ ਰਕਮ, ਚੋਣ ਏਜੰਸੀ ਦਾ ਨਾਂਅ ਤੇ ਕੰਮ ਵੰਡ ਦੀ ਮਿਤੀ ਦਾ ਵਰਨਣ ਕਰਨਾ ਹੋਵੇਗਾ।

ਹਰੇਕ ਜਨਤਕ ਖਰੀਦ ਇਕਾਈ ਦੇ ਮੁੱਖ ਵਿਜੀਲੈਂਸ ਅਧਿਕਾਰੀ ਇਹ ਯਕੀਨੀ ਕਰੇਗੀ ਕਿ ਹਰੇਕ ਮਹੀਨੇ ਟੈਂਡਰ ਜਾਂ ਠੇਕਾ ਸਬੰਧੀ ਸਾਰਾ ਵੇਰਵਾ ਪੋਟਰਲ ’ਤੇ ਅਪਲੋਡ ਕੀਤਾ ਜਾਵੇ ਅਤੇ ਨਿਰਧਾਰਿਤ ਦਿਸ਼ਾ-ਨਿਦੇਸ਼ਾਂ ਦੀ ਪਾਲਣਾ ਦਾ ਮਹੀਨੇਵਾਰ ਪ੍ਰਮਾਣ-ਪੱਤਰ ਮੁੱਖ ਸਕੱਤਰ ਦਫਤਰ ਨੂੰ ਰੈਗੂਲਰ ਤੌਰ ’ਤੇ ਭੇਜੀਆ ਜਾਵੇ।

# 350ਵੇਂ ਸ਼ਹੀਦੀ ਦਿਹਾੜੇ ਨੂੰ ਵਿਸ਼ਵ ਪੱਧਰ ’ਤੇ ਮਨਾਉਣ ਲਈ ਦਿੱਲੀ ਕਮੇਟੀ ਵੱਲੋਂ ਵਿਸ਼ਾਲ ਉਪਰਾਲੇ : ਹਰਮੀਤ ਸਿੰਘ ਕਾਲਕਾ




**ਨਵੀਂ ਦਿੱਲੀ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਨਾਲ ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਦੁੱਤੀ ਸ਼ਹਾਦਤ ਦੇਣ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਨੂੰ ਉੱਚ ਪੱਧਰ ’ਤੇ ਮਨਾਉਣ ਲਈ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ।ਇਸ ਮੀਟਿੰਗ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਸ਼ਾਮਲ ਹੋਏ।

ਇਸ ਦੌਰਾਨ ਸ਼ਹੀਦੀ ਦਿਹਾੜੇ ਨਾਲ ਸੰਬੰਧਤ ਹੋਣ ਵਾਲੇ ਧਾਰਮਿਕ, ਇਤਿਹਾਸਕ ਅਤੇ ਜਾਗਰੂਕਤਾ ਭਰਪੂਰ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸੰਗਤਾਂ ਵੱਲੋਂ ਦਿੱਤੇ ਗਏ ਕੀਮਤੀ ਸੁਝਾਵਾਂ ਨੂੰ ਵੀ ਗੰਭੀਰਤਾ ਨਾਲ ਸੁਣਿਆ ਗਿਆ।ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਵਿਸ਼ਵ ਇਤਿਹਾਸ ਵਿੱਚ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਸਰਬ ਸਾਂਝੀਵਾਲਤਾ ਦੀ ਸਭ ਤੋਂ ਮਹਾਨ ਮਿਸਾਲ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਮਹਾਨ ਸਾਥੀਆਂ ਦੀ ਕੁਰਬਾਨੀ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ, ਜਿਸ ਲਈ ਦਿੱਲੀ ਕਮੇਟੀ ਵੱਲੋਂ ਵਿਸ਼ੇਸ਼ ਧਾਰਮਿਕ ਸਮਾਗਮਾਂ, ਗੁਰਮਤਿ ਸਮਾਗਮਾਂ, ਇਤਿਹਾਸਕ ਪ੍ਰਦਰਸ਼ਨੀਆਂ, ਸੈਮੀਨਾਰਾਂ ਅਤੇ ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਹ 350ਵਾਂ ਸ਼ਹੀਦੀ ਦਿਹਾੜਾ ਸਿਰਫ਼ ਇੱਕ ਧਾਰਮਿਕ ਸਮਾਗਮ ਨਹੀਂ, ਸਗੋਂ ਮਨੁੱਖਤਾ, ਇਨਸਾਫ਼ ਅਤੇ ਧਾਰਮਿਕ ਸੁਤੰਤਰਤਾ ਦੇ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਪ੍ਰਚਾਰਿਤ ਕਰਨ ਦਾ ਇੱਕ ਇਤਿਹਾਸਕ ਮੌਕਾ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹਾਨ ਅਵਸਰ ਨੂੰ ਸਮਰਪਿਤ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ।

ਮੀਟਿੰਗ ਵਿੱਚ ਮੌਜੂਦ ਮੈਂਬਰਾਂ ਅਤੇ ਸੰਗਤਾਂ ਨੇ ਭਰੋਸਾ ਦਿਵਾਇਆ ਕਿ ਉਹ ਇਸ ਇਤਿਹਾਸਕ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਪੂਰਾ ਸਹਿਯੋਗ ਦੇਣਗੇ ਤਾਂ ਜੋ ਗੁਰੂ ਸਾਹਿਬ ਅਤੇ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਜਾ ਸਕੇ।

# ਨਾਮਜ਼ਦਗੀਆਂ ਦੀ ਪੜਤਾਲ ਉਪਰੰਤ 284 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ

**ਹੁਸ਼ਿਆਰਪੁਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਦੱਸਿਆ ਕਿ ਨਗਰ ਨਿਗਮ ਹੁਸ਼ਿਆਰਪੁਰ ਦੀਆਂ ਆਮ ਚੋਣਾਂ-2026 ਲਈ 286 ਨਾਮਜ਼ਦਗੀਆਂ ਪ੍ਰਾਪਤ ਹੋਈਆਂ ਸਨ। ਇਨ੍ਹਾਂ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਉਪਰੰਤ ਦੋ ਨਾਮਜ਼ਦਗੀਆਂ ਰੱਦ ਕੀਤੀਆਂ ਗਈਆਂ ਅਤੇ 284 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ।ਨਿਕਾਸ ਕੁਮਾਰ ਨੇ ਦੱਸਿਆ ਕਿ 30 ਜੂਨ ਨੂੰ ਨਾਮਜ਼ਦਗੀਆਂ ਵਾਪਸ ਲੈਣ ਦੀ ਪ੍ਰਕਿਰਿਆ ਪੂਰੀ ਹੋਣ ਉਪਰੰਤ ਚੋਣ ਮੈਦਾਨ ਵਿੱਚ ਰਹਿਣ ਵਾਲੇ ਯੋਗ



ਉਮੀਦਵਾਰਾਂ ਦੀ ਅੰਤਿਮ ਸੂਚੀ ਜਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 5 ਜੁਲਾਈ 2026 (ਐਤਵਾਰ) ਨੂੰ ਨਗਰ ਨਿਗਮ ਦੇ 50 ਵਾਰਡਾਂ ਵਿੱਚ ਵੋਟਾਂ ਪਵਾਈਆਂ ਜਾਣਗੀਆਂ।

# ਪੁਲੀਸ ਥਾਣੇ ਵਿੱਚੋਂ 32 ਲਾਇਸੈਂਸੀ ਹਥਿਆਰ ਗਾਇਬ, ਏ ਐੱਸ ਆਈ ਖ਼ਿਲਾਫ਼ ਕੇਸ ਦਰਜ

**ਫਰੀਦਾਬਾਦ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਕ ਹੈਰਾਨ ਕਰਨ ਵਾਲੀ ਘਟਨਾ ਵਿੱਚ ਇੱਕ ਪੁਲੀਸ ਸਟੇਸ਼ਨ ਦੇ ਮਾਲਖਾਨੇ (ਅਸਲਾਖਾਨੇ) ਵਿੱਚ ਪੁਲੀਸ ਹਿਰਾਸਤ ਵਿੱਚ ਰੱਖੇ 32 ਲਾਇਸੈਂਸੀ ਹਥਿਆਰ ਚੋਰੀ ਹੋ ਗਏ ਹਨ। ਚੋਰੀ ਹੋਏ ਹਥਿਆਰਾਂ ਵਿੱਚ ਵਿਦੇਸ਼ੀ ਬਣੇ ਹਥਿਆਰ ਵੀ ਸ਼ਾਮਲ ਹਨ। ਜਾਂਚ ਤੋਂ ਬਾਅਦ ਮਾਲਖਾਨਾ ਇੰਚਾਰਜ, ਏਐਸਆਈ ਬਿਜੇਂਦਰ ਸਿੰਘ ਦੇ ਖ਼ਿਲਾਫ਼ ਚੋਰੀ ਦਾ ਮਾਮਲਾ ਦਰਜ ਕੀਤਾ ਗਿਆ ਹੈ।

ਇਸ ਘਟਨਾ ਫਰੀਦਾਬਾਦ ਦੇ ਸੈਕਟਰ 8 ਦੇ ਪੁਲੀਸ ਥਾਣੇ ਤੋਂ ਸਾਹਮਣੇ ਆਈ ਹੈ। ਜਿਸ ਤੋਂ ਬਾਅਦ ਬਿਜੇਂਦਰ ਸਿੰਘ ਨੂੰ ਪੁਲੀਸ ਕਮਿਸ਼ਨਰ ਸਤੇਂਦਰ ਕੁਮਾਰ ਗੁਪਤਾ ਵੱਲੋਂ ਮੁਅੱਤਲ ਕਰ ਦਿੱਤਾ ਗਿਆ ਅਤੇ ਉਸ ਦੇ ਖ਼ਿਲਾਫ਼ ਵਿਭਾਗੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਸਥਾਨਕ ਵਸਨੀਕਾਂ ਨੇ ਇਨ੍ਹਾਂ ਹਥਿਆਰਾਂ ਨੂੰ ਆਪਣੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਲੀਸ ਸਟੇਸ਼ਨ ਵਿੱਚ ਸਵੈ-ਇੱਛਾ ਨਾਲ ਜਮ੍ਹਾਂ ਕਰਵਾਇਆ ਸੀ, ਤਾਂ ਜੋ ਲੋੜ ਪੈਣ ’ਤੇ ਉਹ ਉਨ੍ਹਾਂ ਨੂੰ ਵਾਪਸ ਲੈ ਸਕਣ।

ਹਾਲਾਂਕਿ ਪੁਲੀਸ ਨੇ ਖੁਦ ਹੀ ਇਨ੍ਹਾਂ ਹਥਿਆਰਾਂ ਨੂੰ ਇੱਕ-ਇੱਕ ਕਰਕੇ ਹੇਰਾ-ਫੇਰੀ ਕਰ ਦਿੱਤਾ। ਪੁਲੀਸ ਕਮਿਸ਼ਨਰ ਸਤੇਂਦਰ ਕੁਮਾਰ ਗੁਪਤਾ ਨੇ ਕਿਹਾ ਕਿ ਪੁਲੀਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਂਚ ਦੌਰਾਨ ਜੋ ਵੀ ਦੋਸ਼ੀ ਪਾਇਆ ਜਾਵੇਗਾ, ਉਸ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਪੁਲੀਸ ਇਸ ਮਾਮਲੇ ਦੇ ਹਰ ਪਹਿਲੂ ਦੀ ਜਾਂਚ ਕਰ ਰਹੀ ਹੈ। ਸੂਤਰਾਂ ਅਨੁਸਾਰ ਪੁਲੀਸ ਦੇ ਮਾਲਖਾਨੇ ਤੋਂ ਗਾਇਬ ਹੋਏ ਹਥਿਆਰਾਂ ਵਿੱਚ ਕਈ ਵਿਦੇਸ਼ੀ ਹਥਿਆਰ ਸ਼ਾਮਲ ਹਨ, ਜਿਨ੍ਹਾਂ ਦੀ ਕੀਮਤ 2 ਲੱਖ ਤੋਂ 10 ਲੱਖ ਰੁਪਏ ਤੱਕ ਹੋਣ ਦਾ ਅੰਦਾਜ਼ਾ ਹੈ।ਸ਼ੱਕ ਹੈ ਕਿ ਇਹ ਹਥਿਆਰ ਰਾਜਸਥਾਨ, ਨੋਇਡਾ ਅਤੇ ਦਿੱਲੀ-ਐਨਸੀਆਰ ਖੇਤਰ ਸਮੇਤ ਕਈ ਇਲਾਕਿਆਂ ਵਿੱਚ ਵੇਚੇ ਗਏ ਹਨ। ਹਾਲਾਂਕਿ, ਪੁਲੀਸ ਨੇ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ। ਜਾਣਕਾਰੀ ਅਨੁਸਾਰ ਰੁਟੀਨ ਨਿਰੀਖਣ ਦੌਰਾਨ ਹਥਿਆਰਾਂ ਦੀ ਗਿਣਤੀ ਵਿੱਚ ਫਰਕ ਪਾਇਆ ਗਿਆ ਸੀ। ਇੱਕ ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਕਿ ਸਿਰਫ਼ 13 ਹਥਿਆਰ ਗਾਇਬ ਸਨ, ਪਰ ਇੱਕ ਡੂੰਘੀ ਜਾਂਚ ਦੌਰਾਨ ਇਹ ਅੰਕੜਾ 32 ਤੱਕ ਵੱਧ ਗਿਆ ਸੀ।

ਇਸ ਤੋਂ ਬਾਅਦ ਸੀਨੀਅਰ ਪੁਲੀਸ ਅਧਿਕਾਰੀਆਂ ਨੇ ਜਾਂਚ ਦੇ ਆਦੇਸ਼ ਦਿੱਤੇ, ਜਿਸ ਨੇ 32 ਹਥਿਆਰਾਂ ਦੇ ਗਾਇਬ ਹੋਣ ਦੀ ਪੁਸ਼ਟੀ ਕੀਤੀ। ਸ਼ਰਮਿੰਦਗੀ ਤੋਂ ਬਚਣ ਲਈ, ਪੁਲੀਸ ਪੂਰੇ ਮਾਮਲੇ ਦੀ ਜਾਂਚ ਬਹੁਤ ਗੁਪਤ ਤਰੀਕੇ ਨਾਲ ਕਰ ਰਹੀ ਹੈ। ਜਾਂਚ ਟੀਮ ਨੂੰ ਸੀਨੀਅਰ ਅਧਿਕਾਰੀਆਂ ਤੋਂ ਸਪੱਸ਼ਟ ਨਿਰਦੇਸ਼ ਮਿਲੇ ਹਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕੇਸ ਨਾਲ ਸਬੰਧਤ ਜਾਣਕਾਰੀ ਲੀਕ ਨਾ ਹੋਵੇ।

ਫਿਲਹਾਲ, ਪੁਲੀਸ ਲਈ ਸਭ ਤੋਂ ਵੱਡੀ ਚੁਣੌਤੀ ਗਾਇਬ ਹੋਏ ਹਥਿਆਰਾਂ ਨੂੰ ਬਰਾਮਦ ਕਰਨਾ ਹੈ। ਜੇ ਇਹ ਹਥਿਆਰ ਅਪਰਾਧਿਕ ਗਤੀਵਿਧੀਆਂ ਵਿੱਚ ਵਰਤੇ ਜਾਂਦੇ ਹਨ, ਤਾਂ ਪੁਲੀਸ ਨੂੰ ਗੰਭੀਰ ਸਵਾਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਫਰੀਦਾਬਾਦ ਦੇ ਪੁਲੀਸ ਕਮਿਸ਼ਨਰ ਸਤੇਂਦਰ ਕੁਮਾਰ ਗੁਪਤਾ ਨੇ ਕਿਹਾ, ਮਾਮਲਾ ਜਾਂਚ ਅਧੀਨ ਹੈ। ਜਿਸ ਨੇ ਵੀ ਹਥਿਆਰਾਂ ਦੀ ਚੋਰੀ ਵਿੱਚ ਭੂਮਿਕਾ ਨਿਭਾਈ ਹੈ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ।

# ਪ੍ਰਕਾਸ਼ ਪੁਰਬ ਮੌਕੇ ਸੰਗਤ ਨੇ ਮੱਥਾ ਟੇਕਿਆ



**ਕੁਰੂਕਸ਼ੇਤਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਿਸ਼ਾਹੀ ਛੇਵੀਂ ਵਿਖੇ ਮਨਾਏ ਜਾ ਰਹੇ ਪ੍ਰਕਾਸ਼ ਉਤਸਵ ਸਮਾਗਮ ਦਾ ਤੀਜਾ ਦਿਨ ਬੇਹੱਦ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਮਾਹੌਲ ਵਿੱਚ ਸੰਪੰਨ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਸ੍ਰੀ ਅਖੰਡ ਪਾਠ ਸਾਹਿਬ ਦੀ ਪਹਿਲੀ ਲੜੀ ਦੀ ਸੰਪੂਰਨਤਾ ਅਤੇ ਦੂਜੀ ਲੜੀ ਦੇ ਆਰੰਭ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।ਇਸ ਮੌਕੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ, ਜੁਆਇੰਟ ਸਕੱਤਰ ਬਲਵਿੰਦਰ ਸਿੰਘ ਭਿੰਡਰ, ਮੈਂਬਰ ਬੀਬੀ ਜਸਬੀਰ ਕੌਰ ਮਸਾਣਾ, ਹਰਮਨਪ੍ਰੀਤ ਸਿੰਘ, ਇੰਦਰਜੀਤ ਸਿੰਘ, ਮੋਹਨਜੀਤ ਸਿੰਘ (ਪਾਣੀਪਤ), ਸੁਖਜਿੰਦਰ ਸਿੰਘ ਮਸਾਣਾ, ਭੁਪਿੰਦਰ ਸਿੰਘ ਲਾਡੀ ਸੋਕੜਾ, ਮੁੱਖ ਸਕੱਤਰ ਜਸਵਿੰਦਰ ਸਿੰਘ ਦੀਨਪੁਰ, ਐਡੀਸ਼ਨਲ ਸਕੱਤਰ ਰਾਜਪਾਲ ਸਿੰਘ ਦੁਨੀਆ ਮਾਜਰਾ, ਸ਼ਮਸ਼ੇਰ ਸਿੰਘ, ਨਰਿੰਦਰ ਸਿੰਘ, ਸਤਪਾਲ ਸਿੰਘ ਡਾਚਰ ਨੇ ਵੀ ਮੱਥਾ ਟੇਕ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

# ਲੀਗਲ ਸਰਵਿਸ ਐਥੋਰਿਟੀ ਵਲੋਂ ਜਾਗਰੂਕਤਾ ਕੈਂਪ

**ਰਤੀਆ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਫਤਿਹਾਬਾਦ ਵੱਲੋਂ ਵਿਸ਼ਵ ਬਜ਼ੁਰਗ ਦੁਰਵਿਵਹਾਰ ਜਾਗਰੂਕਤਾ ਦਿਵਸ ਮੌਕੇ ਸਦਗੁਰੂ ਕਿਰਪਾ ਆਪਣਾ ਘਰ ਬਜ਼ੁਰਗ ਆਸ਼ਰਮ ਵਿੱਚ ਇੱਕ ਵਿਸ਼ੇਸ਼ ਜਾਗਰੂਕਤਾ ਕੈਂਪ, ਚਾਹ ’ਤੇ ਚਰਚਾ ਅਤੇ ਬੂਟੇ ਲਾਉਣ ਦਾ ਪ੍ਰੋਗਰਾਮ ਕੀਤਾ ਗਿਆ। ਇਹ ਪ੍ਰੋਗਰਾਮ ਅਥਾਰਿਟੀ ਦੇ ਚੇਅਰਮੈਨ ਅਤੇ ਜ਼ਿਲ੍ਹਾ ਤੇ ਸੈਸ਼ਨ ਜੱਜ ਦੀਪਕ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਇਆ ਗਿਆ, ਜਿਸ ਦਾ ਉਦੇਸ਼ ਬਜ਼ੁਰਗਾਂ ਦੇ ਅਧਿਕਾਰਾਂ, ਸੁਰੱਖਿਆ ਅਤੇ ਸਨਮਾਨ ਪ੍ਰਤੀ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ। ਪ੍ਰੋਗਰਾਮ ਦੌਰਾਨ ਸਕੱਤਰ ਅਤੇ ਮੁੱਖ ਨਿਆਇਕ ਦੰਡ ਅਧਿਕਾਰੀ ਡਾ. ਸੁਯਸ਼ਾ ਜਾਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਬਜ਼ੁਰਗਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦਾ ਅਨਮੋਲ ਖਜ਼ਾਨਾ ਅਤੇ ਵਿਰਾਸਤ ਹਨ। ਉਨ੍ਹਾਂ ਦੇ ਤਜਰਬੇ, ਜੀਵਨ ਮੁੱਲ ਅਤੇ ਮਾਰਗਦਰਸ਼ਨ ਨਾਲ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਮਿਲਦੀ ਹੈ। ਇਸ ਲਈ ਹਰ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਘਰਾਂ ਅਤੇ



ਸਮਾਜ ਵਿੱਚ ਰਹਿੰਦੇ ਬਜ਼ੁਰਗਾਂ ਦਾ ਆਦਰ-ਸਤਿਕਾਰ ਕਰੇ ਅਤੇ ਉਨ੍ਹਾਂ ਦੀਆਂ ਲੋੜਾਂ ਦਾ ਧਿਆਨ ਰੱਖੇ। ਉਨ੍ਹਾਂ ਕਿਹਾ ਕਿ ਵਿਸ਼ਵ ਬਜ਼ੁਰਗ ਦੁਰਵਿਵਹਾਰ ਜਾਗਰੂਕਤਾ ਦਿਵਸ ਮਨਾਉਣ ਦਾ ਮੁੱਖ ਮਕਸਦ ਲੋਕਾਂ ਨੂੰ ਇਹ ਸੰਦੇਸ਼ ਦੇਣਾ ਹੈ ਕਿ ਬਜ਼ੁਰਗਾਂ ਨਾਲ ਕਿਸੇ ਵੀ ਤਰ੍ਹਾਂ ਦਾ ਦੁਰਵਿਵਹਾਰ, ਅਣਦੇਖੀ ਜਾਂ ਸ਼ੋਸ਼ਣ ਨਾ ਹੋਵੇ।

ਸਮਾਜ ਵਿੱਚ ਅਜਿਹਾ ਮਾਹੌਲ ਤਿਆਰ ਕੀਤਾ ਜਾਣਾ ਚਾਹੀਦਾ ਹੈ ਜਿੱਥੇ ਹਰ ਬਜ਼ੁਰਗ ਆਪਣੇ ਆਪ ਨੂੰ ਸੁਰੱਖਿਅਤ, ਸਨਮਾਨਿਤ ਅਤੇ ਆਤਮਵਿਸ਼ਵਾਸ ਨਾਲ ਭਰਪੂਰ ਮਹਿਸੂਸ ਕਰੇ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਲੀਗਲ ਸਰਵਿਸ ਅਥਾਰਿਟੀ ਹਮੇਸ਼ਾ ਤਤਪਰ ਹੈ। ਇਸ ਮੌਕੇ ਸਵਾਮੀ ਸ਼ਰਧਾਨੰਦ ਪ੍ਰਨਾਮੀ ਗਊ ਸੇਵਾ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਵਿਨੋਦ ਤਾਇਲ, ਸਕੱਤਰ ਅਸ਼ੋਕ ਭੁੱਕਰ, ਪੈਨਲ ਐਡਵੋਕੇਟ ਵੀਰਪਾਲ ਕੌਰ, ਗਗਨਦੀਪ ਮਾਚਰਾ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਅਤੇ ਆਸ਼ਰਮ ਦੇ ਮੈਂਬਰ ਹਾਜ਼ਰ ਸਨ।

# ਕਾਂਗਰਸ ਦੇ ਨਵ-ਨਿਯੁਕਤ ਬਲਾਕ ਪ੍ਰਧਾਨਾਂ ਦਾ ਸਨਮਾਨ



**ਸ਼ਾਹਬਾਦ ਮਾਰਕੰਡਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਅੱਜ ਜ਼ਿਲ੍ਹਾ ਕਾਂਗਰਸ ਦਫ਼ਤਰ ਵਿਚ ਨਵ-ਨਿਯੁਕਤ ਬਲਾਕ ਪ੍ਰਧਾਨਾਂ ਦਾ ਸਨਮਾਨ ਕਰਨ ਲਈ ਇਕ ਸਮਾਰੋਹ ਕੀਤਾ ਗਿਆ। ਕਾਂਗਰਸ ਦੇ ਪ੍ਰਧਾਨ ਮੇਵਾ ਸਿੰਘ, ਥਾਨੇਸਰ ਦੇ ਵਿਧਾਇਕ ਅਸ਼ੋਕ ਅਰੋੜਾ ਤੇ ਸ਼ਾਹਬਾਦ ਦੇ ਵਿਧਾਇਕ ਰਾਮ ਕਰਨ ਕਾਲਾ ਨੇ ਨਵ-ਨਿਯੁਕਤ ਬਲਾਕ ਪ੍ਰਧਾਨਾਂ ਦਾ ਹਾਰ ਪਾ ਕੇ ਸੁਆਗਤ ਕੀਤਾ। ਜ਼ਿਲ੍ਹਾ ਕਾਂਗਰਸ ਪ੍ਰਧਾਨ ਮੇਵਾ ਸਿੰਘ ਨੇ ਨਵ ਨਿਯੁਕਤ ਪ੍ਰਧਾਨਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਰਾਜਨੀਤਕ ਪਾਰਟੀ ਦੀ ਸਫਲਤਾ ਉਸ ਦੇ ਮਜ਼ਬੂਤ ਸੰਗਠਨ ’ਤੇ ਹੀ ਨਿਰਭਰ ਕਰਦੀ ਹੈ। ਕਾਂਗਰਸ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਤੇ ਆਪਣੇ ਵਰਕਰਾਂ ਨੂੰ ਸਰਗਰਮ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨੇੜਲੇ ਭਵਿੱਖ ਵਿਚ ਦਿਹਾਤੀ ਤੇ ਸ਼ਹਿਰੀ ਪੱਧਰ ’ਤੇ ਸੰਗਠਨਾਤਮਕ ਨਿਯੁਕਤੀਆਂ ਕੀਤੀਆਂ ਜਾਣਗੀਆਂ ਤੇ ਸੰਗਠਨ ਵਿਚ ਹੋਰ ਵਰਕਰ ਸ਼ਾਮਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੀਨੀਅਰ ਕਾਂਗਰਸ ਨੇਤਾ ਤੇ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਲਗਾਤਾਰ ਜਨਤਕ ਮੁੱਦੇ ਉਠਾ ਰਹੇ ਹਨ ਤੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਉਜਾਗਰ ਕਰ ਰਹੇ ਹਨ। ਇਸ ਲਈ ਜ਼ਿਲ੍ਹਾ ਤੇ ਬਲਾਕ ਪੱਧਰ ਦੇ ਅਹੁਦੇਦਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਪਿੰਡਾਂ ਤੇ ਸ਼ਹਿਰਾਂ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਤੇ ਆਮ ਲੋਕਾਂ ਦੀ ਅਵਾਜ਼ ਬਣਨ। ਉਨ੍ਹਾਂ ਕਿਹਾ ਕਿ ਭਾਜਪਾ ਨੇ ਧਰਮ ਤੇ ਜਾਤ ਦੇ ਆਧਾਰ ’ਤੇ ਫੁੱਟ-ਪਾਊ ਰਾਜਨੀਤੀ ਨੂੰ ਉਤਸ਼ਾਹਿਤ ਕੀਤਾ ਹੈ ਜੋ ਕਿ ਰਾਸ਼ਟਰ ਹਿੱਤ ਵਿਚ ਨਹੀਂ ਹੈ।

ਰਾਮ ਮੰਦਰ ਵਿਚ ਹਾਲ ਹੀ ਵਿਚ ਹੋਈ ਦਾਨ ਚੋਰੀ ਦਾ ਜ਼ਿਕਰ ਕਰਦਿਆਂ ਅਰੋੜਾ ਨੇ ਕਿਹਾ ਕਿ ਦੇਸ਼ ਦੇ ਲੋਕ ਇਸ ਘਟਨਾ ਤੋਂ ਬਹੁਤ ਦੁਖੀ ਹਨ। ਨਵ-ਨਿਯੁਕਤ ਅਹੁਦੇਦਾਰਾਂ ਵਿਚ ਲਾਡਵਾ ਦਿਹਾਤੀ ਤੋਂ ਬਲਾਕ ਪ੍ਰਧਾਨ ਭਗਵੰਤ ਸਿੰਘ ਵਿਰਕ, ਜੈ ਪਾਲ ਪੰਚਾਲ ਨੂੰ ਬਲਾਕ ਪ੍ਰਧਾਨ ਬਾਬੈਨ, ਸ਼ਾਹਬਾਦ ਸ਼ਹਿਰੀ ਤੋਂ ਪ੍ਰਦੀਪ ਗੋਇਲ, ਸ਼ਾਹਬਾਦ ਦਿਹਾਤੀ ਤੋਂ ਗਿਆਨ ਸਿੰਘ, ਇਸਮਾਈਲਾਬਾਦ ਤੋਂ ਬਲਾਕ ਪ੍ਰਧਾਨ ਮੋਹਨ ਲਾਲ ਭਾਂਵਰਾ ਨੂੰ ਬਲਾਕ ਪ੍ਰਧਾਨ ਬਣਾਇਆ ਗਿਆ ਹੈ।

# 30 ਦਿਨਾਂ ਦੀ ਪੈਰੋਲ ਖ਼ਤਮ ਹੋਣ ਤੋਂ ਬਾਅਦ ਡੇਰਾ ਮੁਖੀ ਰੋਹਤਕ ਦੀ ਸੁਨਾਰੀਆ ਜੇਲ੍ਹ ਵਾਪਸ ਪਰਤਿਆ

**ਰੋਹਤਕ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਦੋ ਸਾਧਵੀਆਂ ਨਾਲ ਜਬਰ-ਜਨਾਹ ਦੇ ਮਾਮਲੇ ਵਿੱਚ 20 ਸਾਲ ਦੀ ਕੈਦ ਦੀ ਸਜ਼ਾ ਕੱਟ ਰਹੇ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਆਪਣੀ 30 ਦਿਨਾਂ ਦੀ ਪੈਰੋਲ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਸ਼ੁੱਕਰਵਾਰ ਨੂੰ ਰੋਹਤਕ ਦੇ ਪਿੰਡ ਸੁਨਾਰੀਆ ਸਥਿਤ ਜ਼ਿਲ੍ਹਾ ਜੇਲ੍ਹ ਵਿੱਚ ਵਾਪਸ ਪਰਤ ਆਏ ਹਨ। ਜੇਲ੍ਹ ਪ੍ਰਸ਼ਾਸਨਿਕ ਸੂਤਰਾਂ ਮੁਤਾਬਕ ਉਹ ਸ਼ਾਮ ਕਰੀਬ 4:59 ਵਜੇ ਸਖ਼ਤ ਸੁਰੱਖਿਆ ਘੇਰੇ ਹੇਠ ਜੇਲ੍ਹ ਕੰਪਲੈਕਸ ਵਿੱਚ ਪਹੁੰਚੇ। ਦੱਸਣਯੋਗ ਹੈ ਕਿ ਉਨ੍ਹਾਂ ਦੀ ਇਹ 30 ਦਿਨਾਂ ਦੀ ਪੈਰੋਲ ਬੀਤੀ 26 ਮਈ ਨੂੰ ਸ਼ੁਰੂ ਹੋਈ ਸੀ।

ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਆਪਣੀ ਪੈਰੋਲ ਦੀ ਮਿਆਦ ਦੌਰਾਨ ਡੇਰਾ ਮੁਖੀ ਸਿਰਸਾ ਸਥਿਤ ਡੇਰਾ ਸੱਚਾ ਸੌਦਾ ਦੇ ਮੁੱਖ ਦਫ਼ਤਰ ਵਿਖੇ ਠਹਿਰੇ ਹੋਏ ਸਨ, ਜਿੱਥੇ ਉਨ੍ਹਾਂ ਨੇ ਆਪਣਾ ਜ਼ਿਆਦਾਤਰ ਸਮਾਂ ਬਿਤਾਇਆ।

ਇਸ ਸਮੇਂ ਦੌਰਾਨ ਉਹ ਆਨਲਾਈਨ ਸੰਚਾਰ ਸਾਧਨਾਂ (ਵੀਡੀਓ ਕਾਨਫਰੰਸਿੰਗ) ਰਾਹੀਂ ਆਪਣੇ ਸ਼ਰਧਾਲੂਆਂ ਨਾਲ ਵੀ ਲਗਾਤਾਰ ਜੁੜੇ ਰਹੇ ਅਤੇ ਡੇਰਾ ਕੰਪਲੈਕਸ ਦੇ ਅੰਦਰ ਚੱਲ ਰਹੇ ਨਵੀਨੀਕਰਨ (renovation) ਦੇ ਵੱਖ-ਵੱਖ ਕੰਮਾਂ ਵਿੱਚ ਵੀ ਰੁੱਝੇ ਰਹੇ।

ਜ਼ਿਕਰਯੋਗ ਹੈ ਕਿ ਸਿਰਸਾ ਮੁੱਖ ਦਫ਼ਤਰ ਵਾਲੇ ਡੇਰਾ ਸੱਚਾ ਸੌਦਾ ਦੇ ਹਰਿਆਣਾ, ਪੰਜਾਬ, ਰਾਜਸਥਾਨ ਅਤੇ ਹੋਰਨਾਂ ਸੂਬਿਆਂ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਨ।

# ਫੋਰਮ ਵੱਲੋਂ ਉਪ ਕੁਲਪਤੀ ਨੂੰ ਸਹਿਯੋਗ ਦਾ ਭਰੋਸਾ



**ਜੀਂਦ, 30 ਜੂਨ-ਕੌਮੀ ਪੱਤ੍ਰਿਕਾ ਬਿਊਰੋ-** ਸੀਨੀਅਰ ਸਿਟੀਜ਼ਨ ਫੋਰਮ ਦੇ ਅਹੁਦੇਦਾਰਾਂ ਅਤੇ ਕਾਰਜਕਾਰੀ ਮੈਂਬਰਾਂ ਨੇ ਚੌਧਰੀ ਰਣਵੀਰ ਸਿੰਘ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ. ਰਾਮਪਾਲ ਸੈਣੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਫੋਰਮ ਦੇ ਮੈਂਬਰਾਂ ਨੇ ਉਪ ਕੁਲਪਤੀ ਰਾਮਪਾਲ ਸੈਣੀ ਨੂੰ ਮਿਲੀ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਦੇ ਸਫ਼ਲ ਕਾਰਜਕਾਲ ਲਈ ਵਧਾਈ ਦਿੱਤੀ।ਸਵਾਗਤੀ ਪ੍ਰੋਗਰਾਮ ਤਹਿਤ ਸੀਨੀਅਰ ਸਿਟੀਜ਼ਨ ਫੋਰਮ ਦੇ ਪ੍ਰਧਾਨ ਡਾ. ਏ ਕੇ ਚਾਵਲਾ ਨੇ ਯੂਨੀਵਰਸਿਟੀ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਤੇ ਕਿਹਾ ਕਿ ਸਮਾਜ ਹਿੱਤ, ਸਿੱਖਿਆ, ਸੰਸਕਾਰ ਅਤੇ ਜਨ-ਕਲਿਆਣ ਨਾਲ ਜੁੜੇ ਕਿਸੇ ਵੀ ਕੰਮ ਲਈ ਸੀਨੀਅਰ ਸ਼ਿਟੀਜ਼ਨ ਫੋਰਮ ਹਰ ਤਰ੍ਹਾਂ ਤੋਂ ਯੂਨੀਵਰਸਿਟੀ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਖੜ੍ਹਾ ਰਹੇਗਾ। ਇਸ ਮੌਕੇ ਜਨਰਲ ਸਕੱਤਰ ਐੱਸ ਪੀ ਭਾਰਦਵਾਜ, ਸੀਨੀਅਰ ਉਪ ਪ੍ਰਧਾਨ ਪੀ ਸੀ ਜੈਨ, ਸਹਿ-ਸਕੱਤਰ ਸੁਭਾਸ਼ ਪਾਹਵਾ, ਡਾ. ਮਹਾਂਵੀਰ ਮਿੱਤਲ, ਉਸ਼ਾ ਚਾਵਲਾ, ਵਰਿੰਦਰ ਲਾਠਰ, ਜੋਗਿੰਦਰ ਪਾਹਵਾ, ਇਸਵਰਦੱਤ ਕੌਸ਼ਿਕ ਅਤੇ ਰਾਜ ਕੁਮਾਰ ਸੇਤੀਆ ਆਦਿ ਹਾਜ਼ਰ ਹਨ। ਉਨ੍ਹਾਂ ਨੇ ਕਿਹਾ ਕਿ ਸਮਾਜ ਅਤੇ ਸਿੱਖਿਆ ਦਾ ਵਿਕਾਸ ਸਾਡੇ ਸਾਰਿਆਂ ਦੀ ਸਾਮੂਹਿਕ ਜ਼ਿੰਮੇਵਾਰੀ ਹੈ।

# ਘਰ ’ਚ ਸੋਨੇ ਦੀਆਂ ਇੱਟਾਂ ਦਾ ਝਾਂਸਾ ਦੇ ਕੇ 14.60 ਲੱਖ ਦੀ ਠੱਗੀ; ਮੁੱਖ ਮੁਲਜ਼ਮ ਗ੍ਰਿਫ਼ਤਾਰ

**ਅੰਬਾਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਬਾਲਾ ਪੁਲੀਸ ਨੇ ਅੰਧ-ਵਿਸ਼ਵਾਸ ਦਾ ਸਹਾਰਾ ਲੈ ਕੇ 14 ਲੱਖ 60 ਹਜ਼ਾਰ ਰੁਪਏ ਦੀ ਠੱਗੀ ਕਰਨ ਵਾਲੇ ਗਿਰੋਹ ਦੇ ਇੱਕ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਅਬਦੁਲ ਵਾਜਿਦ ਵਾਸੀ ਪਿੰਡ ਡਾਰਪੁਰ, ਜ਼ਿਲ੍ਹਾ ਯਮੁਨਾਨਗਰ ਵਜੋਂ ਹੋਈ ਹੈ। ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਉਸ ਨੂੰ ਪੁਲੀਸ ਰਿਮਾਂਡ ’ਤੇ ਭੇਜ ਦਿੱਤਾ ਗਿਆ ਹੈ।ਜਾਂਚ ਅਧਿਕਾਰੀ ਏ ਐੱਸ ਆਈ ਨਾਰਾਇਣ ਸਿੰਘ ਨੇ ਦੱਸਿਆ ਕਿ ਪਿੰਡ ਪਤਰੇਹੜੀ ਦੇ ਰਹਿਣ ਵਾਲੇ ਅਜੈ ਨੇ ਸ਼ਿਕਾਇਤ ਦਿੱਤੀ ਸੀ ਕਿ ਅਗਸਤ 2025 ਦੌਰਾਨ ਮੁਲਜ਼ਮਾਂ ਨੇ ਉਸ ਨੂੰ ਇਹ ਕਹਿ ਕੇ ਆਪਣੇ ਜਾਲ



ਵਿੱਚ ਫਸਾਇਆ ਕਿ ਉਸ ਦੇ ਘਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤੀ ਇੱਟਾਂ ਦੱਬੀਆਂ ਹੋਈਆਂ ਹਨ। ਇਨ੍ਹਾਂ ਨੂੰ ਬਾਹਰ ਕੱਢਣ ਦੇ ਬਹਾਨੇ ਮੁਲਜ਼ਮਾਂ ਨੇ ਉਸ ਤੋਂ 14.60 ਲੱਖ ਰੁਪਏ ਠੱਗ ਲਏ ਅਤੇ ਫ਼ਰਾਰ ਹੋ ਗਏ।ਮਾਮਲਾ ਦਰਜ ਹੋਣ ਤੋਂ ਬਾਅਦ ਪੁਲੀਸ ਨੇ ਤਕਨੀਕੀ ਸਾਧਨਾਂ ਅਤੇ ਗੁਪਤ ਸੂਚਨਾ ਦੇ ਅਧਾਰ ’ਤੇ ਕਾਰਵਾਈ ਕਰਦਿਆਂ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ।

# ਐੱਸਆਈਆਰ ਦੌਰਾਨ ਭਾਜਪਾ 'ਆਪ' ਸਮਰਥਕਾਂ ਦੀਆਂ ਵੋਟਾਂ ਕੱਟਣ ਦੀ ਕੋਸ਼ਿਸ਼ ਕਰ ਸਕਦੀ ਹੈ, ਹਰ ਵਲੰਟੀਅਰ ਸੁਚੇਤ ਰਹੇ: ਭਗਵੰਤ ਸਿੰਘ ਮਾਨ



**ਸੰਗਰੂਰ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਆਮ ਆਦਮੀ ਪਾਰਟੀ ('ਆਪ') ਦੇ ਵਲੰਟੀਅਰਾਂ ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐੱਸਆਈਆਰ) ਦੌਰਾਨ ਚੌਕਸ ਰਹਿਣ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਭਾਜਪਾ ਆਗਾਮੀ ਚੋਣਾਂ ਦੇ ਨਤੀਜਿਆਂ ਨੂੰ ਪ੍ਰਭਾਵਿਤ ਕਰਨ ਲਈ 'ਆਪ' ਸਮਰਥਕਾਂ ਦੀਆਂ ਵੋਟਾਂ ਕੱਟਣ ਦੀ ਕੋਸ਼ਿਸ਼ ਕਰ ਸਕਦੀ ਹੈ। ਮੁੱਖ ਮੰਤਰੀ ਨੇ 'ਆਪ' ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਇਆ ਅਤੇ ਦਾਅਵਾ ਕੀਤਾ ਕਿ ਇਨ੍ਹਾਂ ਕਦਮਾਂ ਨਾਲ ਸੂਬੇ ਭਰ ਦੇ ਲੋਕਾਂ ਦੇ ਜੀਵਨ ਵਿੱਚ ਵੱਡਾ ਸੁਧਾਰ ਹੋਇਆ ਹੈ। ਉਨ੍ਹਾਂ ਨੇ ਪਾਰਟੀ ਕਾਰਕਰਤਾਵਾਂ ਨੂੰ ਹੇਠਲੇ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ ਅਤੇ ਭਰੋਸਾ ਪ੍ਰਗਟਾਇਆ ਕਿ 'ਆਪ' 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਰੀ ਬਹੁਮਤ ਨਾਲ ਦੁਬਾਰਾ ਸੱਤਾ ਵਿੱਚ ਆਵੇਗੀ।

ਇਸ ਮੀਟਿੰਗ ਦੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ ਅੱਜ ਸੰਗਰੂਰ ਵਿਖੇ ਸਾਡੀ ਪਾਰਟੀ ਦੀ ਰੀੜ੍ਹ ਦੀ ਹੱਡੀ, ਸਾਡੇ ਸਮਰਪਿਤ ਵਲੰਟੀਅਰਾਂ ਨਾਲ ਮੁਲਾਕਾਤ ਕੀਤੀ। ਅਸੀਂ ਉਨ੍ਹਾਂ ਦੇ ਹਲਕਿਆਂ ਵਿੱਚ ਕੀਤੇ ਜਾ ਰਹੇ ਕੰਮਾਂ ਬਾਰੇ ਖੁੱਲ੍ਹ ਕੇ ਅਤੇ ਵਿਸਥਾਰਪੂਰਵਕ ਚਰਚਾ ਕੀਤੀ। ਮੈਂ ਹਰ ਵਲੰਟੀਅਰ ਨੂੰ ਹੋਰ ਵੀ ਵੱਧ ਦ੍ਰਿੜਤਾ ਨਾਲ ਕੰਮ ਕਰਨ ਅਤੇ ਪੂਰੇ ਦਿਲ ਨਾਲ ਲੋਕਾਂ ਦੀ ਸੇਵਾ ਜਾਰੀ ਰੱਖਣ ਦੀ ਅਪੀਲ ਕੀਤੀ। ਸਾਡੇ ਵਲੰਟੀਅਰਾਂ ਦਾ ਉਤਸ਼ਾਹ ਅਤੇ ਵਚਨਬੱਧਤਾ ਹੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹੈ। ਜਿਹੜੇ ਸਾਥੀਆਂ ਨੇ ਜ਼ਮੀਨੀ ਪੱਧਰ 'ਤੇ ਦਿਨ-ਰਾਤ ਅਣਥੱਕ ਮਿਹਨਤ ਕੀਤੀ ਹੈ, ਉਨ੍ਹਾਂ ਨੂੰ ਸੰਗਠਨ ਵਿੱਚ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾਣਗੀਆਂ। ਤੁਹਾਡੇ ਪਿਆਰ, ਸਹਿਯੋਗ ਅਤੇ ਅਟੁੱਟ ਵਚਨਬੱਧਤਾ ਲਈ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ। ਇਨਕਲਾਬ ਜ਼ਿੰਦਾਬਾਦ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ 25 ਜੂਨ ਤੋਂ ਵੋਟਰ ਸੂਚੀਆਂ ਦੀ ਐੱਸਆਈਆਰ ਸ਼ੁਰੂ ਹੋ ਚੁੱਕੀ ਹੈ, ਜਿਸ ਨਾਲ ਪਾਰਟੀ ਦੇ ਹਰ ਵਲੰਟੀਅਰ ਦੀ ਜ਼ਿੰਮੇਵਾਰੀ ਹੋਰ ਵੀ ਅਹਿਮ ਹੋ ਗਈ ਹੈ। ਉਨ੍ਹਾਂ ਕਿਹਾ ਕਿ ਐੱਸਆਈਆਰ ਪ੍ਰਕਿਰਿਆ ਰਾਹੀਂ ਭਾਜਪਾ ਸੂਬੇ ਵਿੱਚ ਆਉਣ ਵਾਲੀਆਂ ਚੋਣਾਂ ਵਿੱਚ ਸੱਤਾ ਹਥਿਆਉਣ ਲਈ 'ਆਪ' ਸਮਰਥਕਾਂ ਦੀਆਂ ਵੋਟਾਂ ਕੱਟਣ ਦੀ ਕੋਸ਼ਿਸ਼ ਕਰ ਸਕਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਚੋਣਾਂ ਜਿੱਤਣ ਲਈ ਇਹ ਭਾਜਪਾ ਦੀ ਕਾਰਜ ਪ੍ਰਣਾਲੀ ਬਣ ਚੁੱਕੀ ਹੈ। ਹਰ ਵਲੰਟੀਅਰ ਨੂੰ ਸੁਚੇਤ ਰਹਿਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇੱਕ ਵੀ ਅਸਲੀ ਵੋਟ ਨਾ ਕੱਟੀ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਲੋਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸੱਤਾ ਸੰਭਾਲਣ ਤੋਂ ਬਾਅਦ ਕਈ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਨਸ਼ਿਆਂ ਦੀ ਅਲਾਮਤ ਨੂੰ ਖ਼ਤਮ ਕਰਨ ਲਈ ਸੂਬੇ ਭਰ ਵਿੱਚ ਕਰੀਬ 3,100 ਖੇਡ ਮੈਦਾਨ 15 ਜੁਲਾਈ ਤੱਕ ਮੁਕੰਮਲ ਕਰਕੇ ਚਾਲੂ ਕਰ ਦਿੱਤੇ ਜਾਣਗੇ। ਉਨ੍ਹਾਂ ਅੱਗੇ ਕਿਹਾ, ਸਾਡੀ ਲੜਾਈ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਦੇ ਸਾਂਝੇ ਗਠਜੋੜ ਵਿਰੁੱਧ ਹੈ, ਜਿਨ੍ਹਾਂ ਦਾ ਸੱਤਾ ਹਥਿਆਉਣ ਅਤੇ ਪੰਜਾਬ ਨੂੰ ਲੁੱਟਣ ਤੋਂ ਇਲਾਵਾ ਕੋਈ ਹੋਰ ਏਜੰਡਾ ਨਹੀਂ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਰਟੀ ਵਲੰਟੀਅਰਾਂ ਨੂੰ ਇੱਕਜੁੱਟ ਰਹਿਣ ਅਤੇ ਰਾਜ ਸਰਕਾਰ ਦੀਆਂ ਨੀਤੀਆਂ ਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਂਦੇ ਹੋਏ ਦ੍ਰਿੜਤਾ ਨਾਲ ਵਿਰੋਧੀਆਂ ਦਾ ਸਾਹਮਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਕੋਲ ਸਿਰਫ਼ ਇੱਕ ਹੀ ਏਜੰਡਾ ਹੈ, ਉਹ ਹੈ ਉਨ੍ਹਾਂ ਨੂੰ ਬਦਨਾਮ ਕਰਨਾ, ਅਤੇ ਉਹ ਫਰਜ਼ੀ ਵੀਡੀਓਜ਼ ਵਾਇਰਲ ਕਰਕੇ ਸਭ ਤੋਂ ਹੇਠਲੇ ਪੱਧਰ 'ਤੇ ਉਤਰ ਰਹੇ ਹਨ। ਉਨ੍ਹਾਂ ਕਿਹਾ, ਸਾਡੀ ਸਰਕਾਰ ਦੀਆਂ ਨੀਤੀਆਂ ਨੇ ਲੋਕਾਂ ਦੇ ਘਰੇਲੂ ਅਤੇ ਖੇਤੀਬਾੜੀ ਦੋਵਾਂ ਖਰਚਿਆਂ ਨੂੰ ਕਾਫ਼ੀ ਹੱਦ ਤੱਕ ਘਟਾ ਦਿੱਤਾ ਹੈ, ਅਤੇ ਇਹੀ ਕਾਰਨ ਹੈ ਕਿ ਵਿਰੋਧੀ ਧਿਰ ਬੌਖਲਾਈ ਹੋਈ ਹੈ।

'ਆਪ' ਸਰਕਾਰ ਦੀਆਂ ਪ੍ਰਮੁੱਖ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਸਰਵਉੱਚ ਤਰਜੀਹ ਦਿੰਦਿਆਂ ਸਰਕਾਰ ਨੇ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਲੋਕਾਂ ਦੇ ਰੋਜ਼ਾਨਾ ਕਰੀਬ 70 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਪੂਰੀ ਤਰ੍ਹਾਂ ਪਾਰਦਰਸ਼ੀ ਭਰਤੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ 68,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਦੱਸਿਆ ਕਿ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਸੂਬੇ ਭਰ ਵਿੱਚ ਕਰੀਬ 44,000 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਹੋਰ ਵੀ ਕਈ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਨਹਿਰੀ ਸਿੰਚਾਈ ਨੈੱਟਵਰਕ ਨੂੰ ਕਾਫ਼ੀ ਮਜ਼ਬੂਤ ਕੀਤਾ ਗਿਆ ਹੈ ਅਤੇ ਖੇਤੀਬਾੜੀ ਸੈਕਟਰ ਲਈ ਨਹਿਰੀ ਪਾਣੀ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਨੇ ਪੂਰੇ ਪੰਜਾਬ ਵਿੱਚ ਉੱਪਰੋਂ ਲੰਘਣ ਵਾਲੀਆਂ ਬਿਜਲੀ ਦੀਆਂ ਤਾਰਾਂ ਨੂੰ ਪੜਾਅਵਾਰ ਤਰੀਕੇ ਨਾਲ ਅੰਡਰਗਰਾਊਂਡ ਬਿਜਲੀ ਸਿਸਟਮ ਵਿੱਚ ਬਦਲਣ ਲਈ ਇੱਕ ਅਹਿਮ ਪ੍ਰੋਗਰਾਮ ਸ਼ੁਰੂ ਕੀਤਾ ਹੈ।

ਲੋਕਾਂ ਦੇ ਸਹਿਯੋਗ 'ਤੇ ਭਰੋਸਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਦਾ ਪਿਆਰ ਅਤੇ ਸਤਿਕਾਰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਨੂੰ ਯਕੀਨੀ ਬਣਾਏਗਾ। ਉਨ੍ਹਾਂ ਨੇ ਪਾਰਟੀ ਕਾਰਕਰਤਾਵਾਂ ਨੂੰ ਕਮਰ ਕੱਸਣ ਅਤੇ ਪਾਰਟੀ ਨੂੰ ਹੋਰ ਵੀ ਵੱਡੇ ਬਹੁਮਤ ਨਾਲ ਦੁਬਾਰਾ ਸੱਤਾ ਵਿੱਚ ਲਿਆਉਣ ਲਈ ਅਣਥੱਕ ਮਿਹਨਤ ਕਰਨ ਦਾ ਸੱਦਾ ਦਿੰਦਿਆਂ ਕਿਹਾ, ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' 100 ਤੋਂ ਵੱਧ ਸੀਟਾਂ ਜਿੱਤੇਗੀ।

# ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਪਿੰਡ ਭੁਰਥਲਾ ਮੰਡੇਰ ਵਿਖੇ ਰਾਸ਼ਨ ਡਿਪੂ ਦਾ ਅਚਨਚੇਤ ਨਿਰੀਖਣ

**ਮਲੇਰਕੋਟਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਨੈਸ਼ਨਲ ਫੂਡ ਸਕਿਉਰਿਟੀ ਐਕਟ, 2013 ਦੀ ਪ੍ਰਭਾਵਸ਼ਾਲੀ ਲਾਗੂਅਮਲੀ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਮਲੇਰਕੋਟਲਾ ਦੇ ਪਿੰਡ ਭੁਰਥਲਾ ਮੰਡੇਰ ਵਿਖੇ ਰਾਸ਼ਨ ਡਿਪੂ ਦਾ ਅਚਨਚੇਤ ਨਿਰੀਖਣ ਕੀਤਾ ਗਿਆ।

ਨਿਰੀਖਣ ਦੌਰਾਨ ਡਿਪੂ ਵਿਖੇ ਉਪਲਬਧ ਅਨਾਜ ਦੀ ਗੁਣਵੱਤਾ, ਭਾਰ ਅਤੇ ਨਮੀ ਦੀ ਮਾਤਰਾ ਦੀ ਤਕਨੀਕੀ ਜਾਂਚ ਕੀਤੀ ਗਈ। ਇਸ ਮੌਕੇ ਅਨਾਜ ਦੀਆਂ ਵੱਖ-ਵੱਖ ਬੋਰੀਆਂ ਨੂੰ ਕੰਡੇ 'ਤੇ ਤੋਲਿਆ ਗਿਆ ਅਤੇ ਨਮੀ ਮਾਪਣ ਵਾਲੇ ਮੀਟਰ ਰਾਹੀਂ ਜਾਂਚ ਕਰਕੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਇਸ ਦੀ ਪੁਸ਼ਟੀ ਕੀਤੀ ਗਈ।

ਜਾਂਚ ਦੌਰਾਨ ਅਨਾਜ ਦੀ ਗੁਣਵੱਤਾ ਨਾਲ ਸਬੰਧਤ ਕੁਝ ਤਕਨੀਕੀ ਪਹਿਲੂ ਧਿਆਨ ਵਿੱਚ ਆਏ, ਜਿਨ੍ਹਾਂ ਦੇ ਮੱਦੇਨਜ਼ਰ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੀ ਸੁਧਾਰਾਤਮਕ ਕਾਰਵਾਈ ਕਰਨ ਅਤੇ ਭਵਿੱਖ ਵਿੱਚ ਅਜਿਹੀਆਂ ਕਮੀਆਂ ਦੀ ਦੁਹਰਾਈ ਨਾ ਹੋਣ ਨੂੰ ਯਕੀਨੀ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ।

ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਜਨਤਕ ਵੰਡ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਕਾਇਮ ਰੱਖਣ ਲਈ ਅਨਾਜ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਸ਼ਨ ਡਿਪੂਆਂ ਨੂੰ ਸਪਲਾਈ ਕੀਤੇ ਜਾਣ ਵਾਲੇ ਅਨਾਜ ਦੀ ਵੰਡ ਤੋਂ ਪਹਿਲਾਂ ਭਾਰ, ਨਮੀ ਅਤੇ ਗੁਣਵੱਤਾ ਦੀ ਨਿਯਮਿਤ ਜਾਂਚ ਯਕੀਨੀ ਬਣਾਈ ਜਾਵੇ ਅਤੇ ਲਾਭਪਾਤਰੀਆਂ ਨੂੰ ਨਿਰਧਾਰਿਤ ਮਾਪਦੰਡਾਂ ਅਨੁਸਾਰ ਮਿਆਰੀ ਅਨਾਜ ਹੀ ਮੁਹੱਈਆ ਕਰਵਾਇਆ ਜਾਵੇ।

ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਰਾਸ਼ਨ ਡਿਪੂ ਵਿਖੇ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਹੈਲਪਲਾਈਨ ਨੰਬਰ (9876764545) ਅਤੇ ਈ-ਮੇਲ (punjabfood commission @gmail.com) ਸਮੇਤ ਲੋੜੀਂਦੀ ਜਾਣਕਾਰੀ ਪ੍ਰਮੁੱਖ ਸਥਾਨ 'ਤੇ ਪ੍ਰਦਰਸ਼ਿਤ ਕੀਤੀ ਜਾਵੇ, ਤਾਂ ਜੋ ਆਮ ਲੋਕ ਆਪਣੀ ਸ਼ਿਕਾਇਤ ਜਾਂ ਸੁਝਾਅ ਆਸਾਨੀ ਨਾਲ ਦਰਜ ਕਰਵਾ ਸਕਣ।

ਇਸ ਮੌਕੇ ਮੈਂਬਰ ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਮੁੱਖ ਉਦੇਸ਼ ਨੈਸ਼ਨਲ ਫੂਡ ਸਕਿਉਰਿਟੀ ਐਕਟ, 2013 ਦੀ ਪ੍ਰਭਾਵਸ਼ਾਲੀ ਲਾਗੂਅਮਲੀ ਨੂੰ ਯਕੀਨੀ ਬਣਾਉਣਾ ਅਤੇ ਹਰੇਕ ਯੋਗ ਲਾਭਪਾਤਰੀ ਤੱਕ ਮਿਆਰੀ ਰਾਸ਼ਨ ਪਾਰਦਰਸ਼ੀ ਢੰਗ ਨਾਲ ਪਹੁੰਚਾਉਣਾ ਹੈ।

ਇਸ ਉਦੇਸ਼ ਦੀ ਪੂਰਤੀ ਲਈ ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਰਾਜ ਭਰ ਵਿੱਚ ਸਮੇਂ-ਸਮੇਂ 'ਤੇ ਅਚਨਚੇਤ ਨਿਰੀਖਣ ਜਾਰੀ ਰਹਿਣਗੇ।

# ਇੰਡੀਅਨ ਬੈਂਕ ਵੱਲੋਂ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿੱਚ ਖੇਤੀਬਾੜੀ ਕੰਪਿਊਟਰ ਲੈਬ ਦਾ ਉਦਘਾਟਨ



**ਬਠਿੰਡਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.), ਬਠਿੰਡਾ ਨੇ ਖੇਤੀਬਾੜੀ ਸਿੱਖਿਆ ਅਤੇ ਡਿਜ਼ਿਟਲ ਲਰਨਿੰਗ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਹਾਸਲ ਕੀਤਾ ਹੈ। ਸਕੂਲ ਆਫ ਐਗਰੀਕਲਚਰਲ ਸਾਇੰਸਜ਼ ਐਂਡ ਇੰਜੀਨੀਅਰਿੰਗ (ਐਸ.ਏ.ਐਸ.ਈ.) ਵਿੱਚ 38 ਡੈਸਕਟਾਪ ਕੰਪਿਊਟਰਾਂ ਨਾਲ ਲੈਸ ਇੱਕ ਆਧੁਨਿਕ ਖੇਤੀਬਾੜੀ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ ਗਿਆ। ਇਹ ਲੈਬ ਇੰਡਿਅਨ ਬੈਂਕ ਵੱਲੋਂ ਆਪਣੀ ਸਿੱਖਿਆ ਸਹਾਇਤਾ ਪਹਿਲਕਦਮੀ ਅਧੀਨ ਪ੍ਰਾਯੋਜਿਤ ਕੀਤੀ ਗਈ ਹੈ।

ਇਸ ਲੈਬ ਦਾ ਉਦਘਾਟਨ ਇੰਡਿਅਨ ਬੈਂਕ ਦੇ ਜ਼ੋਨਲ ਮੈਨੇਜਰ ਸ਼੍ਰੀ ਸ਼ਿਵਨੀਤ ਸ਼ਰਮਾ ਅਤੇ ਐਮ.ਆਰ.ਐਸ.ਪੀ.ਟੀ.ਯੂ. ਦੇ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ 'ਤੇ ਇੰਡਿਅਨ ਬੈਂਕ ਦੇ ਐਸਟੇਟ ਅਫਸਰ ਸ਼੍ਰੀ ਸ਼ੋਭਿਤ ਡਾਵਰ, ਬ੍ਰਾਂਚ ਮੈਨੇਜਰ ਸ਼੍ਰੀ ਵਿਕਰਮ ਬਸੇਟੀਆ, ਐਮ.ਆਰ.ਐਸ.ਪੀ.ਟੀ.ਯੂ. ਦੇ ਪ੍ਰੋ. ਇੰਚਾਰਜ ਫਾਇਨੈਂਸ, ਪ੍ਰੋ. ਹਰੀਸ਼ ਗਰਗ, ਐਸ.ਏ.ਐਸ.ਈ. ਦੇ ਮੁਖੀ ਪ੍ਰੋ. ਜਸਵੀਰ ਸਿੰਘ ਟਿਵਾਣਾ, ਡਾਇਰੈਕਟਰ, ਇੰਜੀ. ਹਰਜੋਤ ਸਿੰਘ ਸਿੱਧੂ, ਸਹਾਇਕ ਪ੍ਰੋਫੈਸਰ ਡਾ. ਕੰਵਲਜੀਤ ਸਿੰਘ ਅਤੇ ਸੀਨੀਅਰ ਟੈਕਨੀਸ਼ੀਅਨ ਸ਼੍ਰੀ ਰਜਿੰਦਰ ਸਿੰਘ ਵੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਨੇ ਖੇਤੀਬਾੜੀ ਵਿੱਚ ਡਿਜ਼ਿਟਲ ਤਕਨਾਲੋਜੀਆਂ ਦੀ ਵੱਧ ਰਹੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਧੁਨਿਕ ਖੇਤੀਬਾੜੀ ਹੁਣ ਪ੍ਰਿਸੀਜ਼ਨ ਫਾਰਮਿੰਗ, ਭੂਗੋਲਿਕ ਜਾਣਕਾਰੀ ਪ੍ਰਣਾਲੀ (ਜੀ.ਆਈ.ਐਸ.), ਡਾਟਾ ਵਿਸ਼ਲੇਸ਼ਣ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਸਮਾਰਟ ਫਾਰਮ ਪ੍ਰਬੰਧਨ ਵਰਗੀਆਂ ਕੰਪਿਊਟਰ ਅਧਾਰਿਤ ਐਪਲੀਕੇਸ਼ਨਾਂ 'ਤੇ ਨਿਰਭਰ ਕਰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਵੀਂ ਸਥਾਪਿਤ ਇਹ ਲੈਬ ਵਿਦਿਆਰਥੀਆਂ ਅਤੇ ਖੋਜਕਰਤਿਆਂ ਨੂੰ ਉੱਨਤ ਡਿਜ਼ਿਟਲ ਸਰੋਤਾਂ ਤੱਕ ਪਹੁੰਚ ਪ੍ਰਦਾਨ ਕਰੇਗੀ, ਉਨ੍ਹਾਂ ਦੀ ਤਕਨੀਕੀ ਯੋਗਤਾ ਨੂੰ ਮਜ਼ਬੂਤ ਬਣਾਏਗੀ ਅਤੇ ਨਵੀਨਤਾਕਾਰੀ ਖੋਜ ਗਤੀਵਿਧੀਆਂ ਨੂੰ ਉਤਸ਼ਾਹਿਤ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਸਹੂਲਤ ਖੇਤੀਬਾੜੀ ਵਿਭਾਗ ਵਿੱਚ ਅਧਿਆਪਨ, ਸਿੱਖਣ, ਪ੍ਰੋਜੈਕਟ ਕਾਰਜ ਅਤੇ ਹੁਨਰ ਵਿਕਾਸ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗੀ।

ਫੈਕਲਟੀ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਇੰਡਿਅਨ ਬੈਂਕ ਦੇ ਜ਼ੋਨਲ ਮੈਨੇਜਰ ਸ਼੍ਰੀ ਸ਼ਿਵਨੀਤ ਸ਼ਰਮਾ ਨੇ ਕਿਹਾ ਕਿ ਇੰਡਿਅਨ ਬੈਂਕ ਅਰਥਪੂਰਨ ਸਮਾਜਿਕ ਪਹਿਲਕਦਮੀਆਂ ਰਾਹੀਂ ਸਿੱਖਿਆ ਅਤੇ ਤਕਨਾਲੋਜੀਕਲ ਤਰੱਕੀ ਨੂੰ ਸਹਿਯੋਗ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਕੰਪਿਊਟਰ ਲੈਬ ਦੀ ਪ੍ਰਾਯੋਜਨਾ ਵਿਦਿਆਰਥੀਆਂ ਨੂੰ ਆਧੁਨਿਕ ਡਿਜ਼ਿਟਲ ਹੁਨਰਾਂ ਨਾਲ ਸਸ਼ਕਤ ਬਣਾਉਣ ਅਤੇ ਅਕਾਦਮਿਕ ਉਤਕ੍ਰਿਸ਼ਟਤਾ ਲਈ ਮੌਕੇ ਪੈਦਾ ਕਰਨ ਪ੍ਰਤੀ ਬੈਂਕ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਸਹੂਲਤ ਭਵਿੱਖ ਦੇ ਅਜਿਹੇ ਖੇਤੀਬਾੜੀ ਪੇਸ਼ੇਵਰ ਤਿਆਰ ਕਰਨ ਵਿੱਚ ਸਹਾਇਕ ਸਾਬਤ ਹੋਵੇਗੀ ਜੋ ਟਿਕਾਊ ਖੇਤੀਬਾੜੀ ਵਿਕਾਸ ਅਤੇ ਰਾਸ਼ਟਰੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਣ।ਹਾਜ਼ਰ ਪਤਵੰਤਿਆਂ ਨੇ ਗੁਣਵੱਤਾ ਭਰਪੂਰ ਖੇਤੀਬਾੜੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਐਮ.ਆਰ.ਐਸ.ਪੀ.ਟੀ.ਯੂ. ਦੇ ਯਤਨਾਂ ਦੀ ਸਰਾਹਨਾ ਕੀਤੀ ਅਤੇ ਆਸ ਪ੍ਰਗਟਾਈ ਕਿ ਇਹ ਲੈਬ ਆਉਣ ਵਾਲੇ ਸਾਲਾਂ ਤੱਕ ਵਿਦਿਆਰਥੀਆਂ, ਅਧਿਆਪਕਾਂ ਅਤੇ ਖੋਜਕਰਤਿਆਂ ਲਈ ਇੱਕ ਕੀਮਤੀ ਸਰੋਤ ਸਾਬਤ ਹੋਵੇਗੀ।ਮਹਿਮਾਨਾਂ ਦਾ ਸਵਾਗਤ ਕਰਦਿਆਂ ਪ੍ਰੋ. ਜਸਵੀਰ ਸਿੰਘ ਟਿਵਾਣਾ ਅਤੇ ਡਾ. ਕੰਵਲਜੀਤ ਸਿੰਘ ਨੇ ਸਕੂਲ ਆਫ ਐਗਰੀਕਲਚਰਲ ਸਾਇੰਸਜ਼ ਐਂਡ ਇੰਜੀਨੀਅਰਿੰਗ ਦੇ ਤੇਜ਼ੀ ਨਾਲ ਹੋ ਰਹੇ ਵਿਕਾਸ ਅਤੇ ਇਸ ਦੇ ਅਕਾਦਮਿਕ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸੰਸਥਾ ਵਿੱਚ ਬੀ.ਐੱਸ.ਸੀ. (ਆਨਰਜ਼) ਐਗਰੀਕਲਚਰ, ਬੀ.ਟੈਕ. ਐਗਰੀਕਲਚਰਲ ਇੰਜੀਨੀਅਰਿੰਗ, ਬੀ.ਵੋਕ. ਐਗਰੀਕਲਚਰ ਅਤੇ ਐਗਰੋਨੋਮੀ, ਹਾਰਟੀਕਲਚਰ, ਫਰੂਟ ਸਾਇੰਸ ਅਤੇ ਵੈਜੀਟੇਬਲ ਸਾਇੰਸ ਵਿੱਚ ਐਮ.ਐੱਸ.ਸੀ. ਪ੍ਰੋਗਰਾਮ ਚਲਾਏ ਜਾ ਰਹੇ ਹਨ। ਇਸ ਮੌਕੇ ਵਿਭਾਗ ਦੀ ਸਮੂਹ ਫੈਕਲਟੀ ਸਟਾਫ਼ ਵੀ ਮੌਜੂਦ ਸੀ।

# ਵਿਧਾਇਕ ਨੇ 14 ਲੱਖ ਦੀ ਲਾਗਤ ਨਾਲ ਬਣਾਏ ਕਮਿਊਨਿਟੀ ਹਾਲ ਦਾ ਕੀਤਾ ਉਦਘਾਟਨ



**ਫਾਜ਼ਿਲਕਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਪਿੰਡ ਲਾਧੂਕਾ ਵਿਖੇ ਕਮਿਊਨਿਟੀ ਹਾਲ ਦਾ ਉਦਘਾਟਨ ਕੀਤਾ। ਇਸ ਦੌਰਾਨ ਬੋਲਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਪਿੰਡ ਵਾਸੀਆਂ ਦੀ ਸਹੂਲਤ ਲਈ ਪਿੰਡ ਵਿੱਚ ਕੋਈ ਸਾਂਝੀ ਥਾਂ ਤੇ ਕਮਿਊਨਿਟੀ ਹਾਲ ਬਣਾਇਆ ਜਾਵੇ ਜਿਸ ਨੂੰ ਦੇਖਦਿਆਂ 14 ਲੱਖ ਦੀ ਲਾਗਤ ਨਾਲ ਕਮਿਊਨਿਟੀ ਹਾਲ ਬਣਾ ਕੇ ਪਿੰਡ ਵਾਸੀਆਂ ਦੇ ਸਪੁਰਦ ਕਰ ਦਿੱਤਾ ਗਿਆ ਹੈ ਜਿੱਥੇ ਉਹ ਆਪਣੇ ਖੁਸ਼ੀ ਤੇ ਗਮੀ ਦੇ ਪ੍ਰੋਗਰਾਮ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀ ਇਸ ਮੰਗ ਪੂਰੀ ਹੋਣ ਨਾਲ ਪਿੰਡ ਵਾਸੀਆਂ ਵਿੱਚ ਕਾਫੀ ਖੁਸ਼ੀ ਦੀ ਲਹਿਰ ਹੈ ਤੇ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਵਿੱਚ ਵਿਕਾਸ ਕਾਰਜ ਜਾਰੀ ਰਹਿਣਗੇ।

ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਪਿੰਡ ਦੇ ਵਿਕਾਸ ਲਈ ਜੇਕਰ ਹੋਰ ਵੀ ਫੰਡਾਂ ਦੀ ਲੋੜ ਹੈ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਹਰ ਮੰਗ ਨੂੰ ਪੂਰਾ ਕੀਤਾ ਜਾਵੇਗਾ।

# ਸਾਬਕਾ ਕੌਂਸਲਰ ਮਨਜੀਤ ਕੁਮਾਰੀ ਦੂਜੀ ਵਾਰ ਮਹਿਲਾ ਵਿੰਗ ਦੀ ਸ਼ਹਿਰੀ ਪ੍ਰਧਾਨ ਨਿਯੁਕਤ



**ਮਾਛੀਵਾੜਾ ਸਾਹਿਬ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾ ਕਾਂਗਰਸ ਕਮੇਟੀ ਦੀ ਇੱਕ ਮੀਟਿੰਗ ਹੋਈ ਜਿਸ ਵਿਚ ਵਿਸ਼ੇਸ਼ ਤੌਰ 'ਤੇ ਮਹਿਲਾ ਕਾਂਗਰਸ ਦੀ ਕਾਰਜਕਾਰੀ ਸੂਬਾ ਪ੍ਰਧਾਨ ਬਲਜੀਤ ਕੌਰ ਅਤੇ ਪੁਲਸ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਸੁਖਵਿੰਦਰ ਕੌਰ ਬਾਠ ਨੇ। ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਮਾਛੀਵਾੜਾ ਦੇ ਕਾਂਗਰਸੀ ਟਕਸਾਲੀ ਪਰਿਵਾਰ ਤੇ 5 ਵਾਰ ਕੌਂਸਲਰ ਰਹਿ ਚੁੱਕੀ ਮਨਜੀਤ ਕੁਮਾਰੀ ਨੂੰ ਸ਼ਹਿਰ ਦੀ ਦੂਜੀ ਵਾਰ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਪ੍ਰਿੰਸੀਪਲ ਓਮਾ ਵਰਮਾ ਨੂੰ ਪੁਲਸ ਜ਼ਿਲ੍ਹਾ ਖੰਨਾ ਦਾ ਉਪ ਪ੍ਰਧਾਨ ਬਣਾਇਆ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਰਜਕਾਰੀ ਪ੍ਰਧਾਨ ਬਲਜੀਤ ਕੌਰ ਨੇ ਕਿਹਾ ਕਿ ਕਾਂਗਰਸ ਇੱਕ ਅਜਿਹੀ ਪਾਰਟੀ ਹੈ ਜਿੱਥੇ ਔਰਤਾਂ ਨੂੰ ਸਤਿਕਾਰ ਦਿੱਤਾ ਜਾਂਦਾ ਹੈ ਅਤੇ ਸਿਆਸਤ ਵਿਚ ਆ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਅੱਜ ਹਰੇਕ ਖੇਤਰ ਵਿਚ ਪੁਰਸ਼ਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਹਨ, ਇਸ ਲਈ ਔਰਤਾਂ ਸਿਆਸਤ ਵਿਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਤਾਂ ਜੋ ਸਮਾਜ ਵਿਚ ਔਰਤਾਂ ਨੂੰ ਬਣਦੇ ਹੱਕ ਮਿਲ ਸਕਣ। ਮਨਜੀਤ ਕੁਮਾਰੀ ਨੂੰ ਸ਼ਹਿਰੀ ਪ੍ਰਧਾਨ ਦਾ ਨਿਯੁਕਤੀ ਪੱਤਰ ਸੌਂਪਦਿਆਂ ਸੂਬਾ ਪ੍ਰਧਾਨ ਬਲਜੀਤ ਕੌਰ ਨੇ ਕਿਹਾ ਕਿ 5 ਵਾਰ ਕੌਂਸਲਰ ਰਹਿ ਚੁੱਕੀ ਮਨਜੀਤ ਕੁਮਾਰੀ ਅਤੇ ਇਨ੍ਹਾਂ ਦਾ ਪਰਿਵਾਰ ਹਮੇਸ਼ਾ ਲੋਕ ਸੇਵਾ ਨੂੰ ਸਮਰਪਿਤ ਰਿਹਾ ਹੈ ਜਿਸ ਕਾਰਨ ਅਜਿਹੇ ਯੋਗ ਆਗੂਆਂ ਨੂੰ ਅਹੁਦੇ ਦੇ ਕੇ ਮਾਣ ਸਤਿਕਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਛੀਵਾੜਾ ਵਿਚ ਮਹਿਲਾ ਵਿੰਗ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ ਆਉਣ ਵਾਲੀਆਂ ਹਰੇਕ ਚੋਣਾਂ ਵਿਚ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇ। ਉਕਤ ਨਿਯੁਕਤੀਆਂ ਮਿਲਣ 'ਤੇ ਸ਼ਹਿਰੀ ਪ੍ਰਧਾਨ ਮਨਜੀਤ ਕੁਮਾਰੀ ਤੇ ਜ਼ਿਲਾ ਉਪ ਪ੍ਰਧਾਨ ਓਮਾ ਵਰਮਾ ਨੇ ਹਲਕਾ ਇੰਚਾਰਜ ਰਾਜਾ ਗਿੱਲ ਅਤੇ ਸੂਬਾ ਪ੍ਰਧਾਨ ਬਲਜੀਤ ਕੌਰ ਤੇ ਜ਼ਿਲਾ ਪ੍ਰਧਾਨ ਸੁਖਵਿੰਦਰ ਕੌਰ ਬਾਠ ਦਾ ਧੰਨਵਾਦ ਪ੍ਰਗਟਾਇਆ। ਕਾਂਗਰਸ ਦੇ ਹਲਕਾ ਸਮਰਾਲਾ ਤੋਂ ਇੰਚਾਰਜ਼ ਰੁਪਿੰਦਰ ਸਿੰਘ ਰਾਜਾ ਗਿੱਲ ਨੇ

ਸੰਬੋਧਨ ਕਰਦਿਆਂ ਕਿਹਾ ਕਿ ਇਲਾਕੇ ਵਿਚ ਔਰਤਾਂ ਨੂੰ ਵਧ ਤੋਂ ਵੱਧ ਪਾਰਟੀ ਨਾਲ ਜੋੜਿਆ ਜਾਵੇਗਾ ਅਤੇ ਅੱਜ ਸਮੇਂ ਦੀ ਜ਼ਰੂਰਤ ਹੈ ਕਿ ਮਹਿਲਾ ਲੋਕ ਸੇਵਾ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਮਨਜੀਤ ਕੁਮਾਰੀ ਦਾ ਪਰਿਵਾਰ ਟਕਸਾਲੀ ਹੈ ਜੋ ਕਿ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਦਾ ਆ ਰਿਹਾ ਹੈ।

# ਨਸੀਬਪੁਰਾ ਵਿਖੇ ਆਤਮਾ ਸਕੀਮ ਅਧੀਨ ਲਗਾਈ ਫਾਰਮ ਸਕੂਲ ਦੀ ਕਲਾਸ




**ਬਠਿੰਡਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਹਰਪ੍ਰੀਤਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਪ੍ਰੋਜੈਕਟ ਡਾਇਰੈਕਟਰ ਆਤਮਾ ਤੇਜਦੀਪ ਕੌਰ ਅਤੇ ਬਲਾਕ ਖੇਤੀਬਾੜੀ ਅਫ਼ਸਰ ਤਲਵੰਡੀ ਸਾਬੋ ਦੀ ਰਹਿਨੁਮਾਈ ਹੇਠ ਬਲਾਕ ਤਲਵੰਡੀ ਸਾਬੋ ਦੇ ਪਿੰਡ ਨਸੀਬਪੁਰਾ ਵਿਖੇ ਆਤਮਾ ਸਕੀਮ ਅਧੀਨ ਫਾਰਮ ਸਕੂਲ ਦੀ ਕਲਾਸ ਲਗਾਈ ਗਈ।

ਕਲਾਸ ਦੀ ਸ਼ੁਰੂਆਤ ਵਿੱਚ ਡਾ. ਜੋਰਾ ਸਿੰਘ ਬਲਾਕ ਤਕਨੀਕੀ ਮੈਨੇਜਰ ਆਤਮਾ ਵੱਲੋਂ ਪਹੁੰਚੇ ਕਿਸਾਨਾਂ ਨੂੰ ਫਾਰਮ ਸਕੂਲ ਦੀ ਕਲਾਸ ਦੇ ਵਿਸ਼ੇ ਬਾਰੇ ਅਤੇ ਆਤਮਾ ਸਕੀਮ ਅਧੀਨ ਚੱਲ ਰਹੀਆਂ ਗਤੀਵਿਧੀਆਂ ਸਬੰਧੀ ਸੰਖੇਪ ਵਿੱਚ ਜਾਣਕਾਰੀ ਦਿੱਤੀ ਗਈ।

ਇਸ ਕਲਾਸ ਵਿੱਚ ਡਾ. ਗੁਰਪਿੰਦਰ ਸਿੰਘ ਸਿੱਧੂ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਨਰਮੇ ਦੇ ਫਸਲ ਦੀ ਕਾਸ਼ਤ ਸਬੰਧੀ ਵਿਸ਼ੇ ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਉਹਨਾਂ ਵੱਲੋਂ ਨਰਮੇ ਦੀ ਤਾਜ਼ਾਂ ਸਥਿਤੀ ਬਾਰੇ ਜਾਣੂ ਕਰਵਾਇਆ ਗਿਆ। ਉਹਨਾਂ ਦੱਸਿਆ ਕਿ ਕੁਝ ਖੇਤਾਂ ਵਿਚ ਨਰਮੇ ਉਪਰ ਭੂਰੀ ਜੂ ਅਤੇ ਚਿੱਟੀ ਮੱਖੀ ਦਾ ਹਲਕਾ ਹਮਲਾ ਦੇਖਿਆ ਗਿਆ ਹੈ,ਪਰ ਇਹ ਹਾਜੇ ਆਰਥਿਕ ਕੰਗਾਰ ਪੱਧਰ ਤੋਂ ਬਹੁਤ ਘੱਟ ਹੈ ਅਤੇ ਕਿਸਾਨਾਂ ਨੂੰ ਬੇਲੋੜੀ ਸਪਰੇਅ ਤੋਂ ਬਚਣ ਸਬੰਧੀ ਸਲਾਹ ਦਿੰਦਿਆਂ ਕਿਹਾ ਕਿ ਹਾਲੇ ਫ਼ਸਲ 'ਤੇ ਕਿਸੇ ਵੀ ਮਹਿੰਗੀ ਜਾਂ ਜ਼ਹਿਰੀਲੀ ਕੀਟਨਾਸ਼ਕ ਸਪਰੇਅ ਦੀ ਲੋੜ ਨਹੀਂ ਹੈ ਬਲਕਿ ਘਰ ਬਣਾ ਕੇ ਨਿੰਮ ਦੀ ਸਪਰੇਅ ਕਰੋ।ਅਜਿਹਾ ਕਰਨ ਨਾਲ ਮਿੱਤਰ ਕੀੜੇ ਨਹੀਂ ਮਰਦੇ ਅਤੇ ਖ਼ਰਚਾ ਵੀ ਘਟਦਾ ਹੈ।

ਕਲਾਸ ਦੌਰਾਨ ਲਾਭ ਸਿੰਘ ਸਹਾਇਕ ਤਕਨੀਕੀ ਮੈਨੇਜਰ ਵਲੋਂ ਵੱਖ-ਵੱਖ ਫ਼ਸਲਾਂ ਉਪਰ ਸਪਰੇਅ ਕਰਨ ਦੀ ਤਕਨੀਕ ਸਬੰਧੀ ਜਾਣੂ ਕਰਵਾਇਆ ਗਿਆ।

ਇਸ ਮੌਕੇ ਸਹਾਇਕ ਤਕਨੀਕੀ ਮੈਨੇਜਰ ਵਿਕਾਸ ਸਿੰਗਲਾ ਵਲੋਂ ਕਿਸਾਨਾਂ ਨੂੰ ਮਿੱਟੀ ਤੇ ਪਾਣੀ ਪਰਖ਼ ਦੀ ਮਹਤੱਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਸੈਂਪਲ ਲੈਣ ਸਬੰਧੀ ਜਾਣਕਾਰੀ ਦਿੱਤੀ ਅਤੇ ਜਮੀਨ ਵਿਚ ਜੈਵਿਕ ਮਾਦਾ ਵਧਾਉਣ ਤੋਂ ਇਲਾਵਾ ਮਿੱਤਰ ਕੀੜੇ ਬਚਾਉਣ ਸਬੰਧੀ ਨੁਕਤੇ ਸਾਂਝੇ ਕੀਤੇ ਗਏ।ਇਸ ਕਲਾਸ ਵਿੱਚ ਕਿਸਾਨਾਂ ਨੂੰ ਸਟੇਸ਼ਨਰੀ ਕਿੱਟਾਂ ਅਤੇ ਰਿਫ੍ਰੈਸ਼ਮੈਂਟ ਵੰਡੀ ਗਈ।

ਇਸ ਦੌਰਾਨ ਜਗਤਾਰ ਸਿੰਘ ਸਹਾਇਕ ਤਕਨੀਕੀ ਮੈਨੇਜਰ ਕਿਸਾਨਾਂ ਨੂੰ ਨਿੰਮ ਦੀ ਸਪਰੇਅ ਦਾ ਘੋਲ ਘਰੇ ਤਿਆਰ ਕਰਨ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਅਤੇ ਆਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ।

# ਤਰਜੀਹੀ ਖੇਤਰ ਦੇ ਲਾਭਪਾਤਰੀਆਂ ਦੀਆਂ ਕਰਜ਼ਾ ਅਰਜ਼ੀਆਂ ਦਾ ਸਮੇਂ ਸਿਰ ਅਤੇ ਤੁਰੰਤ ਨਿਪਟਾਰਾ ਯਕੀਨੀ ਬਣਾਉਣ ਬੈਂਕ: ਏ.ਡੀ.ਸੀ. (ਵਿਕਾਸ)



**ਫਾਜ਼ਿਲਕਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਫਾਜ਼ਿਲਕਾ ਵਿੱਚ 56ਵੀਂ ਜ਼ਿਲ੍ਹਾ ਸਲਾਹਕਾਰ ਕਮੇਟੀ (ਡੀ.ਸੀ.ਸੀ) ਅਤੇ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ (ਡੀ.ਐਲ.ਆਰ.ਸੀ) ਦੀ ਮੀਟਿੰਗ ਆਯੋਜਿਤ 31 ਮਾਰਚ 2026 ਨੂੰ ਸਮਾਪਤ ਹੋਈ ਤਿਮਾਹੀ ਲਈ ਜ਼ਿਲ੍ਹਾ ਫਾਜ਼ਿਲਕਾ ਦੀ 56ਵੀਂ ਜ਼ਿਲ੍ਹਾ ਸਲਾਹਕਾਰ ਕਮੇਟੀ (ਡੀ.ਸੀ.ਸੀ) ਅਤੇ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ (ਡੀ.ਐਲ.ਆਰ.ਸੀ) ਦੀ ਮੀਟਿੰਗ ਮਿਤੀ 24 ਜੂਨ 2026 (ਬੁੱਧਵਾਰ) ਨੂੰ ਡਿਪਟੀ ਕਮਿਸ਼ਨਰ ਦਫ਼ਤਰ, ਫਾਜ਼ਿਲਕਾ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਜਗਵਿੰਦਰਜੀਤ ਸਿੰਘ ਗਰੇਵਾਲ ਦੀ ਅਧਿਆਕਸ਼ਤਾ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦਾ ਆਯੋਜਨ ਲੀਡ ਡਿਸਟ੍ਰਿਕਟ ਮੈਨੇਜਰ (ਐਲ.ਡੀ.ਐਮ)ਸ੍ਰੀ ਬਿਸਵਜੀਤ ਮੈਤਰਾ ਵੱਲੋਂ ਕੀਤਾ ਗਿਆ। ਮੀਟਿੰਗ ਵਿੱਚ ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ) ਦੇ ਸਹਾਇਕ ਮਹਾਂ ਪ੍ਰਬੰਧਕ ਸ੍ਰੀ ਸੁਰਿੰਦਰ ਕੁਮਾਰ, ਨਾਬਾਰਡ ਦੇ ਜ਼ਿਲ੍ਹਾ ਵਿਕਾਸ ਪ੍ਰਬੰਧਕ (ਡੀ.ਡੀ.ਐਮ)ਸ੍ਰੀ ਪ੍ਰਸ਼ਾਂਤ ਬਾਲੋਦਾ, ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਬੈਂਕਾਂ ਦੇ ਜ਼ਿਲ੍ਹਾ ਕੋਆਰਡੀਨੇਟਰ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਗਰੇਵਾਲ ਨੇ ਤਰਜੀਹੀ ਖੇਤਰ ਦੇ ਲਾਭਪਾਤਰੀਆਂ, ਖ਼ਾਸ ਕਰਕੇ ਪਸਕਲੜਫਕ, ਪ ?ਸਰਲਮ ਅਧੀਨ ਸਵੈ ਸਹਾਇਤਾ ਸਮੂਹਾਂ (ਐਸ.ਐਚ.ਜੀ.), ਡੇਅਰੀ ਵਿਕਾਸ ਵਿਭਾਗ, ਪਸ਼ੂ ਪਾਲਣ ਵਿਭਾਗ ਅਤੇ ਮੱਛੀ ਪਾਲਣ ਵਿਭਾਗ ਵੱਲੋਂ ਪ੍ਰਾਯੋਜਿਤ ਕਰਜ਼ਾ ਅਰਜ਼ੀਆਂ ਦੇ ਤੁਰੰਤ ਨਿਪਟਾਰੇ ਉੱਤੇ ਜ਼ੋਰ ਦਿੱਤਾ, ਤਾਂ ਜੋ ਜ਼ਿਲ੍ਹੇ ਵਿੱਚ ਵਿੱਤੀ ਸਮਾਵੇਸ਼ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਸ੍ਰੀ ਬਿਸਵਜੀਤ ਮੈਤਰਾ, ਐਲ.ਡੀ.ਐਮ ਨੇ ਜ਼ਿਲ੍ਹੇ ਵਿੱਚ ਤਰਜੀਹੀ ਖੇਤਰ ਕਰਜ਼ਾ ਵੰਡ ਦੀਆਂ ਪ੍ਰਾਪਤੀਆਂ ਅਤੇ ਮੀਟਿੰਗ ਦੇ ਹੋਰ ਮਹੱਤਵਪੂਰਨ ਏਜੰਡਾ ਬਿੰਦੂਆਂ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਰਾਸ਼ਟਰੀ ਵਿੱਤੀ ਸਮਾਵੇਸ਼ ਰਣਨੀਤੀ (ਐਨ.ਐਸ.ਐਫ.ਆਈ.) 2025-2030 ਤਹਿਤ ਬਿਜ਼ਨਸ ਕਰਸਪਾਂਡੈਂਟ ਏਜੰਟਾਂ (ਬੀ.ਸੀ.ਏ.) ਅਤੇ ਮਹਿਲਾ ਬੀ.ਸੀ.ਏ ਦੀ ਤਾਇਨਾਤੀ ਉੱਤੇ ਵਿਸ਼ੇਸ਼ ਧਿਆਨ ਦਿੱਤਾ। ਉਨ੍ਹਾਂ ਨੇ ਦੱਸਿਆ ਕਿ ਬੈਂਕ ਸ਼ਾਖਾਵਾਂ ਵੱਲੋਂ ਖੇਤ ਬਚਾਓ ਅਭਿਆਨ ਅਤੇ ਕਿਸਾਨ ਕਰੈਡਿਟ ਕਾਰਡ (ਕੇ.ਸੀ.ਸੀ) ਸੈਚੁਰੇਸ਼ਨ ਡਰਾਈਵ ਤਹਿਤ ਜਾਗਰੂਕਤਾ ਕੈਂਪ ਆਯੋਜਿਤ ਕੀਤੇ ਜਾਣਗੇ।

# NCERT ਦੀ 9ਵੀਂ ਜਮਾਤ ਦੀ ਪੁਸਤਕ 'ਚ ਹੁਣ ਪੜ੍ਹਾਈ ਜਾਵੇਗੀ ਵੋਟਰ ਸੂਚੀਆਂ ਦੀ 'ਵਿਸ਼ੇਸ਼ ਤੀਬਰ ਸੁਧਾਰ' ਪ੍ਰਕਿਰਿਆ

**ਨਵੀਂ ਦਿੱਲੀ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵੋਟਰ ਸੂਚੀਆਂ ਦੀ 'ਵਿਸ਼ੇਸ਼ ਤੀਬਰ ਸੁਧਾਰ' ਪ੍ਰਕਿਰਿਆ ਨੂੰ ਹੁਣ ਐੱਨ.ਸੀ.ਈ.ਆਰ.ਟੀ. ਦੀ 9ਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਪਾਠ-ਪੁਸਤਕ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਨਵੀਂ ਪੁਸਤਕ ਵਿੱਚ 'ਐਸਆਈਆਰ' ਨੂੰ ਇੱਕ ਅਜਿਹੀ ਅਭਿਆਸ ਪ੍ਰਕਿਰਿਆ ਵਜੋਂ ਦਰਸਾਇਆ ਗਿਆ ਹੈ ਜਿਸ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਦੇਸ਼ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਵਾਂਝਾ ਨਾ ਰਹੇ ਅਤੇ ਕਿਸੇ ਵੀ ਅਯੋਗ ਵਿਅਕਤੀ ਦਾ ਨਾਮ ਇਸ ਵਿੱਚ ਸ਼ਾਮਲ ਨਾ ਹੋ ਸਕੇ।

ਕੌਮੀ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ (NCERT) ਦੀ ਇਸ ਨਵੀਂ ਪਾਠ-ਪੁਸਤਕ ਵਿੱਚ ਜਾਅਲੀ ਖ਼ਬਰਾਂ (fake news), ਗ਼ਲਤ ਜਾਣਕਾਰੀ ਅਤੇ ਡਰਾਉਣ-ਧਮਕਾਉਣ ਵਰਗੀਆਂ ਵੱਡੀਆਂ ਚੁਣੌਤੀਆਂ ਦੇ ਬਾਵਜੂਦ ਦੇਸ਼ ਵਿੱਚ ਨਿਰਪੱਖ ਤੇ ਪੱਖਪਾਤ ਰਹਿਤ ਚੋਣਾਂ ਕਰਵਾਉਣ ਲਈ ਭਾਰਤੀ ਚੋਣ ਕਮਿਸ਼ਨ (539) ਦੀ ਖ਼ੂਬ ਸ਼ਲਾਘਾ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਇਸ 'ਐਸਆਈਆਰ' ਪ੍ਰਕਿਰਿਆ ਤਹਿਤ ਹੁਣ ਤੱਕ ਵੋਟਰ ਸੂਚੀਆਂ ਵਿੱਚੋਂ ਕਰੀਬ 6 ਕਰੋੜ ਨਾਮ ਹਟਾਏ ਜਾ ਚੁੱਕੇ ਹਨ, ਜਿਸ ਕਾਰਨ ਵਿਰੋਧੀ ਪਾਰਟੀਆਂ ਅਤੇ ਚੋਣ ਕਮਿਸ਼ਨ ਵਿਚਾਲੇ ਕਾਫ਼ੀ ਸਿਆਸੀ ਤਲਖ਼ੀ ਵੀ ਦੇਖਣ ਨੂੰ ਮਿਲੀ ਹੈ। ਇਹ ਮੁਹਿੰਮ ਹੁਣ ਤੱਕ ਆਪਣਾ ਇੱਕ ਸਾਲ ਪੂਰਾ ਕਰ ਚੁੱਕੀ ਹੈ ਅਤੇ ਦੇਸ਼ ਦੇ 19 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਲਗਾਤਾਰ ਜਾਰੀ ਹੈ।

ਇਸ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਪਿਛਲੇ ਸਾਲ 24 ਜੂਨ ਨੂੰ ਬਿਹਾਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇੱਕ ਪਾਇਲਟ ਪ੍ਰੋਜੈਕਟ ਵਜੋਂ ਕੀਤੀ ਗਈ ਸੀ। ਇਸ ਦੇ ਨਤੀਜੇ ਵਜੋਂ ਵੋਟਰ ਸੂਚੀ ਵਿੱਚ ਵੱਡੀ ਛਾਂਟੀ ਹੋਈ ਅਤੇ ਕਰੀਬ 65 ਲੱਖ ਨਾਮ ਸੂਚੀ ਵਿੱਚੋਂ ਹਟਾ ਦਿੱਤੇ ਗਏ ਸਨ। ਉਸ ਵੇਲੇ ਵਿਰੋਧੀ ਧਿਰਾਂ ਅਤੇ ਸਮਾਜਿਕ ਕਾਰਕੁਨਾਂ ਨੇ ਤਿੱਖੇ ਸਵਾਲ ਚੁੱਕਦਿਆਂ ਦੋਸ਼ ਲਾਇਆ ਸੀ ਕਿ ਚੋਣ ਕਮਿਸ਼ਨ ਸੱਤਾਧਾਰੀ ਭਾਜਪਾ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਹੈ ਅਤੇ ਲੋੜੀਂਦੇ ਦਸਤਾਵੇਜ਼ਾਂ ਦੀ ਘਾਟ ਦਾ ਬਹਾਨਾ ਬਣਾ ਕੇ ਨਾਗਰਿਕਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰ ਰਿਹਾ ਹੈ।

ਅੰਡਰਸਟੈਂਡਿੰਗ ਸੁਸਾਇਟੀ: ਇੰਡੀਆ ਐਂਡ ਬਿਓਂਡ' (Understanding Society: India and Beyond) ਸਿਰਲੇਖ ਵਾਲੀ ਇਸ ਪੁਸਤਕ ਦੇ ਇੱਕ ਹਿੱਸੇ ਵਿੱਚ ਲਿਖਿਆ ਗਿਆ ਹੈ, ਚੋਣ ਕਮਿਸ਼ਨ ਵਿਸ਼ੇਸ਼ ਤੀਬਰ ਸੁਧਾਰ ਵੀ ਕਰਵਾਉਂਦਾ ਹੈ, ਜਿਸ ਵਿੱਚ ਵੋਟਰ ਸੂਚੀਆਂ ਨੂੰ ਅਪਡੇਟ, ਤਸਦੀਕ ਅਤੇ ਸੋਧਿਆ ਜਾਂਦਾ ਹੈ। ਐਸਆਈਆਰ ਰਾਹੀਂ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਕੋਈ ਵੀ ਯੋਗ ਨਾਗਰਿਕ ਪਿੱਛੇ ਨਾ ਛੁੱਟੇ ਅਤੇ ਕੋਈ ਅਯੋਗ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਨਾ ਹੋਵੇ। ਇਹ ਪ੍ਰਕਿਰਿਆ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨਵੇਂ ਵੋਟਰਾਂ ਦੇ ਨਾਮ ਜੋੜਨ ਵਿੱਚ ਮਦਦ ਕਰਦੀ ਹੈ ਜੋ ਹੁਣੇ-ਹੁਣੇ 18 ਸਾਲ ਦੇ ਹੋਏ ਹਨ ਅਤੇ ਜਾਗਰੂਕਤਾ ਦੀ ਘਾਟ ਜਾਂ ਕਿਸੇ ਹੋਰ ਕਾਰਨ ਕਰਕੇ ਵੋਟਰ ਬਣਨ ਤੋਂ ਰਹਿ ਸਕਦੇ ਹਨ। ਪੁਸਤਕ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਇਸ ਪ੍ਰਕਿਰਿਆ ਤਹਿਤ ਵੋਟਰ ਦੀ ਮੌਤ, ਰਿਹਾਇਸ਼ ਬਦਲਣ, ਦੋਹਰੇ ਇੰਦਰਾਜ (duplicate enrolment) ਅਤੇ ਸਥਾਈ ਤੌਰ 'ਤੇ ਪਤਾ ਨਾ ਮਿਲਣ ਦੇ ਅਧਾਰ 'ਤੇ ਹੀ ਨਾਮ ਸੂਚੀ ਵਿੱਚੋਂ ਕੱਟੇ ਜਾਂਦੇ ਹਨ ਅਤੇ ਕਮਿਸ਼ਨ ਇਨ੍ਹਾਂ 'ਤੇ ਇਤਰਾਜ਼ ਉਠਾਉਣ ਦਾ ਪੂਰਾ ਸਮਾਂ ਦਿੰਦਾ ਹੈ।

ਦੱਸਣਯੋਗ ਹੈ ਕਿ ਪੁਰਾਣੀ 9ਵੀਂ ਜਮਾਤ ਦੀ ਪੁਸਤਕ ਵਿੱਚ ਚੋਣ ਰਾਜਨੀਤੀ ਦੇ ਅਧਿਆਏ ਵਿੱਚ ਵੋਟਰ ਸੂਚੀਆਂ ਬਾਰੇ ਸਿਰਫ਼ ਇੰਨਾ ਹੀ ਲਿਖਿਆ ਸੀ ਕਿ ਵੋਟਰ ਸੂਚੀ ਦੀ ਮੁਕੰਮਲ ਸੋਧ ਹਰ ਪੰਜ ਸਾਲ ਬਾਅਦ ਹੁੰਦੀ ਹੈ ਤਾਂ ਜੋ ਇਸ ਨੂੰ ਅਪਡੇਟ ਰੱਖਿਆ ਜਾ ਸਕੇ। ਨਵੇਂ ਨੈਸ਼ਨਲ ਕਰੀਕੁਲਮ ਫਰੇਮਵਰਕ ) ਦੇ ਤਹਿਤ ਸੋਧੀ ਗਈ ਇਸ ਨਵੀਂ ਪਾਠ-ਪੁਸਤਕ ਵਿੱਚ ਭਾਰਤ ਦੀ ਚੋਣ ਪ੍ਰਕਿਰਿਆ ਦੇ ਵਿਸ਼ਾਲ ਪੱਧਰ ਨੂੰ ਉਭਾਰਿਆ ਗਿਆ ਹੈ। ਪੁਸਤਕ ਮੁਤਾਬਕ, 96.8 ਕਰੋੜ ਤੋਂ ਵੱਧ ਯੋਗ ਵੋਟਰਾਂ ਨਾਲ ਭਾਰਤ ਦਾ ਚੋਣ ਅਭਿਆਸ ਪੂਰੀ ਦੁਨੀਆ ਵਿੱਚ ਬੇਮਿਸਾਲ ਅਤੇ ਵਿਲੱਖਣ ਹੈ। 'ਮੁਫ਼ਤ ਅਤੇ ਨਿਰਪੱਖ ਚੋਣਾਂ ਦੇ ਸਾਹਮਣੇ ਚੁਣੌਤੀਆਂ' ਸਿਰਲੇਖ ਹੇਠ ਦੱਸਿਆ ਗਿਆ ਹੈ ਕਿ ਵੱਖ-ਵੱਖ ਖੇਤਰਾਂ ਅਤੇ ਸਮਾਜਿਕ-ਆਰਥਿਕ ਸਥਿਤੀਆਂ ਵਿੱਚ ਫੈਲੇ ਹਜ਼ਾਰਾਂ ਪੋਲਿੰਗ ਸਟੇਸ਼ਨਾਂ ਅਤੇ ਸੈਂਕੜੇ ਸਿਆਸੀ ਦਲਾਂ ਨਾਲ ਚੋਣਾਂ ਕਰਵਾਉਣਾ ਬੇਹੱਦ ਚੁਣੌਤੀਪੂਰਨ ਕਾਰਜ ਹੈ, ਜਿਸ ਨੂੰ ਚੋਣ ਕਮਿਸ਼ਨ ਪੂਰੀ ਖ਼ੁਦਮੁਖਤਿਆਰੀ ਅਤੇ ਨਿਰਪੱਖਤਾ ਨਾਲ ਨਿਭਾਉਣ ਦੀ ਕੋਸ਼ਿਸ਼ ਕਰਦਾ ਹੈ।

# ਸਾਈਬਰ ਠੱਗਾਂ ਲਈ 'ਸਵਰਗ' ਬਣਿਆ ਪੰਜਾਬ: ਰੋਜ਼ਾਨਾ ਔਸਤਨ ਡੇਢ ਕਰੋੜ ਦੀ ਲੁੱਟ, ਇੱਕੋ ਸਾਲ 'ਚ ਉਡਾਏ 540 ਕਰੋੜ ਰੁਪਏ

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਸਾਈਬਰ ਠੱਗਾਂ ਵੱਲੋਂ ਰੋਜ਼ਾਨਾ ਔਸਤਨ ਕਰੀਬ ਡੇਢ ਕਰੋੜ ਰੁਪਏ ਦੀ ਠੱਗੀ ਮਾਰੀ ਜਾ ਰਹੀ ਹੈ। ਇਨ੍ਹਾਂ ਅਪਰਾਧੀਆਂ ਨੇ ਇੱਕੋ ਸਾਲ ਦੇ ਅੰਦਰ ਪੰਜਾਬੀਆਂ ਦੇ 540.34 ਕਰੋੜ ਰੁਪਏ ਉਡਾ ਦਿੱਤੇ ਹਨ। ਪੰਜਾਬੀਆਂ ਦੇ ਭੋਲੇ-ਭਾਲੇ ਸੁਭਾਅ ਕਾਰਨ ਉਹ ਇਨ੍ਹਾਂ ਸਾਈਬਰ ਠੱਗਾਂ ਦੇ ਜਾਲ ਵਿੱਚ ਸੌਖਿਆਂ ਹੀ ਫਸ ਜਾਂਦੇ ਹਨ। ਇਹ ਪਰੇਸ਼ਾਨ ਕਰਨ ਵਾਲੇ ਅੰਕੜੇ ਪੰਜਾਬ ਪੁਲੀਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਵੱਲੋਂ ਜਾਰੀ ਕੀਤੇ ਗਏ ਹਨ। ਡੀ.ਜੀ.ਪੀ. ਗੌਰਵ ਯਾਦਵ ਅਤੇ ਸੀਨੀਅਰ ਅਧਿਕਾਰੀ ਵੀ. ਨੀਰਜਾ ਵੱਲੋਂ ਸਾਂਝੇ ਕੀਤੇ ਗਏ ਤੱਥਾਂ ਅਨੁਸਾਰ, ਪੁਲੀਸ ਨੇ ਸਾਲ 2024 ਤੋਂ ਹੁਣ ਤੱਕ ਠੱਗਾਂ ਕੋਲੋਂ 64 ਕਰੋੜ ਰੁਪਏ ਵਾਪਸ (ਰਿਕਵਰ) ਵੀ ਕਰਵਾਏ ਹਨ।

ਪੁਲੀਸ ਅਧਿਕਾਰੀਆਂ ਮੁਤਾਬਕ ਸਾਈਬਰ ਠੱਗ ਪੰਜਾਬ ਨੂੰ ਇਸ ਮਾਮਲੇ ਵਿੱਚ ਕਿਸੇ 'ਸਵਰਗ' ਤੋਂ ਘੱਟ ਨਹੀਂ ਸਮਝਦੇ। ਲੰਘੇ ਇੱਕ ਵਰ੍ਹੇ ਦੌਰਾਨ ਪੰਜਾਬ ਪੁਲੀਸ ਨੇ ਸਾਈਬਰ ਧੋਖਾਧੜੀ ਨਾਲ ਜੁੜੇ 63,749 ਬੈਂਕ ਖਾਤੇ ਫ਼ਰੀਜ਼ ਕਰਵਾਏ ਹਨ, ਜਿਸ ਦਾ ਮਤਲਬ ਹੈ ਕਿ ਪੰਜਾਬ ਵਿੱਚ ਰੋਜ਼ਾਨਾ ਔਸਤਨ ਪੌਣੇ ਦੋ ਸੌ (175) ਬੈਂਕ ਖਾਤੇ ਫ਼ਰੀਜ਼ ਹੋਏ ਹਨ। ਇਨ੍ਹਾਂ ਬੈਂਕ ਖਾਤਿਆਂ ਜ਼ਰੀਏ 540.39 ਕਰੋੜ ਰੁਪਏ ਦਾ ਲੈਣ-ਦੇਣ ਹੋਇਆ ਸੀ। ਇਸ ਸਾਈਬਰ ਠੱਗੀ ਨੂੰ ਲੈ ਕੇ ਪੁਲੀਸ ਵੱਲੋਂ ਹੁਣ ਤੱਕ 62,253 ਪੁਲੀਸ ਕੇਸ ਦਰਜ ਕੀਤੇ ਗਏ ਹਨ। ਪੰਜਾਬ ਪੁਲੀਸ ਦਾ ਦਾਅਵਾ ਹੈ ਕਿ ਸਾਈਬਰ ਠੱਗੀ ਦੇ ਮਾਮਲਿਆਂ ਵਿੱਚ ਵਿੱਤੀ ਰਿਕਵਰੀ ਦੀ ਦਰ ਪਹਿਲਾਂ ਨਾਲੋਂ ਵਧੀ ਹੈ।

ਵੇਰਵਿਆਂ ਅਨੁਸਾਰ ਲੰਘੇ ਵਿੱਤੀ ਵਰ੍ਹੇ ਦੌਰਾਨ ਧੋਖਾਧੜੀ ਨਾਲ ਜੁੜੀ ਰਕਮ ਨੂੰ ਫ਼ਰੀਜ਼ ਕਰਨ ਦੀ ਦਰ 16.13 ਫ਼ੀਸਦ ਤੋਂ ਵਧ ਕੇ 23.43 ਫ਼ੀਸਦ ਹੋ ਗਈ ਹੈ। ਅਧਿਕਾਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਨੇ ਇਹ ਖਾਤੇ ਫ਼ਰੀਜ਼ ਕਰਕੇ ਠੱਗਾਂ ਤੋਂ ਪੀੜਤਾਂ ਦੀ ਰਕਮ ਵਾਪਸ ਕਰਵਾਈ ਹੈ। ਬਹੁਤੇ ਕੇਸਾਂ ਵਿੱਚ ਸਾਈਬਰ ਠੱਗਾਂ ਦਾ ਅੰਤਰਰਾਜੀ ਤਾਣਾ-ਬਾਣਾ ਹੈ ਅਤੇ ਵੱਖ-ਵੱਖ ਸੂਬਿਆਂ ਦੇ ਸਾਈਬਰ ਅਪਰਾਧੀਆਂ ਨੇ ਆਪਸ ਵਿੱਚ ਹੱਥ ਮਿਲਾਏ ਹੋਏ ਹਨ। ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਆਧੁਨਿਕ ਤਕਨਾਲੋਜੀ ਦੀ ਵਰਤੋਂ ਰਾਹੀਂ ਇਸ ਧੋਖਾਧੜੀ ਦੇ ਨੈੱਟਵਰਕ ਨੂੰ ਕਮਜ਼ੋਰ ਕੀਤਾ ਗਿਆ ਹੈ।

ਪੰਜਾਬ ਪੁਲੀਸ ਨੇ ਕੈਨੇਡਾ ਵਿੱਚ ਰਹਿੰਦੇ ਇੱਕ ਪੰਜਾਬੀ ਨਾਲ ਜੁੜੇ ਸਾਈਬਰ ਧੋਖਾਧੜੀ ਦੇ ਮਾਮਲੇ ਦਾ ਪਰਦਾਫਾਸ਼ ਵੀ ਕੀਤਾ ਹੈ, ਜਿਸ ਵਿੱਚ ਸੋਸ਼ਲ ਮੀਡੀਆ ਰਾਹੀਂ ਬਲੈਕਮੇਲਿੰਗ ਕੀਤੀ ਗਈ ਸੀ। ਪੀੜਤ ਨਾਲ ਸੋਸ਼ਲ ਮੀਡੀਆ 'ਤੇ ਔਨਲਾਈਨ ਅਰਦਾਸ (ਪ੍ਰਾਰਥਨਾ) ਦੇ ਨਾਮ 'ਤੇ ਸੰਪਰਕ ਬਣਾਇਆ ਗਿਆ, ਫਿਰ ਉਸ ਨੂੰ ਵੀਡੀਓ ਭੇਜਣ ਲਈ ਮਜਬੂਰ ਕੀਤਾ ਗਿਆ ਅਤੇ ਬਾਅਦ ਵਿੱਚ ਉਸ ਵੀਡੀਓ ਨੂੰ ਸੋਸ਼ਲ ਮੀਡੀਆ 'ਤੇ ਵਾਇਰਲ ਕਰਨ ਦੀ ਧਮਕੀ ਦੇ ਕੇ ਬਲੈਕਮੇਲ ਕੀਤਾ ਗਿਆ। ਸਾਈਬਰ ਕ੍ਰਾਈਮ ਡਿਵੀਜ਼ਨ ਨੇ ਇਸ ਮਾਮਲੇ ਵਿੱਚ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ 3,49,100 ਰੁਪਏ ਅਤੇ 500 ਅਮਰੀਕੀ ਡਾਲਰ ਬਰਾਮਦ ਕੀਤੇ ਹਨ।

# ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਰਕਾਰ ਨੂੰ ਇੱਕ ਮਹੀਨੇ ਦਾ ਅਲਟੀਮੇਟਮ; ਸਤਿਕਾਰ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਆਦੇਸ਼

**ਸ੍ਰੀ ਅੰਮ੍ਰਿਤਸਰ ਸਾਹਿਬ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲੀ ਕਈ ਘੰਟਿਆਂ ਦੀ ਇਤਿਹਾਸਕ ਅਤੇ ਭਾਵੁਕ ਸੁਣਵਾਈ ਇੱਕ ਵੱਡੇ ਸਿਆਸੀ ਤੇ ਧਾਰਮਿਕ ਸਮਝੌਤੇ ਨਾਲ ਸੰਪੂਰਨ ਹੋ ਗਈ ਹੈ। ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕਾਨੂੰਨ ਵਿੱਚ ਸੋਧ ਕਰਨ ਲਈ ਦਿੱਤੇ ਗਏ ਇੱਕ ਮਹੀਨੇ ਦੇ ਅਲਟੀਮੇਟਮ ਅਤੇ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਫੈਸਲੇ ਨੂੰ ਹਾਲ ਵਿੱਚ ਮੌਜੂਦ ਸਮੂਹ ਵਿਧਾਇਕਾਂ ਨੇ ਸਿਰ-ਮੱਥੇ ਪ੍ਰਵਾਨ ਕਰ ਲਿਆ ਹੈ।

ਜਿਵੇਂ ਹੀ ਪੰਜ ਸਿੰਘ ਸਾਹਿਬਾਨ ਵੱਲੋਂ ਇਹ ਫੈਸਲਾ ਸੁਣਾਇਆ ਗਿਆ ਕਿ ਸਮੂਹ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਦਾ ਇਹ ਨੈਤਿਕ ਫਰਜ਼ ਹੈ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਵਿਧਾਨ ਸਭਾ ਰਾਹੀਂ ਅਕਾਲ ਤਖ਼ਤ ਸਾਹਿਬ ਦੇ ਸਾਰੇ ਇਤਰਾਜ਼ਾਂ ਨੂੰ ਦੂਰ ਕਰਨ, ਤਾਂ ਹਾਲ ਵਿੱਚ ਮੌਜੂਦ ਸਾਰੀਆਂ ਸਿਆਸੀ ਪਾਰਟੀਆਂ (ਆਮ ਆਦਮੀ ਪਾਰਟੀ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ) ਦੇ ਆਗੂਆਂ ਨੇ ਇੱਕਸੁਰ ਵਿੱਚ ‘ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ’ ਦੇ ਆਕਾਸ਼-ਗੁੰਜਾਊ ਜੈਕਾਰੇ ਛੱਡ ਕੇ ਇਸ ਫੈਸਲੇ ਦੀ ਪ੍ਰਵਾਨਗੀ ਦਿੱਤੀ। ਜੈਕਾਰਿਆਂ ਦੀ ਗੂੰਜ ਦੇ ਨਾਲ ਹੀ ਸਮੂਹ ਵਿਧਾਇਕਾਂ ਨੇ ਸਿੰਘ ਸਾਹਿਬਾਨ ਨੂੰ ਭਰੋਸਾ ਦਿੱਤਾ ਕਿ ਉਹ ਨਿਰਧਾਰਿਤ ਇੱਕ ਮਹੀਨੇ ਦੇ ਸਮੇਂ ਦੇ ਅੰਦਰ ਇਸ ਕਾਨੂੰਨ ਵਿੱਚ ਲੋੜੀਂਦੀਆਂ ਸੋਧਾਂ ਕਰਵਾਉਣ ਲਈ ਵਚਨਬੱਧ ਰਹਿਣਗੇ।

ਜਿਸ ਤਰ੍ਹਾਂ ਇਸ ਅਹਿਮ ਮੀਟਿੰਗ ਦੀ ਸ਼ੁਰੂਆਤ ਅਧਿਆਤਮਕ ਮਾਹੌਲ ਵਿੱਚ ਹੋਈ ਸੀ, ਉਵੇਂ ਹੀ ਇਸ ਦਾ ਅੰਤ ਵੀ ਬੇਹੱਦ ਸ਼ਾਂਤਮਈ ਰਿਹਾ। ਸੁਣਵਾਈ ਦੀ ਸਾਰੀ ਕਾਰਵਾਈ ਮੁਕੰਮਲ ਹੋਣ ਤੋਂ ਬਾਅਦ ਜਥੇਦਾਰ ਸਾਹਿਬ ਦੀ ਅਗਵਾਈ ਹੇਠ ਸਮੂਹ ਪੰਜ ਸਿੰਘ ਸਾਹਿਬਾਨ ਅਤੇ ਹਾਲ ਵਿੱਚ ਬੈਠੇ ਪੰਜਾਬ ਦੇ ਮੰਤਰੀਆਂ ਤੇ ਵਿਧਾਇਕਾਂ ਨੇ ਮਿਲ ਕੇ ਗੁਰਬਾਣੀ ਦੇ ਪਾਠ ਦਾ ਜਾਪ ਕੀਤਾ। ਗੁਰਬਾਣੀ ਦੇ ਪਵਿੱਤਰ ਜਾਪ ਦੇ ਨਾਲ ਇਸ ਇਤਿਹਾਸਕ ਇਕੱਤਰਤਾ ਦੀ ਸਮਾਪਤੀ ਕੀਤੀ ਗਈ, ਜਿਸ ਨਾਲ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਸਿਆਸੀ ਤਣਾਅ ਕਾਫ਼ੀ ਹੱਦ ਤੱਕ ਸ਼ਾਂਤ ਹੁੰਦਾ ਦਿਖਾਈ ਦਿੱਤਾ।

ਇਕੱਤਰਤਾ ਦੇ ਬਿਲਕੁਲ ਅਖ਼ੀਰ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੱਖ-ਵੱਖ ਪਾਰਟੀਆਂ ਦੇ ਵਿਧਾਇਕਾਂ ਨੂੰ ਕੱਟੜ ਧਾਰਮਿਕ ਹਦਾਇਤ ਜਾਰੀ ਕਰਦਿਆਂ ਆਖਿਆ ਕਿ ਹੁਣ ਜਦੋਂ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸੁਲਝਣ ਵੱਲ ਵਧ ਰਿਹਾ ਹੈ, ਤਾਂ ਕੋਈ ਵੀ ਆਗੂ ਜਾਂ ਪਾਰਟੀ ਬਾਹਰ ਜਾ ਕੇ ਇਸ ਸੰਵੇਦਨਸ਼ੀਲ ਮੁੱਦੇ ’ਤੇ ਇੱਕ-ਦੂਜੇ ਦੇ ਖ਼ਿਲਾਫ਼ ਸਿਆਸੀ ਦੂਸ਼ਣਬਾਜ਼ੀ ਨਹੀਂ ਕਰੇਗਾ। ਉਨ੍ਹਾਂ ਸਪੱਸ਼ਟ ਕੀਤਾ, ਇਹ ਗੁਰੂ ਸਾਹਿਬ ਦੇ ਸਤਿਕਾਰ ਦਾ ਸਾਂਝਾ ਮਸਲਾ ਹੈ, ਨਾ ਕਿ ਕਿਸੇ ਪਾਰਟੀ ਦੀ ਜਿੱਤ-ਹਾਰ ਦਾ। ਇਸ ਲਈ ਮੀਡੀਆ ਜਾਂ ਸੋਸ਼ਲ ਮੀਡੀਆ ’ਤੇ ਕੋਈ ਵੀ ਅਜਿਹੀ ਬਿਆਨਬਾਜ਼ੀ ਨਾ ਕੀਤੀ ਜਾਵੇ ਜਿਸ ਨਾਲ ਲੋਕਾਂ ਦੇ ਮਨਾਂ ਵਿੱਚ ਮੁੜ ਡਰ ਜਾਂ ਆਪਸੀ ਨਫ਼ਰਤ ਪੈਦਾ ਹੋਵੇ। ਸਾਰੀਆਂ ਪਾਰਟੀਆਂ ਇੱਕਜੁੱਟ ਹੋ ਕੇ ਗੁਰੂ ਸਾਹਿਬ ਦੇ ਸਨਮਾਨ ਨੂੰ ਬਹਾਲ ਰੱਖਣ ਲਈ ਆਪਣਾ ਫਰਜ਼ ਨਿਭਾਉਣ।




**ਜੇ ਸਰਕਾਰ ਪੰਥ ਤੇ ਵਿਧਾਨ ਸਭਾ ਦੀ ‘ਲਛਮਣ ਰੇਖਾ’ ਨਾ ਲੰਘਦੀ ਤਾਂ ਇਹ ਨੌਬਤ ਨਾ ਆਉਂਦੀ: ਬਾਜਵਾ**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪੰਜ ਸਿੰਘ ਸਾਹਿਬਾਨ ਦੇ ਸਨਮੁਖ ਪੇਸ਼ ਹੋਣ ਅਤੇ ਆਪਣਾ ਪੱਖ ਰੱਖਣ ਤੋਂ ਬਾਅਦ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਤਿੱਖੇ ਸਿਆਸੀ ਅਤੇ ਧਾਰਮਿਕ ਹਮਲੇ ਕੀਤੇ ਹਨ। ਪੱਤਰਕਾਰਾਂ ਨਾਲ ਰੂ-ਬਰੂ ਹੁੰਦਿਆਂ ਬਾਜਵਾ ਨੇ ਇਸ ਸਾਰੀ ਸਥਿਤੀ ਅਤੇ ਤਣਾਅ ਲਈ ਸਿੱਧੇ ਤੌਰ ’ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ‘ਹੰਕਾਰੀ ਰਵੱਈਏ’ ਅਤੇ ਕਾਨੂੰਨੀ ਅਣਗਹਿਲੀ ਨੂੰ ਜ਼ਿੰਮੇਵਾਰ ਠਹਿਰਾਇਆ।

**ਸਿਆਸੀ ਦੂਸ਼ਣਬਾਜ਼ੀ ’ਤੇ ਪੂਰਨ ਪਾਬੰਦੀ**

ਇਕੱਤਰਤਾ ਦੇ ਬਿਲਕੁਲ ਅਖ਼ੀਰ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੱਖ-ਵੱਖ ਪਾਰਟੀਆਂ ਦੇ ਵਿਧਾਇਕਾਂ ਨੂੰ ਕੱਟੜ ਧਾਰਮਿਕ ਹਦਾਇਤ ਜਾਰੀ ਕਰਦਿਆਂ ਆਖਿਆ ਕਿ ਹੁਣ ਜਦੋਂ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸੁਲਝਣ ਵੱਲ ਵਧ ਰਿਹਾ ਹੈ, ਤਾਂ ਕੋਈ ਵੀ ਆਗੂ ਜਾਂ ਪਾਰਟੀ ਬਾਹਰ ਜਾ ਕੇ ਇਸ ਸੰਵੇਦਨਸ਼ੀਲ ਮੁੱਦੇ ’ਤੇ ਇੱਕ-ਦੂਜੇ ਦੇ ਖ਼ਿਲਾਫ਼ ਸਿਆਸੀ ਦੂਸ਼ਣਬਾਜ਼ੀ ਨਹੀਂ ਕਰੇਗਾ। ਉਨ੍ਹਾਂ ਸਪੱਸ਼ਟ ਕੀਤਾ, ਇਹ ਗੁਰੂ ਸਾਹਿਬ ਦੇ ਸਤਿਕਾਰ ਦਾ ਸਾਂਝਾ ਮਸਲਾ ਹੈ, ਨਾ ਕਿ ਕਿਸੇ ਪਾਰਟੀ ਦੀ ਜਿੱਤ-ਹਾਰ ਦਾ। ਇਸ ਲਈ ਮੀਡੀਆ ਜਾਂ ਸੋਸ਼ਲ ਮੀਡੀਆ ’ਤੇ ਕੋਈ ਵੀ ਅਜਿਹੀ ਬਿਆਨਬਾਜ਼ੀ ਨਾ ਕੀਤੀ ਜਾਵੇ ਜਿਸ ਨਾਲ ਲੋਕਾਂ ਦੇ ਮਨਾਂ ਵਿੱਚ ਮੁੜ ਡਰ ਜਾਂ ਆਪਸੀ ਨਫ਼ਰਤ ਪੈਦਾ ਹੋਵੇ। ਸਾਰੀਆਂ ਪਾਰਟੀਆਂ ਇੱਕਜੁੱਟ ਹੋ ਕੇ ਗੁਰੂ ਸਾਹਿਬ ਦੇ ਸਨਮਾਨ ਨੂੰ ਬਹਾਲ ਰੱਖਣ ਲਈ ਆਪਣਾ ਫਰਜ਼ ਨਿਭਾਉਣ।

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ ’ਤੇ ਵਿਧਾਇਕਾਂ ਨੇ ਛੱਡੇ ਜੈਕਾਰੇ; ਇੱਕ ਮਹੀਨੇ ’ਚ ਕਾਨੂੰਨ ਸੋਧਣ ’ਤੇ ਵਿਧਾਇਕਾਂ ਦੀ ਸਹਿਮਤੀ**

ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲੀ ਕਈ ਘੰਟਿਆਂ ਦੀ ਇਤਿਹਾਸਕ ਅਤੇ ਭਾਵੁਕ ਸੁਣਵਾਈ ਇੱਕ ਵੱਡੇ ਸਿਆਸੀ ਤੇ ਧਾਰਮਿਕ ਸਮਝੌਤੇ ਨਾਲ ਸੰਪੂਰਨ ਹੋ ਗਈ ਹੈ। ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕਾਨੂੰਨ ਵਿੱਚ ਸੋਧ ਕਰਨ ਲਈ ਦਿੱਤੇ ਗਏ ਇੱਕ ਮਹੀਨੇ ਦੇ ਅਲਟੀਮੇਟਮ ਅਤੇ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਫੈਸਲੇ ਨੂੰ ਹਾਲ ਵਿੱਚ ਮੌਜੂਦ ਸਮੂਹ ਵਿਧਾਇਕਾਂ ਨੇ ਸਿਰ-ਮੱਥੇ ਪ੍ਰਵਾਨ ਕਰ ਲਿਆ ਹੈ। ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਗੂੰਜਿਆ ਹਾਲ ਜਿਵੇਂ ਹੀ ਪੰਜ ਸਿੰਘ ਸਾਹਿਬਾਨ ਵੱਲੋਂ ਇਹ ਫੈਸਲਾ ਸੁਣਾਇਆ ਗਿਆ ਕਿ ਸਮੂਹ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਦਾ ਇਹ ਨੈਤਿਕ ਫਰਜ਼ ਹੈ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਵਿਧਾਨ ਸਭਾ ਰਾਹੀਂ ਅਕਾਲ ਤਖ਼ਤ ਸਾਹਿਬ ਦੇ ਸਾਰੇ ਇਤਰਾਜ਼ਾਂ ਨੂੰ ਦੂਰ ਕਰਨ, ਤਾਂ ਹਾਲ ਵਿੱਚ ਮੌਜੂਦ ਸਾਰੀਆਂ ਸਿਆਸੀ ਪਾਰਟੀਆਂ (ਆਮ ਆਦਮੀ ਪਾਰਟੀ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ) ਦੇ ਆਗੂਆਂ ਨੇ ਇੱਕਸੁਰ ਵਿੱਚ ‘ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ’ ਦੇ ਆਕਾਸ਼-ਗੁੰਜਾਊ ਜੈਕਾਰੇ ਛੱਡ ਕੇ ਇਸ ਫੈਸਲੇ ਦੀ ਪ੍ਰਵਾਨਗੀ ਦਿੱਤੀ। ਜੈਕਾਰਿਆਂ ਦੀ ਗੂੰਜ ਦੇ ਨਾਲ ਹੀ ਸਮੂਹ ਵਿਧਾਇਕਾਂ ਨੇ ਸਿੰਘ ਸਾਹਿਬਾਨ ਨੂੰ ਭਰੋਸਾ ਦਿੱਤਾ ਕਿ ਉਹ ਨਿਰਧਾਰਿਤ ਇੱਕ ਮਹੀਨੇ ਦੇ ਸਮੇਂ ਦੇ ਅੰਦਰ ਇਸ ਕਾਨੂੰਨ ਵਿੱਚ ਲੋੜੀਂਦੀਆਂ ਸੋਧਾਂ ਕਰਵਾਉਣ ਲਈ ਵਚਨਬੱਧ ਰਹਿਣਗੇ।

**ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਰਕਾਰ ਨੂੰ ਇੱਕ ਮਹੀਨੇ ਦਾ ਅਲਟੀਮੇਟਮ; ਸਤਿਕਾਰ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਆਦੇਸ਼**

‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲ ਰਹੀ ਉੱਚ ਪੱਧਰੀ ਸੁਣਵਾਈ ਦੌਰਾਨ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਅਤੇ ਹਾਲ ਵਿੱਚ ਮੌਜੂਦ ਸਮੂਹ ਸਿੱਖ ਵਿਧਾਇਕਾਂ ਨੂੰ ਇੱਕ ਮਹੀਨੇ (30 ਦਿਨ) ਦਾ ਸਖ਼ਤ ਅਲਟੀਮੇਟਮ ਜਾਰੀ ਕਰ ਦਿੱਤਾ ਹੈ। ਜਥੇਦਾਰ ਸਾਹਿਬ ਨੇ ਸਪੱਸ਼ਟ ਨਿਰਦੇਸ਼ ਦਿੱਤੇ ਹਨ ਕਿ ਜਦੋਂ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਾਏ ਗਏ ਸਾਰੇ ਧਾਰਮਿਕ ਤੇ ਕਾਨੂੰਨੀ ਇਤਰਾਜ਼ਾਂ ਨੂੰ ਦੂਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਸ ਕਾਨੂੰਨ ਦੇ ਲਾਗੂ ਹੋਣ ’ਤੇ ਤੁਰੰਤ ਪ੍ਰਭਾਵ ਨਾਲ ਪੂਰਨ ਰੋਕ ਲਗਾਈ ਜਾਵੇ। ਹਾਲ ਵਿੱਚ ਮੌਜੂਦ ਮੰਤਰੀਆਂ ਅਤੇ ਵਿਧਾਇਕਾਂ ਦੇ ਸਪੱਸ਼ਟੀਕਰਨ ਸੁਣਨ ਤੋਂ ਬਾਅਦ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਖਿਆ ਕਿ ਇਸ ਕਾਨੂੰਨ ਨੂੰ ਬਣਾਉਣ ਦੇ ਮਾਮਲੇ ਵਿੱਚ ਸਰਕਾਰ ਨੂੰ ਪੂਰੀ ਤਰ੍ਹਾਂ ’ਗਲਤ ਗਾਈਡ’ (ਗੁੰਮਰਾਹ) ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਨੂੰਨੀ ਖਰੜਾ ਤਿਆਰ ਕਰਨ ਵਾਲਿਆਂ ਨੂੰ ਪੰਥਕ ਰਵਾਇਤਾਂ ਦੀ ਸਮਝ ਨਹੀਂ ਸੀ, ਜਿਸ ਕਾਰਨ ਇਹ ਸਾਰਾ ਆਪਸੀ ਤਣਾਅ ਪੈਦਾ ਹੋਇਆ ਹੈ। ਜਥੇਦਾਰ ਨੇ ਕਿਹਾ ਕਿ ਇਸ ਗੁੰਝਲਦਾਰ ਕਾਨੂੰਨ ਦੇ ਸੋਸ਼ਲ ਮੀਡੀਆ ਅਤੇ ਜਨਤਕ ਹੋਣ ਕਰਕੇ ਆਮ ਸੰਗਤ ਤੇ ਸਿੱਖਾਂ ਦੇ ਮਨਾਂ ਵਿੱਚ ਇੱਕ ਵੱਡਾ ਡਰ ਤੇ ਭੁਲੇਖਾ ਬਣ ਗਿਆ ਹੈ, ਜਿਸ ਨੂੰ ਤੁਰੰਤ ਦੂਰ ਕਰਨ ਦੀ ਲੋੜ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਸਰਕਾਰ ਸਿੱਖ ਭਾਵਨਾਵਾਂ ਅਨੁਸਾਰ ਇਸ ਵਿੱਚ ਸੋਧ ਕਰਦੀ ਹੈ, ਤਾਂ ਅਕਾਲ ਤਖ਼ਤ ਸਾਹਿਬ ਸਰਕਾਰ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਤਿਆਰ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੇ ਮਾਮਲੇ ਵਿੱਚ ਚੱਲ ਰਹੀ ਉੱਚ ਪੱਧਰੀ ਸੁਣਵਾਈ ਦੌਰਾਨ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਰਕਾਰ ਦੀ ਨੀਅਤ ਅਤੇ ਕਾਨੂੰਨ ਦੇ ਖਰੜੇ ’ਤੇ ਇੱਕ ਹੋਰ ਤਿੱਖਾ ਧਾਰਮਿਕ ਤੇ ਕਾਨੂੰਨੀ ਇਤਰਾਜ਼ ਜਨਤਕ ਕੀਤਾ ਗਿਆ ਹੈ। ਪੰਜ ਸਿੰਘ ਸਾਹਿਬਾਨ ਨੇ ਸਪੱਸ਼ਟ ਕੀਤਾ ਕਿ ਪ੍ਰਕਾਸ਼ਿਤ ਹੋਣ ਵਾਲੀਆਂ ਪਾਵਨ ਬੀੜਾਂ ’ਤੇ ਯੂਨੀਕ ਨੰਬਰ ਲਗਾਉਣ ਅਤੇ ਉਨ੍ਹਾਂ ਦੀ ਸੁਚੱਜੀ ਨਿਗਰਾਨੀ ਰੱਖਣ ਦਾ ਕੰਮ ਪੂਰੀ ਤਰ੍ਹਾਂ ਸਿੱਖਾਂ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰ ਖੇਤਰ ਦਾ ਹਿੱਸਾ ਹੈ। ਇਹ ਕੰਮ ਕਿਸੇ ਵੀ ਸਰਕਾਰ ਦਾ ਨਹੀਂ ਹੈ ਅਤੇ ਨਾ ਹੀ ਹੋ ਸਕਦਾ ਹੈ। ਕਾਨੂੰਨ ਬਣਾ ਕੇ ਇਸ ਪ੍ਰਕਿਰਿਆ ਨੂੰ ਆਪਣੇ ਹੱਥਾਂ ਵਿੱਚ ਲੈਣ ਦੀ ਸਰਕਾਰੀ ਕੋਸ਼ਿਸ਼ ’ਤੇ ਸਿੰਘ ਸਾਹਿਬਾਨ ਨੇ ਸਖ਼ਤ ਸ਼ਬਦਾਂ ਵਿੱਚ ਇਤਰਾਜ਼ ਜਤਾਇਆ ਹੈ।

**ਪੰਥਕ ਸ਼ਬਦਾਵਲੀ ’ਚ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ, ‘ਬੀੜ’ ਦੀ ਥਾਂ ‘ਸਰੂਪ’ ਸ਼ਬਦ ਵਰਤਣਾ ਗਲਤ: ਜਥੇਦਾਰ ਗੜਗੱਜ**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲ ਰਹੀ ਇਤਿਹਾਸਕ ਇਕੱਤਰਤਾ ਦੌਰਾਨ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਉੱਪਰ ਲਾਏ ਗਏ ਮੁੱਖ ਇਤਰਾਜ਼ਾਂ ਦੇ ਵੇਰਵੇ ਜਨਤਕ ਕਰ ਦਿੱਤੇ ਹਨ। ਜਥੇਦਾਰ ਸਾਹਿਬ ਨੇ ਹਾਲ ਵਿੱਚ ਮੌਜੂਦ ਸਮੂਹ ਵਿਧਾਇਕਾਂ ਅਤੇ ਮੀਡੀਆ ਨੂੰ ਸਪੱਸ਼ਟ ਕੀਤਾ ਕਿ ਸਰਕਾਰ ਨੇ ਇਸ ਕਾਨੂੰਨ ਰਾਹੀਂ ਸਿੱਖਾਂ ਦੇ ਅੰਦਰੂਨੀ ਧਾਰਮਿਕ ਮਾਮਲਿਆਂ ਅਤੇ ਸਦੀਆਂ ਪੁਰਾਣੀ ਪੰਥਕ ਸ਼ਬਦਾਵਲੀ ਵਿੱਚ ਸਿੱਧੀ ਦਖ਼ਲਅੰਦਾਜ਼ੀ ਕਰਨ ਦੀ ਕੋਸ਼ਿਸ਼ ਕੀਤੀ ਹੈ।

## ਯਮੁਨਾ ਜਲ ਪਰਿਯੋਜਨਾ ਦੇ ਨਿਰਮਾਣ ਅਤੇ ਲਾਗੂਕਰਨ ਦੇ ਸਬੰਧ ਵਿਚ ਹਰਿਆਣਾ ਅਤੇ ਰਾਜਸਥਾਨ ਸਰਕਾਰ ਵਿਚਕਾਰ ਇਕ ਮਹੱਤਵਪੂਰਨ ਸਮਝੌਤੇ ’ਤੇ ਹਸਤਾਖਰ ਹੋਏ

**ਨਵੀਂ ਦਿੱਲੀ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਗ੍ਰਿਹ ਤੇ ਸਹਿਕਾਰਤੀ ਮੰਤਰੀ ਅਮਿਤ ਸ਼ਾਹ ਦੀ ਹਾਜਿਰ ਵਿਚ ਸੋਮਵਾਰ ਨੂੰ ਨਵੀਂ ਦਿੱਲੀ ਵਿਚ ਯਮੁਨਾ ਜਲ ਪਰਿਯੋਜਨਾ ਦੇ ਨਿਰਮਾਣ ਅਤੇ ਲਾਗੂਕਰਨ ਦੇ ਸਬੰਧ ਵਿਚ ਹਰਿਆਣਾ ਅਤੇ ਰਾਜਸਥਾਨ ਸਰਕਾਰ ਵਿਚਕਾਰ ਇਕ ਮਹੱਤਵਪੂਰਨ ਸਮਝੌਤੇ ’ਤੇ ਹਸਤਾਖਰ ਹੋਏ। ਇਸ ਮੌਕੇ ’ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ.ਪਾਟਿਲ ਅਤੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਦੇ ਸੀਨੀਅਰ ਅਧਿਕਾਰੀ ਹਾਜ਼ਿਰ ਸਨ।

ਇਸ ਮੌਕੇ ’ਤੇ ਆਪਣੇ ਸਬੰਧਨ ਵਿਚ ਕੇਂਦਰੀ ਗ੍ਰਿਹ ਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਸਮਝੌਤੇ ਨਾਲ ਹਰਿਆਣਾ ਅਤੇ ਰਾਜਸਥਾਨ ਦੇ ਲੋਕਾਂ ਦੀ ਪਾਣੀ ਨਾਲ ਜੁੜੀ ਲਗਭਗ 3 ਦਹਾਕਿਆਂ ਪੁਰਾਣੀ ਸਮੱਸਿਆ ਦਾ ਅੱਜ ਹਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੇ ਗਏ ਸਹਿਕਾਰੀ ਸੰਘਵਾਦ ਦੇ ਮੰਤਰ ਦਾ ਇਕ ਵਧੀਆ ਉਦਾਹਰਨ ਹੈ। ਇਹ ਸਮਝੌਤਾ ਇਸ ਗੱਲ ਦਾ ਉਦਾਹਰਣ ਹੈ ਕਿ ਜੇਕਰ ਰਾਜ ਸਹਿਕਾਰੀ ਸੰਘਵਾਦ ਦੀ ਸੋਚ ਨੂੰ ਅੱਗੇ ਵੱਧਾਏਗਾ ਤਾਂ ਤਿੰਨ ਦਹਾਕਿਆਂ ਪੁਰਾਣੀ ਸਮੱਸਿਆ ਵੀ ਆਸਾਨੀ ਨਾਲ ਸੁਲਝ ਸਕਦੀ ਹੈ।



ਸ੍ਰੀ ਅਮਿਤ ਸ਼ਾਹ ਨੇ ਕਿਹਾ ਕਿ ਅੱਜ ਹੋਏ ਸਮਝੌਤੇ ਦੇ ਤਹਿਤ ਜੁਲਾਈ ਤੋਂ ਅਕਤੂਬਰ ਤਕ ਲਗਭਗ 580 ਐਮਸੀਐਮ ਪਾਣੀ ਯਮੁਨਾ ਨਹਿਰ ਨਾਲ ਤਿੰਨ ਭੂਮੀਗਤ ਪਾਇਪਲਾਇਨ ਰਾਹੀਂ ਰਾਜਸਥਾਨ ਤਕ ਪਹੁੰਚਾਇਆ ਜਾਵੇਗਾ। ਇੰਨ੍ਹਾਂ ਤਿੰਨ ਪਾਇਪਲਾਇਨਾਂ ਦਾ ਘੇਰਾ 3.6 ਮੀਟਰ ਤੋਂ ਵੀ ਵੱਧ ਹੈ, ਜਿੰਨ੍ਹਾਂ ਰਾਹੀਂ ਹਰਿਆਣਾ ਅਤੇ ਰਾਜਸਥਾਨ ਸੂਬਿਆਂ ਦੇ ਲੋਕਾਂ ਲਈ ਪੀਣ ਵਾਲੇ ਪਾਣੀ ਦੀ ਵਿਵਸਥਾ ਹੋਵੇਗੀ। ਸਮਝੌਤਾ ਵਿਚ ਮਾਲੀ ਜਿੰਮੇਵਾਰੀ, ਲਾਗਤ ਸਾਝੀਕਰਣ, ਜਲ ਵੰਡ ਅਤੇ ਜਲ ਛੱਡਣ ਦੇ ਪ੍ਰੋਟੋਕਾਲ ਅਤੇ ਰੱਖ-ਰਖਾਓ ਦਾ ਧਿਆਨ ਰੱਖਿਆ ਗਿਆ ਹੈ। ਇਸ ਵਿਗਿਆਨ ਤੌਰ ’ਤੇ ਪਰਿਪੂਰਨ ਸਮਝੌਤੇ ਵਿਚ ਬੁਨਿਆਦੀ ਢਾਂਚੇ ਦਾ ਸੰਚਾਲਨ, ਰਖ-ਰਖਾਓ, ਨਿਗਰਾਨੀ, ਪਾਰਦਰਸ਼ਤਾ ਦੇ ਉਪਾਇਆਂ ਅਤੇ ਝਗੜਾ ਹਲ ਦੀ ਪ੍ਰਕ੍ਰਿਆ ਨੂੰ ਵੀ ਬਹੁਤ ਵਧੀਆ ਢੰਗ ਨਾਲ ਸ਼ਾਮਿਲ ਕੀਤਾ ਗਿਆ ਹੈ।

ਕੇਂਦਰੀ ਗ੍ਰਿਹ ਮੰਤਰੀ ਨੇ ਕਿਹਾ ਕਿ ਹਰਿਆਣਾ, ਰਾਜਸਥਾਨ ਅਤੇ ਖਾਸ ਕਰਕੇ ਕੇਂਦਰੀ ਜਲ ਕਮਿਸ਼ਨ ਨੇ ਇਸ ਸਮਝੌਤੇ ਦਾ ਜੋ ਖਰੜਾ ਬਣਾਇਆ ਹੈ ਉਹ ਆਉਣ ਵਾਲੇ ਕਈ ਦਹਾਕਿਆਂ ਤਕ ਬਿਨਾਂ ਝਗੜੇ ਦੇ ਸਮਝੌਤੇ ਵੱਜੋਂ ਸਥਾਪਿਤ ਰਹੇਗਾ। ਉਨ੍ਹਾਂ ਕਿਹਾ ਕਿ ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ.ਪਾਟਿਲ ਦੀ ਪ੍ਰਧਾਨਗੀ ਹੇਠ ਕੁਝ ਹੀ ਦਿਨਾਂ ਵਿਚ ਇਸ ਸਮੱਸਿਆ ਦਾ ਹਲ ਕੱਢਿਆ ਗਿਆ। ਇਸ ਸਮਝੌਤੇ ਤੋਂ ਬਾਅਦ ਰਾਜਥਾਨ ਦੇ ਸੀਕਰ, ਚੁਰੂ ਅਤੇ ਝੁੰਝੂਨੂ ਦੇ ਨਾਲ-ਨਾਲ ਹਰਿਆਣਾ ਦੇ ਭਿਵਾਨੀ ਅਤੇ ਫਤਿਹਬਾਦ ਖੇਤਰਾਂ ਵਿਚ ਵੀ ਪੀਣ ਦੇ ਪਾਣੀ ਪਹੁੰਚਾਉਣ ਦੀ ਵਿਵਸਥਾ ਹੋ ਜਾਵੇਗੀ।

ਸ੍ਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਸਮਝੌਤੇ ਨਾਲ ਹਰਿਆਣਾ ਅਤੇ ਰਾਜਸਥਾਨ ਖਾਸਕਰਕੇ ਰਾਜਸਥਾਨ, ਵਿਚ ਪਾਣੀ ਦੇ ਪਾਣੀ ਦੀ ਸਮੱਸਿਆ ਦੇ ਹਲ ਵਿਚ ਬਹੁਤ ਮਦਦ ਮਿਲੇਗੀ। ਜੋ ਪਾਣੀ ਕਿਸੇ ਕੰਮ ਨਹੀਂ ਆ ਰਿਹਾ ਸੀ, ਇਸ ਸਮਝੌਤੇ ਤੋਂ ਬਾਅਦ ਹੁਣ ਉਹ ਪਾਣੀ ਲੋਕਾਂ ਦੀ ਪਿਆਸ ਬੁਝਾਉਣ ਅਤੇ ਵੱਡੇ ਤਲਾਬਾਂ ਵਿਚ ਇੱਕਠਾ ਹੋਕੇ ਜਮੀਨੀ ਪਾਣੀ ਪੱਧਰ ਵੱਧਾਉਣ ਦੇ ਕੰਮ ਆਵੇਗੀ। ਸ੍ਰੀ ਸ਼ਾਹ ਨੇ ਕਿਹਾ ਕਿ ਹਰਿਆਣਾ, ਰਾਜਸਥਾਨ ਅਤੇ ਜਲ ਸ਼ਕਤੀ ਮੰਤਰਾਲੇ ਨੇ ਪ੍ਰਧਾਨ ਮੰਤਰੀ ਮੋਦੀ ਜੀ ਵੱਲੋਂ ਦਿੱਤੇ ਗਏ ਸਹਿਕਾਰੀ ਸੰਘਵਾਦ ਦੇ ਸੰਦੇਸ਼ ਨੂੰ ਸੱਚੇ ਅਰਥਾਂ ਵਿਚ ਸਾਬਤ ਕੀਤਾ ਹੈ।

ਇਸ ਪਰਿਯੋਜਨਾ ਦਾ ਮੰਤਵ ਪੱਛਮੀ ਯਮੁਨਾ ਨਹਿਰ ਨਾਲ ਜਮੀਨੀ ਪਾਇਪ ਲਾਇਨ ਰਾਹੀਂ ਰਾਜਸਥਾਨ ਦੇ ਹਿੱਸੇ ਦਾ ਯਮੁਨਾ ਦਾ ਪਾਣੀ ਪਹੁੰਚਾਉਣਾ ਹੈ। ਇਸ ਨਾਲ ਰਾਜ, ਅਪਰ ਯਮੁਨਾ ਬੇਸਿਨ ਦੀ ਵਰਤੋਂ ਲਾਇਕ ਸਤਹੀ ਪਾਣੀ ਦੀ ਵੰਡ ’ਤੇ 1994 ਦੇ ਸਮਝੌਤੇ ਦੇ ਤਹਿਤ ਮਿਲੇ ਪਾਣੀ ਦਾ ਸਹੀ ਢੰਗ ਨਾਲ ਵਰਤੋਂ ਕਰ ਪਾਏਗਾ।

ਇਸ ਪਰਿਯੋਜਨਾ ਨਾਲ ਰਾਜਸਥਾਨ ਦੇ ਸੋਕੇ ਅਤੇ ਘਟ ਵਰਖਾ ਵਾਲਾ ਇਲਾਕਿਆਂ ਵਿਚ ਪਾਣੀ ਦੇ ਪਾਣੀ ਦੀ ਲਗਾਤਾਰ ਸਪਲਾਈ ਹੋਵੇਗੀ ਅਤੇ ਸਮਾਜਿਕ-ਆਰਥਿਕ ਵਿਕਾਸ ਨੂੰ ਪ੍ਰੋਤਸਾਹਨ ਮਿਲੇਗਾ, ਜਿਸ ਨਾਲ ਲੱਖਾਂ ਲੋਕਾਂ ਨੂੰ ਫਾਇਦਾ ਹੋਵੇਗਾ। ਇਹ ਸਮਝੌਤਾ ਕੇਂਦਰ ਸਰਕਾਰ ਅਤੇ ਸਮਝੌਤੇ ਵਿਚ ਸ਼ਾਮਿਲ ਰਾਜ ਸਰਕਾਰਾਂ ਦੇ ਇਕਜੁੱਟ ਯਤਨਾਂ ਨਾਲ ਪਰਿਯੋਜਨਾ ਨੂੰ ਸਮੇਂ ’ਤੇ ਲਾਗੂ ਕਰਨ ਦੀ ਨੀਂਹ ਰੱਖਣ ਦਾ ਕੰਮ ਕਰੇਗਾ।

## ਪੰਜਾਬ ਵਿੱਚ ਬਿਜਲੀ ਦੀ ਮੰਗ 17 ਹਜ਼ਾਰ ਮੈਗਾਵਾਟ ਨੇੜੇ ਪਹੁੰਚੀ

**ਅਣ-ਐਲਾਨੇ ਬਿਜਲੀ ਕੱਟਾਂ ਕਰਕੇ ਕਿਸਾਨ, ਮਜ਼ਦੂਰ ਅਤੇ ਵਪਾਰੀ ਸਣੇ ਹਰ ਵਰਗ ਪਰੇਸ਼ਾਨ; ਇਕ ਜੁਲਾਈ ਤੋਂ ਬਦਲੇਗਾ ਮੌਸਮ ਦਾ ਮਿਜ਼ਾਜ**

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਪਿਛਲੇ ਕਈ ਦਿਨਾਂ ਤੋਂ ਪੈ ਰਹੀ ਗਰਮੀ ਦਾ ਕਹਿਰ ਅੱਜ ਵੀ ਲਗਾਤਾਰ ਜਾ ਰਹੀ ਹੈ। ਗਰਮੀ ਕਰਕੇ ਝੋਨੇ ਦੀ ਲਵਾਈ ਕਰਨ ਵਾਲੇ ਕਿਸਾਨਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਥੇ ਹੀ ਸੂਬੇ ਵਿੱਚ ਲੱਗ ਰਹੇ ਅਣ ਐਲਾਨੇ ਬਿਜਲੀ ਕੱਟਾਂ ਕਰਕੇ ਕਿਸਾਨਾਂ ਦੇ ਨਾਲ ਨਾਲ ਮਜ਼ਦੂਰ ਅਤੇ ਵਪਾਰੀ ਵਰਗ ਸਣੇ ਹਰੇਕ ਵਰਗ ਦੇ ਲੋਕਾਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ। ਅੱਜ 29 ਜੂਨ ਦੀ ਨੂੰ ਸੋਮਵਾਰ ਨੂੰ ਸੂਬੇ ਵਿੱਚ ਬਿਜਲੀ ਦੀ ਮੰਗ 17 ਮੈਗਾਵਾਟ ਦੇ ਨਜ਼ਦੀਕ 16940 ਮੈਗਾਵਾਟ ’ਤੇ ਪਹੁੰਚ ਗਈ ਹੈ। ਲਗਾਤਾਰ ਵੱਧ ਰਹੀ ਬਿਜਲੀ ਦੀ ਮੰਗ ਨੇ ਪਾਵਰ ਕੌਮ ਦੇ ਅਧਿਕਾਰੀਆਂ ਦੇ ਹੱਥ ਵੀ ਖੜੇ ਕਰ ਦਿੱਤੇ ਹਨ।

ਦੂਜੇ ਪਾਸੇ ਮੌਸਮ ਵਿਭਾਗ ਵੱਲੋਂ 29 ਅਤੇ 30 ਜੂਨ ਨੂੰ ਸੂਬੇ ਵਿੱਚ ਗਰਮੀ ਦਾ ਕਹਿਰ ਇਸੇ ਤਰ੍ਹਾਂ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਹੈ। ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਪੰਜਾਬ ਵਿੱਚ 1 ਜੁਲਾਈ ਤੋਂ ਮੌਸਮ ਦਾ ਮਿਜ਼ਾਜ ਬਦਲੇਗਾ। ਇਸ ਦੌਰਾਨ 1 ਜੁਲਾਈ ਤੋਂ 4 ਜੁਲਾਈ ਤੱਕ ਪੰਜਾਬ ਦੇ ਕਈ ਇਲਾਕਿਆਂ ਵਿੱਚ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਚੱਲਣਗੀਆਂ ਅਤੇ ਕਈ ਥਾਵਾਂ ’ਤੇ ਹਲਕਾ ਅਤੇ ਕਈ ਥਾਵਾਂ ’ਤੇ ਦਰਮਿਆਨਾ ਮੀਂਹ ਪਵੇਗਾ।

ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਲੱਗ ਰਹੇ ਬਿਜਲੀ ਕੱਟ ਕਰਕੇ ਝੋਨੇ ਦੀ ਲਵਾਈ ਪ੍ਰਭਾਵਿਤ ਹੋ ਰਹੀ ਹੈ। ਕਿਸਾਨਾਂ ਨੂੰ ਖੇਤੀ ਖੇਤਰ ਲਈ ਅੱਠ ਘੰਟੇ ਬਿਜਲੀ ਸਪਲਾਈ ਨਾ ਮਿਲਣ ਕਰਕੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ 30 ਜੂਨ ਨੂੰ ਪੰਜਾਬ ਭਰ ਵਿੱਚ ਸਾਰੇ ਪਾਵਰਕੌਮ ਦਫਤਰਾਂ ਮੂਹਰੇ ਰੋਸ ਮੁਜ਼ਾਹਰੇ ਕਰਨ ਦਾ ਐਲਾਨ ਕੀਤਾ ਹੈ।

## ਪਾਕਿਸਤਾਨ ਵਿੱਚ ਦਹਿਸ਼ਤੀ ਹਮਲਾ; ਸਿੰਧ ਰੇਂਜਰਜ਼ ਦੇ ਤਿੰਨ ਜਵਾਨਾਂ ਦੀ ਹੱਤਿਆ

**ਕਰਾਚੀ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨ ਦੇ ਕਰਾਚੀ ਸ਼ਹਿਰ ਵਿੱਚ ਸਿੰਧ ਰੇਂਜਰਜ਼ ਦੇ ਹੈੱਡਕੁਆਰਟਰ ’ਤੇ ਦਹਿਸ਼ਤੀ ਹਮਲੇ ਵਿੱਚ ਸਿੰਧ ਰੇਂਜਰਜ਼ ਦੇ ਤਿੰਨ ਜਵਾਨ ਮਾਰੇ ਗਏ। ਇਸ ਦੌਰਾਨ ਸੁਰੱਖਿਆ ਬਲਾਂ ਨੇ ਜਵਾਬੀ ਕਾਰਵਾਈ ਕੀਤੀ ਜਿਸ ਦੌਰਾਨ ਤਿੰਨ ਹਮਲਾਵਰ ਵੀ ਮਾਰੇ ਗਏ। ਇਸ ਤੋਂ ਪਹਿਲਾਂ ਕਰਾਚੀ ਦੀ ਇੱਕ ਮੁੱਖ ਸੜਕ ’ਤੇ ਕਈ ਧਮਾਕੇ ਹੋਏ, ਇੱਥੇ ਕਈ ਯੂਨੀਵਰਸਿਟੀਆਂ ਅਤੇ ਪਾਕਿਸਤਾਨ ਦੇ ਮੌਸਮ ਵਿਭਾਗ ਦੇ ਦਫ਼ਤਰ ਹਨ। ਇਸ ਤੋਂ ਬਾਅਦ ਗੋਲੀਬਾਰੀ ਦੀਆਂ ਖ਼ਬਰਾਂ ਆਈਆਂ।

ਸਿੰਧ ਦੇ ਪੁਲੀਸ ਇੰਸਪੈਕਟਰ ਜਨਰਲ ਜਾਵੇਦ ਆਲਮ ਓਧੋ ਨੇ ਦੱਸਿਆ ਕਿ ਸਿੰਧ ਰੇਂਜਰਜ਼ ਦੇ ਸਥਾਨਕ ਹੈੱਡਕੁਆਰਟਰ ’ਤੇ ਹੋਏ ਹਮਲੇ ਵਿੱਚ ਤਿੰਨ ਅਤਿਵਾਦੀ ਵੀ ਮਾਰੇ ਗਏ ਹਨ।

ਰਾਇਟਰਜ਼ ਦੇ ਇੱਕ ਪੱਤਰਕਾਰ ਨੇ ਮੌਕੇ ਤੋਂ ਜਾਣਕਾਰੀ ਦਿੱਤੀ ਕਿ ਗੋਲੀਬਾਰੀ ਹੁਣ ਰੁਕ ਚੁੱਕੀ ਹੈ। ਅਕਤੂਬਰ 2024 ਵਿੱਚ ਚੀਨੀ ਨਾਗਰਿਕਾਂ ਦੇ ਕਾਫ਼ਲੇ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਧਮਾਕੇ ਤੋਂ ਬਾਅਦ ਇਹ ਕਰਾਚੀ ਵਿੱਚ ਸਭ ਤੋਂ ਵੱਡਾ ਹਮਲਾ ਮੰਨਿਆ ਜਾ ਰਿਹਾ ਹੈ। ਉਸ ਹਮਲੇ ਵਿੱਚ ਦੋ ਚੀਨੀ ਨਾਗਰਿਕਾਂ ਦੀ ਮੌਤ ਹੋਈ ਸੀ। ਪਿਛਲੇ ਕੁਝ ਸਾਲਾਂ ਦੌਰਾਨ ਪਾਕਿਸਤਾਨ ਦੇ ਵੱਡੇ ਸ਼ਹਿਰਾਂ ਵਿੱਚ ਅਜਿਹੇ ਹਮਲੇ ਕਾਫ਼ੀ ਘੱਟ ਹੋ ਗਏ ਸਨ। ਹਾਲਾਂਕਿ ਅਫ਼ਗਾਨਿਸਤਾਨ ਨਾਲ ਲੱਗਦੇ ਸਰਹੱਦੀ ਖੇਤਰਾਂ ਵਿੱਚ ਅਤਿਵਾਦੀ ਗਤੀਵਿਧੀਆਂ ਵਿੱਚ ਆਏ ਵਾਧੇ ਨੇ ਇਹ ਚਿੰਤਾ ਵਧਾ ਦਿੱਤੀ ਹੈ ਕਿ ਹਿੰਸਾ ਮੁੜ ਦੇਸ਼ ਦੇ ਵੱਡੇ ਸ਼ਹਿਰਾਂ ਤੱਕ ਫੈਲ ਸਕਦੀ ਹੈ।



## ਅਮਰੀਕੀ ਹਮਲਿਆਂ ਤੋਂ ਬਾਅਦ ਇਰਾਨ ਨੇ ਬਹਿਰੀਨ ਅਤੇ ਕੁਵੈਤ ਨੂੰ ਬਣਾਇਆ ਨਿਸ਼ਾਨਾ; ਗੱਲਬਾਤ ਰੋਕਣ ਦੀ ਧਮਕੀ



**ਦੁਬਈ, 230 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਰਾਨ ਦੇ ਅਰਧ-ਸੈਨਿਕ ਬਲ ’ਰਿਵੋਲਿਊਸ਼ਨਰੀ ਗਾਰਡ’ ਨੇ ਅਮਰੀਕੀ ਹਵਾਈ ਹਮਲਿਆਂ ਦੇ ਜਵਾਬ ਵਿੱਚ ਬਹਿਰੀਨ ਅਤੇ ਕੁਵੈਤ ਨੂੰ ਨਿਸ਼ਾਨਾ ਬਣਾ ਕੇ ਐਤਵਾਰ ਨੂੰ ਡਰੋਨ ਅਤੇ ਮਿਜ਼ਾਈਲ ਹਮਲੇ ਕੀਤੇ। ਇਸ ਦੇ ਨਾਲ ਹੀ ਇਰਾਨ ਨੇ ਧਮਕੀ ਦਿੱਤੀ ਕਿ ਜੇਕਰ ਅਮਰੀਕਾ ਨੇ ਹਮਲੇ ਜਾਰੀ ਰੱਖੇ ਤਾਂ ਜੰਗ ਖ਼ਤਮ ਕਰਨ ਲਈ ਚੱਲ ਰਹੀ ਗੱਲਬਾਤ ਪੂਰੀ ਤਰ੍ਹਾਂ ਰੋਕੀ ਜਾ ਸਕਦੀ ਹੈ। ਇਰਾਨ ਦੇ ਰਿਵੋਲੂਸ਼ਨਰੀ ਗਾਰਡ ਨੇ ਦੋਵਾਂ ਹਮਲਿਆਂ ਦੀ ਜ਼ਿੰਮੇਵਾਰੀ ਲੈਂਦੇ ਹੋਏ ਕਿਹਾ ਕਿ ਉਸਨੇ ਕੁਵੈਤ ਵਿੱਚ ਅਲ-ਅਸਦ ਹਵਾਈ ਫੌਜ ਅੱਡੇ (ਏਅਰਬੇਸ) ਨੂੰ ਨਿਸ਼ਾਨਾ ਬਣਾਇਆ। ਰਿਵੋਲੂਸ਼ਨਰੀ ਗਾਰਡ ਨੇ ਕਿਹਾ, ਦੁਸ਼ਮਣ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਜੰਗਬੰਦੀ ਦੀ ਉਲੰਘਣਾ... ਚੱਲ ਰਹੀਆਂ ਪ੍ਰਕਿਰਿਆਵਾਂ (ਗੱਲਬਾਤ) ਨੂੰ ਪੂਰੀ ਤਰ੍ਹਾਂ ਰੋਕ ਦੇਵੇਗੀ। ਬਹਿਰੀਨ ਅਤੇ ਕੁਵੈਤ ’ਤੇ ਇਹ ਹਮਲੇ ਉਸ ਵੇਲੇ ਹੋਏ, ਜਦੋਂ ਅਮਰੀਕੀ ਜਲ ਸੈਨਾ ਦੀ ਦੇਖਰੇਖ ਹੇਠ ਕੰਮ ਕਰਨ ਵਾਲੇ ਕਈ ਦੇਸ਼ਾਂ ਦੇ ਇੱਕ ਸਮੁੰਦਰੀ ਸੰਗਠਨ ਨੇ ਸ਼ਨਿੱਚਰਵਾਰ ਨੂੰ ਐਲਾਨ ਕੀਤਾ ਕਿ ਹੋਰਮੁਜ਼ ਜਲਮਾਰਗ ਵਿੱਚ ਓਮਾਨ ਦੇ ਲਾਗੇ ਪੈਂਦੇ ਇੱਕ ਰਸਤੇ ਦਾ ਵਿਸਤਾਰ ਕੀਤਾ ਜਾਵੇਗਾ ਤਾਂ ਜੋ ਖਾੜੀ ਦੇ ਦੇਸ਼ਾਂ ਵਿੱਚ ਆਉਣ-ਜਾਣ ਵਾਲੇ ਵਾਲੇ ਜਹਾਜ਼ਾਂ ਨੂੰ ਕੋਈ ਮੁਸ਼ਕਲ ਨਾ ਆਵੇ। ਇਸ ਕਦਮ ਨਾਲ ਇਰਾਨ ਨਾਲ ਟਕਰਾਅ ਦਾ ਇੱਕ ਨਵਾਂ ਕਾਰਨ ਪੈਦਾ ਹੋ ਸਕਦਾ ਹੈ।

ਅਮਰੀਕਾ ਅਤੇ ਇਰਾਨ ਵਿਚਕਾਰ ਜੰਗ ਖ਼ਤਮ ਕਰਨ ਲਈ ਹੋਏ ਅੰਤਰਿਮ ਸਮਝੌਤੇ ਵਿੱਚ ਹੋਰਮੁਜ਼ ਜਲਮਾਰਗ ਤੋਂ ਜਹਾਜ਼ਾਂ ਦੀ ਆਵਾਜਾਈ ਫਿਰ ਸ਼ੁਰੂ ਕਰਨ ਦੀ ਗੱਲ ਕਹੀ ਗਈ ਹੈ। ਪਰ ਇਸ ਦੇ ਬਾਵਜੂਦ, ਇਰਾਨ ਨੇ ਸੰਯੁਕਤ ਰਾਸ਼ਟਰ ਦੀ ਸੰਸਥਾ ਦੀ ਮਦਦ ਨਾਲ ਬਣਾਏ ਗਏ ਓਮਾਨ ਵਾਲੇ ਰਸਤੇ ਤੋਂ ਲੰਘਣ ਵਾਲੇ ਜਹਾਜ਼ਾਂ ’ਤੇ ਦੋ ਵਾਰ ਹਮਲੇ ਕਰ ਦਿੱਤੇ ਹਨ। ਇਰਾਨ ਦੇ ਹਮਲੇ ਦਾ ਸ਼ਿਕਾਰ ਹੋਇਆ ਪਨਾਮਾ ਦੇ ਝੰਡੇ ਵਾਲਾ ਤੇਲ ਵਾਲਾ ਵੱਡਾ ਜਹਾਜ਼ (ਟੈਂਕਰ) ’ਕੀਕੂ’, ਕਤਰ ਦੇਸ਼ ਦੀ ਸਰਕਾਰੀ ਊਰਜਾ ਕੰਪਨੀ ਲਈ ਕੱਚਾ ਤੇਲ ਲੈ ਕੇ ਜਾ ਰਿਹਾ ਸੀ। ਇੱਥੇ ਇਹ ਦੱਸਣਯੋਗ ਹੈ ਕਿ ਕਤਰ ਦੇਸ਼, ਇਰਾਨ ਅਤੇ ਅਮਰੀਕਾ ਵਿਚਾਲੇ ਸੁਲ੍ਹਾ ਕਰਵਾਉਣ ਲਈ ਮੁੱਖ ਵਿਚੋਲੇ ਦਾ ਕੰਮ ਕਰ ਰਿਹਾ ਹੈ। ਅਮਰੀਕਾ ਅਤੇ ਖਾੜੀ ਦੇ ਅਰਬ ਦੇਸ਼ਾਂ ਦੇ ਵਿਰੋਧ ਦੇ ਬਾਵਜੂਦ ਇਰਾਨ ਦਾ ਕਹਿਣਾ ਹੈ ਕਿ ਇਸ ਮਹੱਤਵਪੂਰਨ ਜਲਮਾਰਗ ਤੋਂ ਜਹਾਜ਼ਾਂ ਦੀ ਆਵਾਜਾਈ ’ਤੇ ਉਸਦਾ ਕੰਟਰੋਲ ਹੋਣਾ ਚਾਹੀਦਾ ਹੈ। ਇੱਕ ਸਮੇਂ ਦੁਨੀਆ ਦੇ ਤੇਲ ਅਤੇ ਕੁਦਰਤੀ ਗੈਸ ਦਾ ਪੰਜਵਾਂ ਹਿੱਸਾ ਇਸੇ ਸਮੁੰਦਰੀ ਰਸਤੇ ਤੋਂ ਲੰਘਦਾ ਸੀ। ਉੱਥੇ ਹੀ ’ਯੂ ਐੱਸ ਸੈਂਟਰਲ ਕਮਾਂਡ’ ਨੇ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਵਿੱਚ ਕਿਹਾ ਕਿ ਇੱਕ ਮਾਲਵਾਹਕ ਜਹਾਜ਼ ’ਤੇ ਸ਼ਨਿੱਚਰਵਾਰ ਤੜਕੇ ਹੋਏ ਹਮਲੇ ਤੋਂ ਬਾਅਦ ਅਮਰੀਕੀ ਫੌਜੀ ਜਹਾਜ਼ਾਂ ਨੇ ਇਰਾਨ ਦੇ ਫੌਜੀ ਨਿਗਰਾਨੀ ਢਾਂਚੇ, ਸੰਚਾਰ ਪ੍ਰਣਾਲੀਆਂ, ਹਵਾਈ ਰੱਖਿਆ ਟਿਕਾਣਿਆਂ, ਡਰੋਨ ਸਟੋਰੇਜ (ਭੰਡਾਰਨ) ਕੇਂਦਰਾਂ ਅਤੇ ਬਾਰੂਦੀ ਸੁਰੰਗਾਂ ਵਿਛਾਉਣ ਵਾਲੀਆਂ ਤਾਕਤਾਂ ਨੂੰ ਨਿਸ਼ਾਨਾ ਬਣਾਇਆ।

## ਆਪ ਸਰਕਾਰ ਦੇ ਰਾਜ ਵਿੱਚ ਪੰਜਾਬ ਬਿਜਲੀ ਸਪਲਾਈ ’ਚ ਪਛੜਿਆ: ਸੁਖਬੀਰ ਬਾਦਲ

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਪੈ ਰਹੀ ਗਰਮੀ ਕਰਕੇ ਸੂਬੇ ਵਿੱਚ ਬਿਜਲੀ ਦੇ ਵੱਡੇ-ਵੱਡੇ ਕੱਟ ਲੱਗ ਰਹੇ ਹਨ, ਜਿਸ ਕਰਕੇ ਲੋਕਾਂ ਨੂੰ ਵਧੇਰੇ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੂਬੇ ਵਿੱਚ ਪੈਦਾ ਹੋਏ ਬਿਜਲੀ ਸੰਕਟ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਸੂਬਾ ਸਰਕਾਰ ਦੀ ਘੇਰਾਬੰਦੀ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਵਿੱਚ ਬਿਜਲੀ ਨਾ ਹੋਣ ਕਾਰਨ ਕਿਸਾਨੀ ਦਾ ਬੁਰਾ ਹਾਲ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਥਾਂ ’ਤੇ ਝੂਠੇ ਵਾਅਦੇ ਅਤੇ ਦਾਅਵੇ ਕਰਨ ਲੱਗੇ ਹੋਏ ਹਨ। ਸੁਖਬੀਰ ਸਿੰਘ ਬਾਦਲ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਪੰਜਾਬ ਬਿਜਲੀ ਸਰਪਲੱਸ ਸੂਬਾ ਬਣ ਗਿਆ ਸੀ, ਪਰ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਇਹ ਮੁੜ ਤੋਂ ਬਿਜਲੀ ਸਪਲਾਈ ਵਿੱਚ ਪਛੜ ਗਿਆ ਹੈ।



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਆਮ ਆਦਮੀ ਪਾਰਟੀ ਨੂੰ ਨਕਾਰ ਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਈ ਜਾਵੇ ਤਾਂ ਜੋ ਪੰਜਾਬ ਨੂੰ ਮੁੜ ਪੈਰਾਂ ਸਿਰ ਖੜ੍ਹਾ ਕੀਤਾ ਜਾ ਸਕੇ।

## ਹਿਮਾਚਲ ਵਿੱਚ 5 ਜੁਲਾਈ ਤੱਕ ਜਾਰੀ ਰਹੇਗਾ ਭਾਰੀ ਮੀਂਹ; 3 ਜੁਲਾਈ ਤੱਕ ਅਲਰਟ ਜਾਰੀ

**ਸ਼ਿਮਲਾ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦੇ ਮੌਸਮ ਵਿਗਿਆਨ ਕੇਂਦਰ ਵੱਲੋਂ 5 ਜੁਲਾਈ ਤੱਕ ਹਿਮਾਚਲ ਪ੍ਰਦੇਸ਼ ਦੇ ਕਈ ਜ਼ਿਲ੍ਹਿਆਂ ਲਈ ਸੰਤਰੀ ਅਤੇ ਪੀਲਾ ਮੌਸਮ ਅਲਰਟ ਜਾਰੀ ਕੀਤੇ ਜਾਣ ਕਾਰਨ ਸੂਬੇ ਭਰ ਵਿੱਚ ਭਾਰੀ ਮੀਂਹ ਜਾਰੀ ਰਹਿਣ ਦੀ ਸੰਭਾਵਨਾ ਹੈ। ਵਿਭਾਗ ਨੇ 30 ਜੂਨ ਲਈ ਸ਼ਿਮਲਾ, ਕਾਂਗੜਾ, ਸੋਲਨ, ਮੰਡੀ, ਊਨਾ, ਬਿਲਾਸਪੁਰ, ਹਮੀਰਪੁਰ, ਸਿਰਮੌਰ ਅਤੇ ਚੰਬਾ ਜ਼ਿਲ੍ਹਿਆਂ ਲਈ ਪੀਲਾ ਮੌਸਮ ਅਲਰਟ ਜਾਰੀ ਕੀਤਾ ਹੈ, ਜਿਸ ਦੇ ਨਤੀਜੇ ਵਜੋਂ ਇਨ੍ਹਾਂ ਜ਼ਿਲ੍ਹਿਆਂ ਦੇ ਵੱਖ-ਵੱਖ ਇਲਾਕਿਆਂ ਵਿੱਚ ਦਰਮਿਆਨੀ ਬਾਰਿਸ਼ ਹੋ ਸਕਦੀ ਹੈ।

## ਪੰਜਾਬ ਅਤੇ ਹਰਿਆਣਾ ਵਿੱਚ 3 ਦਿਨ ਹੋਰ ਚੱਲੇਗੀ ਲੂ; ਜਾਣੋ ਕਦੋਂ ਮਿਲੇਗੀ ਰਾਹਤ !

**ਚੰਡੀਗੜ੍ਹ, 30 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੌਸਮ ਵਿਭਾਗ ਮੁਤਾਬਕ ਪੰਜਾਬ ਅਤੇ ਹਰਿਆਣਾ ਦੇ ਕੁਝ ਹਿੱਸਿਆਂ ਵਿੱਚ 28 ਜੂਨ ਤੋਂ 30 ਜੂਨ ਤੱਕ ਭਾਰੀ ਗਰਮੀ (ਲੂ) ਪੈਣ ਦੀ ਸੰਭਾਵਨਾ ਹੈ। ਹਾਲਾਂਕਿ, 1 ਜੁਲਾਈ ਨੂੰ ਵੈਸਟਰਨ ਡਿਸਟਰਬੈਂਸ (ਪੱਛਮੀ ਗੜਬੜੀ) ਕਾਰਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਹੋ ਸਕਦੀ ਹੈ।

ਇਸ ਤੋਂ ਬਾਅਦ 2 ਅਤੇ 3 ਜੁਲਾਈ ਨੂੰ ਕੁਝ ਥਾਵਾਂ ’ਤੇ 40-50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਅਤੇ ਭਾਰੀ ਮੀਂਹ ਪੈਣ ਦੀ ਉਮੀਦ ਹੈ, ਜਦਕਿ 4 ਜੁਲਾਈ ਨੂੰ ਵੀ ਗਰਜ-ਚਮਕ ਨਾਲ ਤੇਜ਼ ਹਵਾਵਾਂ ਚੱਲ ਸਕਦੀਆਂ ਹਨ।

ਤਾਪਮਾਨ ਵਿੱਚ ਗਿਰਾਵਟ: ਮੌਸਮ ਵਿਭਾਗ ਦੇ ਡਾਇਰੈਕਟਰ ਸੁਰਿੰਦਰ ਪਾਲ ਅਨੁਸਾਰ, ਅਜੇ ਦਿਨ ਦੇ ਤਾਪਮਾਨ ਵਿੱਚ ਕੋਈ ਖਾਸ ਬਦਲਾਅ ਨਹੀਂ ਹੋਵੇਗਾ। ਪਰ ਜਿਵੇਂ ਹੀ ਬਾਰਿਸ਼ ਅਤੇ ਤੂਫ਼ਾਨ ਦਾ ਦੌਰ ਸ਼ੁਰੂ ਹੋਵੇਗਾ, ਤਾਪਮਾਨ ਵਿੱਚ 4 ਤੋਂ 6 ਡਿਗਰੀ ਤੱਕ ਦੀ ਗਿਰਾਵਟ ਆਵੇਗੀ।

ਮੌਨਸੂਨ ਦੀ ਦੇਰੀ: ਮੌਨਸੂਨ ਅਜੇ ਆਪਣੇ ਤੈਅ ਸਮੇਂ ਤੋਂ ਪਛੜ ਕੇ ਚੱਲ ਰਿਹਾ ਹੈ। ਫਿਲਹਾਲ ਇਹ ਸੂਰਤ, ਇੰਦੌਰ, ਮੰਡਲਾ, ਡਾਲਟਨਗੰਜ ਅਤੇ ਮੋਤੀਹਾਰੀ ਤੱਕ ਪਹੁੰਚਿਆ ਹੈ ਅਤੇ ਅਜੇ ਉੱਤਰ ਪ੍ਰਦੇਸ਼ ਵਿੱਚ ਦਾਖਲ ਨਹੀਂ ਹੋਇਆ।



ਮੌਨਸੂਨ ਦਾ ਰੂਟ: ਮੌਨਸੂਨ ਭਾਰਤ ਵਿੱਚ ਪੂਰਬ ਤੋਂ ਪੱਛਮ ਵੱਲ ਵਧਦਾ ਹੈ। ਅਗਲੇ 3-4 ਦਿਨਾਂ ਵਿੱਚ ਇਹ ਪੂਰਬੀ ਯੂਪੀ ਤੋਂ ਹੁੰਦਾ ਹੋਇਆ ਪੱਛਮੀ ਯੂਪੀ, ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਪਹੁੰਚੇਗਾ। ਇਸ ਤੋਂ ਬਾਅਦ ਜੁਲਾਈ ਦੇ ਪਹਿਲੇ ਹਫ਼ਤੇ ਇਹ ਚੰਡੀਗੜ੍ਹ, ਉੱਤਰੀ ਪੰਜਾਬ ਅਤੇ ਫਿਰ ਹਰਿਆਣਾ ਵਿੱਚ ਦਾਖਲ ਹੋਵੇਗਾ। ਦੱਸ ਦੇਈਏ ਕਿ ਚੰਡੀਗੜ੍ਹ ਅਤੇ ਉੱਤਰੀ ਪੰਜਾਬ ਵਿੱਚ ਮੌਨਸੂਨ ਆਉਣ ਦੀ ਆਮ ਤਾਰੀਖ਼ 24 ਜੂਨ ਮੰਨੀ ਜਾਂਦੀ ਹੈ।

ਮੌਨਸੂਨ ਦੀ ਦੇਰੀ ਦੇ ਮੁੱਖ ਕਾਰਨਮੌਸਮ ਵਿਭਾਗ ਨੇ ਮੌਨਸੂਨ ਦੇ ਲੇਟ ਹੋਣ ਦੇ ਤਿੰਨ ਮੁੱਖ ਕਾਰਨ ਦੱਸੇ ਹਨ:

ਐਲ ਨੀਨੋ : ਪ੍ਰਸ਼ਾਂਤ ਮਹਾਂਸਾਗਰ ਵਿੱਚ ’ਐਲ ਨੀਨੋ’ ਪ੍ਰਭਾਵ ਸ਼ੁਰੂ ਹੋ ਗਿਆ ਹੈ। ਇਸ ਵਿੱਚ ਦੱਖਣੀ ਅਮਰੀਕਾ ਦੇ ਤੱਟ ਕੋਲ ਸਮੁੰਦਰ ਦਾ ਪਾਣੀ ਗਰਮ ਹੋ ਜਾਂਦਾ ਹੈ, ਜਿਸ ਨਾਲ ਦੁਨੀਆ ਭਰ ਦੀਆਂ ਹਵਾਵਾਂ ਅਤੇ ਬੱਦਲਾਂ ਦੀ ਚਾਲ ਬਦਲ ਜਾਂਦੀ ਹੈ। ਭਾਰਤ ਵਿੱਚ ਇਸ ਕਾਰਨ ਮੌਨਸੂਨ ਕਮਜ਼ੋਰ ਜਾਂ ਲੇਟ ਹੋ ਜਾਂਦਾ ਹੈ।

ਉੱਤਰ-ਪੱਛਮੀ ਹਵਾਵਾਂ: ਖੇਤਰ ਵਿੱਚ ਚੱਲ ਰਹੀਆਂ ਉੱਤਰ-ਪੱਛਮੀ ਹਵਾਵਾਂ ਮੌਨਸੂਨ ਨੂੰ ਅੱਗੇ ਵਧਣ ਤੋਂ ਰੋਕ ਰਹੀਆਂ ਹਨ।

ਪੱਛਮੀ ਗੜਬੜੀ: ਇਲਾਕੇ ਵਿੱਚ ਵਾਰ-ਵਾਰ ਆ ਰਹੀ ਪੱਛਮੀ ਗੜਬੜੀ ਵੀ ਇਸ ਦਾ ਇੱਕ ਵੱਡਾ ਕਾਰਨ ਹੈ।

# ਨਗਰ ਕੌਂਸਲ ਚੋਣਾਂ 'ਚ ਪਾਰਦਰਸ਼ਤਾ ਲਈ ਹਾਈ ਕੋਰਟ ਦਾ ਵੱਡਾ ਫੈਸਲਾ

**ਕੌਮੀ ਪਤ੍ਰਿਕਾ**

ਪਟਿਆਲਾ/ਪਾਤੜਾਂ 30 ਜੂਨ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿਚ ਪਾਰਦਰਸ਼ਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਉਣ ਲਈ ਇਕ ਅਹਿਮ ਫੈਸਲਾ ਸੁਣਾਇਆ ਹੈ। ਮਾਣਯੋਗ ਹਾਈਕੋਰਟ ਦੇ ਜਸਟਿਸ ਵਿਕਾਸ ਬਹਿਲ ਅਤੇ ਜਸਟਿਸ ਰਮੇਸ਼ ਕੁਮਾਰੀ ''ਤੇ ਅਧਾਰਿਤ ਡਿਵੀਜ਼ਨ ਬੈਂਚ ਨੇ ਦੋ ਵੱਖ-ਵੱਖ ਪਟੀਸ਼ਨਾਂ (ਸੀ.ਡਬਲਯੂ.ਪੀ. ਨੰਬਰ 19380 ਅਤੇ 19400 ਆਫ਼ 2026) ਦਾ ਨਿਪਟਾਰਾ ਕਰਦਿਆਂ ਹੁਕਮ ਦਿੱਤੇ ਹਨ ਕਿ ਨਗਰ ਕੌਂਸਲ ਪਾਤੜਾਂ ਅਤੇ ਨਕੋਦਰ ਵਿਖੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਦੀਆਂ ਚੋਣਾਂ ਦੇ ਨਾਲ-ਨਾਲ ਕੌਂਸਲਰਾਂ ਦੇ ਸਹੁੰ ਚੁੱਕ ਸਮਾਗਮ ਦੀ ਬਿਨਾਂ ਕਿਸੇ ਰੁਕਾਵਟ ਦੇ ਨਿਰੰਤਰ ਵੀਡੀਓਗ੍ਰਾਫੀ ਅਤੇ ਸੀਸੀਟੀਵੀ ਨਿਗਰਾਨੀ ਕਰਵਾਈ ਜਾਵੇ। ਇਹ ਮਾਮਲਾ ਸੋਨਲ ਬਜਾਜ (ਨਕੋਦਰ) ਅਤੇ ਕ੍ਰਿਸ਼ਨ ਸਿੰਘ ਤੇ ਹੋਰਨਾਂ (ਪਾਤੜਾਂ) ਵਲੋਂ ਪੰਜਾਬ ਸਰਕਾਰ ਵਿਰੁੱਧ ਪਾਈਆਂ ਗਈਆਂ ਪਟੀਸ਼ਨਾਂ ''ਤੇ ਸੁਣਵਾਈ ਦੌਰਾਨ ਸਾਹਮਣੇ ਆਇਆ। ਪਟੀਸ਼ਨਰਾਂ ਦੇ ਵਕੀਲਾਂ, ਅਮਿਤ ਧਵਨ ਅਤੇ ਸ਼ੌਰਿਆ ਖੰਨਾ ਨੇ ਅਦਾਲਤ ਵਿਚ ਦਲੀਲ ਦਿੱਤੀ ਕਿ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਵਕ ਅਤੇ ਨਿਰਪੱਖ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਚੋਣ ਹਾਲ ਦੇ ਅੰਦਰੂਨੀ ਹਿੱਸੇ ਦੀ ਮੁਕੰਮਲ ਵੀਡੀਓ ਰਿਕਾਰਡਿੰਗ ਹੋਣੀ ਅਤਿ ਜ਼ਰੂਰੀ ਹੈ। ਆਪਣੇ ਪੱਖ ਦੀ ਮਜ਼ਬੂਤੀ ਲਈ ਉਨ੍ਹਾਂ ਨੇ ਹਾਈ ਕੋਰਟ ਦੇ ਸਾਲ 2024 ਦੇ ''ਅਨਿਲ ਕੁਮਾਰ ਬਨਾਮ




ਪੰਜਾਬ ਰਾਜ'' ਦੇ ਇਤਿਹਾਸਕ ਫੈਸਲੇ ਦਾ ਹਵਾਲਾ ਵੀ ਦਿੱਤਾ, ਜਿਸ ਵਿਚ ਪੰਚਾਇਤੀ ਚੋਣਾਂ ਦੌਰਾਨ ਪਾਰਦਰਸ਼ਤਾ ਲਈ ਵੀਡੀਓਗ੍ਰਾਫੀ ਨੂੰ ਲਾਜ਼ਮੀ ਕੀਤਾ ਗਿਆ ਸੀ। ਸੁਣਵਾਈ ਦੌਰਾਨ ਪੰਜਾਬ ਸਰਕਾਰ ਵਲੋਂ ਪੇਸ਼ ਹੋਏ ਵਧੀਕ ਐਡਵੋਕੇਟ ਜਨਰਲ ਜਸਤੇਜ ਸਿੰਘ ਨੇ ਅਦਾਲਤ ਨੂੰ ਭਰੋਸਾ ਦਿੱਤਾ ਕਿ ਸਰਕਾਰ ਚੋਣਾਂ ਦੌਰਾਨ ਪੁਖ਼ਤਾ ਸੁਰੱਖਿਆ ਪ੍ਰਬੰਧ ਅਤੇ ਨਿਰੰਤਰ ਵੀਡੀਓਗ੍ਰਾਫੀ ਕਰਵਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਅਦਾਲਤ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਤਾਜ਼ਾ ਹਦਾਇਤਾਂ ਅਨੁਸਾਰ ਨਕੋਦਰ ਅਤੇ ਪਾਤੜਾਂ ਨਗਰ ਕੌਂਸਲ ਦੀਆਂ ਚੋਣਾਂ ਫਿਲਹਾਲ ਮੁਲਤਵੀ ਕਰ ਦਿੱਤੀਆਂ ਗਈਆਂ ਹਨ, ਪਰ ਜਦੋਂ ਵੀ ਇਹ ਚੋਣਾਂ ਭਵਿੱਖ ਵਿਚ ਕਰਵਾਈਆਂ ਜਾਣਗੀਆਂ, ਉਥੇ ਅਦਾਲਤੀ ਹੁਕਮਾਂ ਅਨੁਸਾਰ ਵੀਡੀਓਗ੍ਰਾਫੀ ਦੇ ਪੂਰੇ ਪ੍ਰਬੰਧ ਕੀਤੇ ਜਾਣਗੇ। ਮਾਨਯੋਗ ਜੱਜਾਂ ਨੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਸਬੰਧਤ ਡਿਪਟੀ ਕਮਿਸ਼ਨਰ/ਕਨਵੀਨਰ ਇਹ ਯਕੀਨੀ ਬਣਾਉਣਗੇ ਕਿ ਪਾਤੜਾਂ ਅਤੇ ਨਕੋਦਰ ਨਗਰ ਕੌਂਸਲ ਦੇ ਅਹੁਦੇਦਾਰਾਂ ਦੀ ਚੋਣ ਪ੍ਰਕਿਰਿਆ ਦੌਰਾਨ ਬਿਨਾਂ ਕਿਸੇ ਰੁਕਾਵਟ ਦੇ ਵੀਡੀਓਗ੍ਰਾਫੀ ਅਤੇ ਸੀਸੀਟੀਵੀ ਕੈਮਰਿਆਂ ਰਾਹੀਂ ਨਿਗਰਾਨੀ ਰੱਖੀ ਜਾਵੇ। ਇਸ ਸਮੁੱਚੀ ਵੀਡੀਓਗ੍ਰਾਫੀ ਦੇ ਰਿਕਾਰਡ ਨੂੰ ਚੋਣਾਂ ਦੀ ਮਿਤੀ ਤੋਂ ਘੱਟੋ-ਘੱਟ ਛੇ ਮਹੀਨਿਆਂ ਤੱਕ ਸੁਰੱਖਿਅਤ ਰੱਖਿਆ ਜਾਵੇਗਾ। ਜੇਕਰ ਕੋਈ ਚੋਣ ਪਟੀਸ਼ਨ ਜਾਂ ਕਾਨੂੰਨੀ ਵਿਵਾਦ ਸਾਹਮਣੇ ਆਉਂਦਾ ਹੈ ਤਾਂ ਸਮਰੱਥ ਅਦਾਲਤ ਦੀ ਮਨਜ਼ੂਰੀ ਨਾਲ ਇਸ ਸਮੇਂ ਨੂੰ ਵਧਾਇਆ ਵੀ ਜਾ ਸਕਦਾ ਹੈ। ਸਬੰਧਤ ਜ਼ਿਲ੍ਹਿਆਂ ਦੇ ਸੀਨੀਅਰ ਪੁਲਸ ਕਪਤਾਨ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਚੋਣਾਂ ਨੂੰ ਅਮਨ-ਅਮਾਨ ਅਤੇ ਨਿਰਪੱਖ ਤਰੀਕੇ ਨਾਲ ਕਰਵਾਉਣ ਲਈ ਲੋੜੀਂਦੀ ਅਤੇ ਪੁਖ਼ਤਾ ਪੁਲਿਸ ਸੁਰੱਖਿਆ ਮੁਹੱਈਆ ਕਰਵਾਉਣ। ਕਾਨੂੰਨੀ ਮਾਹਰਾਂ ਅਨੁਸਾਰ ਹਾਈ ਕੋਰਟ ਦਾ ਇਹ ਫੈਸਲਾ ਲੋਕਤੰਤਰ ਦੀ ਮੂਲ ਭਾਵਨਾ ਨੂੰ ਬਣਾਈ ਰੱਖਣ ਅਤੇ ਸਥਾਨਕ ਚੋਣਾਂ ਵਿੱਚ ਹੁੰਦੀਆਂ ਸੰਭਾਵਿਤ ਗੜਬੜੀਆਂ ਨੂੰ ਰੋਕਣ ਲਈ ਇਕ ਬੇਹੱਦ ਸਲਾਹੁਣਯੋਗ ਅਤੇ ਮੀਲ ਪੱਥਰ ਸਾਬਤ ਹੋਵੇਗਾ।

## ਹੁਸ਼ਿਆਰਪੁਰ ਨਗਰ ਨਿਗਮ ਚੋਣਾਂ ਲਈ ਪ੍ਰੋਗਰਾਮ ਐਲਾਨਿਆ, 5 ਜੁਲਾਈ ਨੂੰ ਪੈਣਗੀਆਂ ਵੋਟਾਂ: ਆਸ਼ਿਕਾ ਜੈਨ

ਹੁਸ਼ਿਆਰਪੁਰ 30 ਜੂਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਹੁਸ਼ਿਆਰਪੁਰ ਨਗਰ ਨਿਗਮ ਚੋਣਾਂ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਸਬੰਧਤ ਨਗਰ ਨਿਗਮ ਖੇਤਰ 'ਚ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਪ੍ਰਕਿਰਿਆ 22 ਜੂਨ ਤੋਂ ਸ਼ੁਰੂ



ਹੋਵੇਗੀ। ਉਮੀਦਵਾਰ 22, 23 ਅਤੇ 24 ਜੂਨ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰ ਸਕਣਗੇ, ਜਦਕਿ 25 ਜੂਨ ਨੂੰ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਜਮ?ਹਾਂ ਕਰਵਾਉਣ ਦੀ ਆਖ਼ਰੀ ਮਿਤੀ ਨਿਰਧਾਰਤ ਕੀਤੀ ਗਈ ਹੈ। 26 ਜੂਨ ਨੂੰ ਨਾਮਜ਼ਦਗੀ ਪੱਤਰਾਂ ਦੀ ਜਾਂਚ (ਸਕਰੂਟਨੀ) ਕੀਤੀ ਜਾਵੇਗੀ ਅਤੇ 27 ਜੂਨ ਨੂੰ ਦੁਪਹਿਰ 3 ਵਜੇ ਤੱਕ ਉਮੀਦਵਾਰ ਆਪਣੇ ਨਾਮ ਵਾਪਸ ਲੈ ਸਕਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 5 ਜੁਲਾਈ 2026 (ਐਤਵਾਰ) ਨੂੰ ਨਗਰ ਨਿਗਮ ਦੇ 50 ਵਾਰਡਾਂ 'ਚ ਵੋਟਿੰਗ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ 1,34,000 ਵੋਟਰ ਰਜਿਸਟਰਡ ਹਨ ਅਤੇ ਕੁੱਲ੍ਹ 139 ਪੋਲਿੰਗ ਬੂਥ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਵੋਟਿੰਗ ਦਾ ਸਮਾਂ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ 7 ਜੁਲਾਈ 2026 ਤੱਕ ਮੁਕੰਮਲ ਕਰ ਲਈ ਜਾਵੇਗੀ। ਆਸ਼ਿਕਾ ਜੈਨ ਨੇ ਦੱਸਿਆ ਕਿ ਵੋਟਿੰਗ ਇਲੈਕਟ?ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐਮ.) ਰਾਹੀਂ ਕਰਵਾਈ ਜਾਵੇਗੀ। ਵੋਟਿੰਗ ਸੰਪੰਨ ਹੋਣ ਤੋਂ ਤੁਰੰਤ ਬਾਅਦ ਉਸੇ ਦਿਨ ਸਬੰਧਤ ਪੋਲਿੰਗ ਕੇਂਦਰਾਂ 'ਤੇ ਹੀ ਵੋਟਾਂ ਦੀ ਗਿਣਤੀ ਕੀਤੀ ਜਾਵੇਗੀ, ਜਿਸ ਨਾਲ ਚੋਣ ਨਤੀਜੇ ਜਲਦੀ ਐਲਾਨੇ ਜਾ ਸਕਣਗੇ। ਜ਼ਿਲਾ ਚੋਣ ਅਫ਼ਸਰ ਨੇ ਕਿਹਾ ਕਿ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਅਧਿਸੂਚਨਾ ਦੇ ਨਾਲ ਹੀ ਨਗਰ ਨਿਗਮ ਖੇਤਰ 'ਚ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ ਅਤੇ ਇਸ ਦੇ ਪ੍ਰਬੰਧਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਸਾਰੀਆਂ ਰਾਜਨੀਤਿਕ ਪਾਰਟੀਆਂ, ਸੰਭਾਵੀ ਉਮੀਦਵਾਰਾਂ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਪ੍ਰਕਿਰਿਆ ਨੂੰ ਸ਼ਾਂਤਮਈ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਸੰਪੰਨ ਕਰਵਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਰਾਜ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਚੋਣਾਂ ਸਬੰਧੀ ਸਾਰੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।

## ਮੋਹਾਲੀ ਦੇ ਡਿੰਪਲ ਕਤਲਕਾਂਡ 'ਚ ਹੁਣ ਤੱਕ ਦਾ ਵੱਡਾ ਖ਼ੁਲਾਸਾ, ਕਤਲ ਲਈ ਆਨਲਾਈਨ ਮੰਗਾਇਆ ਸੀ ਚਾਕੂਆਂ ਦਾ ਸੈੱਟ

ਮੋਹਾਲੀ 30 ਜੂਨ। ਇੱਥੇ ਫੇਜ਼-11 ਸਥਿਤ ਬੈਸਟੈੱਕ 'ਚ ਇੱਕ ਨਿੱਜੀ ਕੰਪਨੀ 'ਚ ਆਪਣੀ ਹੀ ਸਹਿਕਰਮੀ ਦਾ ਚਾਕੂ ਮਾਰ ਕੇ ਕਤਲ ਕਰਨ ਦੇ ਮਾਮਲੇ 'ਚ ਪੁਲਸ ਨੇ ਮੁਲਜ਼ਮ ਹਰਜਿੰਦਰ ਸਿੰਘ ਦਾ 2 ਦਿਨਾਂ ਦਾ ਪੁਲਸ ਰਿਮਾਂਡ ਲਿਆ ਸੀ। ਰਿਮਾਂਡ ਦੇ ਖ਼ਤਮ ਹੋਣ ਤੋਂ ਬਾਅਦ ਉਸ ਨੂੰ ਮੁੜ ਜ਼ਿਲ੍ਹਾ ਅਦਾਲਤ 'ਚ ਪੇਸ਼ ਕੀਤਾ। ਅਦਾਲਤ ਨੇ ਸੁਣਵਾਈ ਤੋਂ ਬਾਅਦ ਮੁਲਜ਼ਮ ਨੂੰ ਜੁਡੀਸ਼ੀਅਲ ਰਿਮਾਂਡ (ਨਿਆਇਕ ਹਿਰਾਸਤ) 'ਚ ਭੇਜ ਦਿੱਤਾ ਹੈ। ਪੁਲਸ ਨੇ ਰਿਮਾਂਡ ਦੌਰਾਨ ਮੁਲਜ਼ਮ ਕੋਲੋਂ ਕਤਲ ਦੀ ਵਾਰਦਾਤ 'ਚ ਵਰਤਿਆ ਚਾਕੂ ਵੀ ਬਰਾਮਦ ਕਰ ਲਿਆ ਹੈ। ਰਿਮਾਂਡ ਦੌਰਾਨ ਮੁਲਜ਼ਮ ਤੋਂ ਪੁੱਛਗਿੱਛ 'ਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਨੇ ਆਪਣੀ ਸਹਿਕਰਮੀ ਡਿੰਪਲ ਨੂੰ ਮੌਤ ਦੇ ਘਾਟ ਉਤਾਰਨ ਤੋਂ ਪਹਿਲਾਂ ਪੂਰੀ ਵਾਰਦਾਤ ਦੀ ਯੋਜਨਾ ਤਿਆਰ ਕਰ ਲਈ ਸੀ। ਇਸ ਯੋਜਨਾ ਨੂੰ ਅੰਜਾਮ ਦੇਣ ਦੇ ਮਕਸਦ ਨਾਲ ਮੁਲਜ਼ਮ ਨੇ ਇੱਕ ਆਨਲਾਈਨ ਐਪ ਰਾਹੀਂ 3 ਚਾਕੂਆਂ ਦਾ ਇੱਕ ਸੈੱਟ ਆਰਡਰ ਕਰਕੇ ਮੰਗਵਾਇਆ ਸੀ। ਇਨ੍ਹਾਂ ਤੇਜ਼ਧਾਰ ਚਾਕੂਆਂ ਵਿੱਚੋਂ ਹੀ ਇੱਕ ਚਾਕੂ ਦੀ ਵਰਤੋਂ ਮੁਲਜ਼ਮ ਨੇ ਡਿੰਪਲ ਨੂੰ ਮੌਤ ਦੇ ਘਾਟ ਉਤਾਰਨ ਦੀ ਵਾਰਦਾਤ ਨੂੰ ਅੰਜਾਮ ਦੇਣ ਲਈ ਕੀਤੀ ਸੀ। ਜਾਣਕਾਰੀ ਅਨੁਸਾਰ ਡਿੰਪਲ ਅਤੇ ਹਰਜਿੰਦਰ ਇੱਕ-ਦੂਜੇ ਨੂੰ ਜਾਣਦੇ ਸਨ



ਅਤੇ ਫੇਜ਼-11 ਦੇ ਬੈਸਟੈੱਕ ਮਾਲ 'ਚ ਇੱਕ ਨਿੱਜੀ ਕੰਪਨੀ 'ਚ ਹੀ ਕੰਮ ਕਰਦੇ ਸਨ। ਵਾਰਦਾਤ ਵਾਲੇ ਦਿਨ ਮੁਲਜ਼ਮ ਪਹਿਲਾਂ ਹੀ ਆਪਣੇ ਨਾਲ ਚਾਕੂ ਲੈ ਕੇ ਆਇਆ ਸੀ। ਡਿੰਪਲ ਨੂੰ ਸੀਟ 'ਤੇ ਇਕੱਲੀ ਬੈਠੀ ਦੇਖ ਕੇ ਮੁਲਜ਼ਮ ਨੇ ਇਸ ਦਾ ਫ਼ਾਇਦਾ ਚੁੱਕਦੇ ਹੋਏ ਚਾਕੂ ਨਾਲ ਡਿੰਪਲ ਦੀ ਪਿੱਠ ਅਤੇ ਧੌਣ 'ਤੇ ਵਾਰ ਕਰ ਦਿੱਤੇ। ਜਦੋਂ ਡਿੰਪਲ ਆਪਣੀ ਜਾਨ ਬਚਾ ਕੇ ਭੱਜਣ ਲੱਗੀ ਤਾਂ ਮੁਲਜ਼ਮ ਨੇ ਉਸ ਨੂੰ ਕਮਰੇ ਦੇ ਦਰਵਾਜ਼ੇ ਕੋਲ ਹੀ ਫੜ੍ਹ ਲਿਆ ਅਤੇ ਚਾਕੂ ਨਾਲ ਵਾਰ ਕਰਨ ਲੱਗਾ। ਡਿੰਪਲ ਫਰਸ਼ 'ਤੇ ਡਿੱਗ ਗਈ। ਮੁਲਜ਼ਮ ਨੇ ਇੱਕ ਤੋਂ ਬਾਅਦ ਇੱਕ ਲਗਾਤਾਰ ਚਾਕੂਆਂ ਨਾਲ ਕਈ ਵਾਰ ਕੀਤੇ। ਇਸ ਦੌਰਾਨ ਡਿੰਪਲ ਦੀ ਆਵਾਜ਼ ਸੁਣ ਕੇ ਉਸ ਦੇ ਸਹਿਕਰਮੀ ਵੀ ਮਦਦ ਲਈ ਆਏ ਤਾਂ ਮੁਲਜ਼ਮ ਨੇ ਉਨ੍ਹਾਂ ਨੂੰ ਚਾਕੂ ਦਿਖਾ ਕੇ ਡਰਾ ਦਿੱਤਾ। ਮੁਲਜ਼ਮ ਨੇ ਇਸ ਦੌਰਾਨ ਡਿੰਪਲ 'ਤੇ ਕਰੀਬ 30 ਤੋਂ 32 ਵਾਰ ਕੀਤੇ ਸਨ। ਇਸ ਤੋਂ ਬਾਅਦ ਜਦੋਂ ਡਿੰਪਲ ਦੇ ਸਹਿਕਰਮੀਆਂ ਨੇ ਹਿੰਮਤ ਦਿਖਾ ਕੇ ਹਰਜਿੰਦਰ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਹ ਬਚ ਕੇ ਡਿੰਪਲ ਦੀ ਸੀਟ ਦੇ ਨੇੜੇ ਪਹੁੰਚ ਗਿਆ ਅਤੇ ਇਸ ਤੋਂ ਬਾਅਦ ਉਸ ਨੇ ਉਸੇ ਚਾਕੂ ਨਾਲ ਆਪਣੀ ਧੌਣ 'ਤੇ ਕਰੀਬ 15 ਵਾਰ ਕਰਕੇ ਖ਼ੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ। ਵਾਰਦਾਤ ਤੋਂ ਬਾਅਦ ਲਹੂ-ਲੁਹਾਨ ਹਾਲਤ 'ਚ ਡਿੰਪਲ ਅਤੇ ਹਰਜਿੰਦਰ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਜਾਂਚ ਤੋਂ ਬਾਅਦ ਡਾਕਟਰਾਂ ਨੇ ਡਿੰਪਲ ਨੂੰ ਮ੍ਰਿਤਕ ਐਲਾਨ ਦਿੱਤਾ, ਜਦੋਂਕਿ ਧੌਣ 'ਤੇ ਗੰਭੀਰ ਜ਼ਖ਼ਮ ਹੋਣ ਕਾਰਨ ਮੁਲਜ਼ਮ ਹਰਜਿੰਦਰ ਦਾ ਪੰਜ ਦਿਨਾਂ ਤੱਕ ਹਸਪਤਾਲ 'ਚ ਇਲਾਜ ਚੱਲਣ ਤੋਂ ਬਾਅਦ ਪੁਲਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

## ਡਾ. ਇਕਬਾਲ ਸਿੰਘ ਲਾਲਪੁਰਾ ਵੱਲੋਂ ਉਤਰਾਖੰਡ ਦੀ ਘਟਨਾ ਦੀ ਨਿਰਪੱਖ ਜਾਂਚ ਲਈ ਰਾਜਪਾਲ ਦੇ ਦਖਲ ਦੀ ਮੰਗ

**ਕੌਮੀ ਪਤ੍ਰਿਕਾ**

ਵੈੱਬ ਡੈਸਕ 30 ਜੂਨ। ਭਾਰਤ ਸਰਕਾਰ ਦੇ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਅਤੇ ਸਾਬਕਾ ਆਈ.ਪੀ.ਐੱਸ. ਅਧਿਕਾਰੀ ਡਾ. ਇਕਬਾਲ ਸਿੰਘ ਲਾਲਪੁਰਾ ਨੇ ਉਤਰਾਖੰਡ ਦੇ ਚਮੋਲੀ ਜ਼ਿਲ੍ਹੇ ਦੇ ਕਰਨਪ੍ਰਯਾਗ ਵਿਚ ਨਿਹੰਗ ਸਿੱਖਾਂ ਅਤੇ ਸਥਾਨਕ ਨਿਵਾਸੀਆਂ ਵਿਚਕਾਰ ਹੋਈ ਤਾਜ਼ਾ ਝੜਪ ਦੇ ਸਬੰਧ ਵਿੱਚ ਰਾਜਪਾਲ ਨੂੰ ਪੱਤਰ ਲਿਖ ਕੇ ਤੁਰੰਤ ਦਖਲ ਦੇਣ ਅਤੇ ਰਾਜ ਸਰਕਾਰ ਨੂੰ ਉਚਿਤ ਨਿਰਦੇਸ਼ ਦੇਣ ਦੀ ਮੰਗ ਕੀਤੀ ਹੈ। ਇਸ ਮੰਦਭਾਗੀ ਘਟਨਾ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਡਾ. ਲਾਲਪੁਰਾ ਨੇ ਕਿਹਾ ਕਿ ਜੋ ਕਥਿਤ ਤੌਰ 'ਤੇ ਸੜਕੀ ਝਗੜੇ ਅਤੇ ਪਾਰਕਿੰਗ ਵਿਵਾਦ ਵਜੋਂ ਸ਼ੁਰੂ ਹੋਇਆ ਸੀ, ਉਸ ਨੇ ਹੁਣ ਚਿੰਤਾਜਨਕ ਰੂਪ ਲੈ ਲਿਆ ਹੈ, ਜਿਸ ਨਾਲ ਦੇਸ਼ ਭਰ ਦੇ ਸਿੱਖ ਭਾਈਚਾਰੇ ਵਿੱਚ ਖਦਸ਼ੇ ਅਤੇ ਗਲਤਫਹਿਮੀਆਂ ਪੈਦਾ ਹੋ ਗਈਆਂ ਹਨ। ਨਿਹੰਗ ਭਾਈਚਾਰੇ ਅਨੁਸਾਰ, ਉਨ੍ਹਾਂ 'ਤੇ ਪਹਿਲਾਂ ਹਮਲਾ ਕੀਤਾ ਗਿਆ ਸੀ ਅਤੇ ਉਨ੍ਹਾਂ ਨੇ ਸਿਰਫ਼ ਸਵੈ-ਰੱਖਿਆ ਵਿੱਚ ਜਵਾਬ ਦਿੱਤਾ ਸੀ। ਉਨ੍ਹਾਂ ਦੋਸ਼ ਲਾਇਆ ਕਿ ਨਿਰਪੱਖ ਜਾਂਚ ਕਰਨ ਦੀ ਬਜਾਏ ਸਥਾਨਕ ਪੁਲਸ ਨੇ ਨਿਹੰਗ ਸਿੱਖਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਉਨ੍ਹਾਂ ਦੇ ਰਵਾਇਤੀ ਸ਼ਸਤਰ ਜ਼ਬਤ ਕਰ ਲਏ। ਡਾ. ਲਾਲਪੁਰਾ ਨੇ ਕਿਹਾ ਕਿ ਸਿੱਖ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਐਕਟ, 1992 ਤਹਿਤ ਇੱਕ ਨੋਟੀਫਾਈਡ ਘੱਟ



ਗਿਣਤੀ ਭਾਈਚਾਰਾ ਹਨ। ਭਾਰਤ ਦੇ ਸੰਵਿਧਾਨ ਦੀ ਧਾਰਾ 25 ਵਿਸ਼ੇਸ਼ ਤੌਰ 'ਤੇ ਸਿੱਖਾਂ ਨੂੰ ਉਨ੍ਹਾਂ ਦੇ ਵਿਸ਼ਵਾਸ ਦੇ ਹਿੱਸੇ ਵਜੋਂ ਕਿਰਪਾਨ ਰੱਖਣ ਦਾ ਅਧਿਕਾਰ ਦਿੰਦੀ ਹੈ। ਨਿਹੰਗ ਸਿੱਖ ਆਪਣੀ ਜੰਗੀ ਵਿਰਾਸਤ ਦੇ ਹਿੱਸੇ ਵਜੋਂ ਬਰਛੇ ਅਤੇ ਹੋਰ ਰਵਾਇਤੀ ਸ਼ਸਤਰ ਰੱਖਦੇ ਹਨ, ਜਿਨ੍ਹਾਂ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਚਿੰਤਾ ਜਤਾਈ ਕਿ ਪੁਲਸ ਦੀ ਕਾਰਵਾਈ ਨੇ ਜਨਤਕ ਰੋਸ ਪੈਦਾ ਕੀਤਾ ਹੈ ਅਤੇ ਇਸ ਸਥਾਨਕ ਝਗੜੇ ਨੂੰ ਸਿੱਖ ਘੱਟ ਗਿਣਤੀ ਦੇ ਹਮਲੇ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਜੋ ਕਿ ਫਿਰਕੂ ਸਦਭਾਵਨਾ ਅਤੇ ਉਤਰਾਖੰਡ ਦੇ ਲੋਕਾਂ ਨਾਲ ਸਦੀਆਂ ਪੁਰਾਣੇ ਭਾਈਚਾਰਕ ਸਬੰਧਾਂ ਲਈ ਨੁਕਸਾਨਦੇਹ ਹੈ। ਉਨ੍ਹਾਂ ਯਾਦ ਕਰਵਾਇਆ ਕਿ ਦੇਹਰਾਦੂਨ ਦੀ ਇਤਿਹਾਸਕ ਪਛਾਣ ਸੱਤਵੇਂ ਸਿੱਖ ਗੁਰੂ, ਸ੍ਰੀ ਗੁਰੂ ਹਰਿਰਾਇ ਜੀ ਦੇ ਸਪੁੱਤਰ ਗੁਰੂ ਰਾਮ ਰਾਏ ਜੀ ਨਾਲ ਜੁੜੀ ਹੋਈ ਹੈ। ਉਨ੍ਹਾਂ ਮੰਗ ਕੀਤੀ ਕਿ ਇੰਸਪੈਕਟਰ ਜਨਰਲ (97) ਜਾਂ ਉਸ ਤੋਂ ਉੱਚੇ ਪੱਧਰ ਦੇ ਅਧਿਕਾਰੀਆਂ ਦੁਆਰਾ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਸਥਾਨਕ ਨਿਵਾਸੀਆਂ ਅਤੇ ਪੁਲਸ ਦੀ ਭੂਮਿਕਾ ਦੀ ਜਾਂਚ ਕਰਕੇ ਸਿਰਫ ਸਬੂਤਾਂ ਦੇ ਅਧਾਰ 'ਤੇ ਜ਼ਿੰਮੇਵਾਰੀ ਤੈਅ ਕੀਤੀ ਜਾਵੇ। ਸੋਸ਼ਲ ਮੀਡੀਆ ਪੋਸਟਾਂ, ਵੀਡੀਓਜ਼ ਅਤੇ ਸੀਸੀਟੀਵੀ ਫੁਟੇਜ ਵਰਗੇ ਡਿਜੀਟਲ ਸਬੂਤਾਂ ਦੀ ਜਾਂਚ ਕੀਤੀ ਜਾਵੇ। ਘਟਨਾ ਨੂੰ ਫਿਰਕੂ ਰੰਗਤ ਦੇਣ ਤੋਂ ਰੋਕਣ ਲਈ ਵਿਸ਼ਵਾਸ ਬਹਾਲੀ ਦੇ ਕਦਮ ਚੁੱਕੇ ਜਾਣ। ਇਸ ਦੇ ਨਾਲ ਹੀ ਪ੍ਰਸ਼ਾਸਨ ਅਤੇ ਧਾਰਮਿਕ ਆਗੂਆਂ ਦੇ ਸਹਿਯੋਗ ਨਾਲ ਦੋਵਾਂ ਧਿਰਾਂ ਵਿਚਕਾਰ ਸੰਵਾਦ ਅਤੇ ਸੁਲ੍ਹਾ ਕਰਵਾਈ ਜਾਵੇ। ਡਾ. ਲਾਲਪੁਰਾ ਨੇ ਅਪੀਲ ਕੀਤੀ ਕਿ ਇਨਸਾਫ਼ ਨਾ ਸਿਰਫ਼ ਹੋਣਾ ਚਾਹੀਦਾ ਹੈ ਬਲਕਿ ਹੁੰਦਾ ਦਿਖਾਈ ਵੀ ਦੇਣਾ ਚਾਹੀਦਾ ਹੈ। ਇਸ ਪੱਤਰ ਦੀਆਂ ਕਾਪੀਆਂ ਉਤਰਾਖੰਡ ਦੇ ਮੁੱਖ ਮੰਤਰੀ, ਮੁੱਖ ਸਕੱਤਰ ਅਤੇ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਸਕੱਤਰ ਨੂੰ ਵੀ ਭੇਜੀਆਂ ਗਈਆਂ ਹਨ।

## ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਆਯੋਜਿਤ ਗੁਰਮਤਿ ਕੈਂਪਾਂ ਦੀ ਸ਼ਾਨਦਾਰ ਸਮਾਪਤੀ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 30 ਜੂਨ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਅਤੇ ਉਹਨਾਂ ਦੀ ਸਮੁੱਚੀ ਟੀਮ ਵੱਲੋਂ ਕੀਤੀ ਮਿਹਨਤ ਦੀ ਬਦੌਲਤ ਇਸ ਵਾਰ ਗਰਮੀ ਦੀਆਂ ਛੁੱਟੀਆਂ ਵਿਚ ਦਿੱਲੀ ਵਿਚ 148 ਥਾਵਾਂ 'ਤੇ ਗੁਰਮਤਿ ਕੈਂਪ ਲਗਾਏ ਗਏ ਜਿਹਨਾਂ ਵਿਚ 20 ਹਜ਼ਾਰ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ ਹੈ। ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਗੁਰਮਤਿ ਕੈਂਪਾਂ ਦੇ ਸਮਾਪਤੀ ਸਮਾਗਮ ਦੇ ਪਹਿਲੇ ਦਿਨ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਇਸਦੇ ਧਰਮ ਪ੍ਰਚਾਰ ਵਿੰਗ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਗਰਮੀ ਦੀਆਂ ਛੁੱਟੀਆਂ ਵਿਚ ਲੱਗਦੇ ਇਹਨਾਂ ਗੁਰਮਤਿ ਕੈਂਪਾਂ ਨੂੰ ਲੈ ਕੇ ਬਹੁਤ ਮਿਹਨਤ ਕੀਤੀ ਹੈ। ਉਹਨਾਂ ਦੱਸਿਆ ਕਿ ਇਸ ਮਿਹਨਤ ਦੀ ਬਦੌਲਤ ਪਹਿਲੇ ਸਾਲ ਜਿਥੇ ਸਾਲ 2022 ਵਿਚ 4 ਹਜ਼ਾਰ ਵਿਦਿਆਰਥੀ ਕੈਂਪਾਂ ਵਿਚ ਸ਼ਾਮਲ ਹੋਏ, ਉਸ ਤੋਂ ਅਗਲੇ ਸਾਲ 2023 ਵਿਚ 9 ਹਜ਼ਾਰ, 2024 ਵਿਚ 12 ਹਜ਼ਾਰ, 2025 ਵਿਚ 16 ਹਜ਼ਾਰ ਅਤੇ ਇਸ ਵਾਰ 2026 ਵਿਚ 20 ਹਜ਼ਾਰ ਤੋਂ ਜ਼ਿਆਦਾ ਵਿਦਿਆਰਥੀਆਂ ਨੇ ਇਹਨਾਂ ਗੁਰਮਤਿ ਕੈਂਪਾ



ਵਿਚ ਸ਼ਮੂਲੀਅਤ ਕੀਤੀ ਹੈ ਜੋ 1 ਜੂਨ ਨੂੰ ਸ਼ੁਰੂ ਹੋਏ ਸਨ ਤੇ ਹੁਣ 20 ਅਤੇ 21 ਜੂਨ ਨੂੰ ਇਹਨਾਂ ਦੀ ਸਮਾਪਤੀ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋ ਰਹੀ ਹੈ। ਉਹਨਾਂ ਦੱਸਿਆ ਕਿ ਇਹਨਾਂ ਕੈਂਪਾਂ ਵਿਚ ਅਸੀਂ ਵਿਸ਼ੇਸ਼ ਤੌਰ 'ਤੇ ਪੁਸਤਕਾਂ ਤਿਆਰ ਕਰਵਾਈਆਂ ਜਿਸ ਸਦਕਾ ਵਿਦਿਆਰਥੀਆਂ ਨੂੰ ਗੁਰੂ ਇਤਿਹਾਸ ਪੜ੍ਹਾਇਆ ਗਿਆ। ਗੁਰੂ ਸਾਹਿਬਾਨ ਅਤੇ ਸਿੱਖ ਕੌਮ ਦੇ ਯੋਧਿਆਂ ਨੇ ਕਿਹੜੀਆਂ-ਕਿਹੜੀਆਂ ਜੰਗਾਂ ਲੜੀਆਂ, ਕਿਉਂ ਲੜੀਆਂ ਤੇ ਇਹਨਾਂ ਦਾ ਨਤੀਜਾ ਕੀ ਰਿਹਾ, ਇਸ ਬਾਰੇ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ ਗਈ। ਉਹਨਾਂ ਕਿਹਾ ਕਿ ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਇਹ ਵੀ ਦੱ?ਸਿਆ ਗਿਆ ਕਿ ਸਿੱਖ ਕੌਮ ਦਾ ਮਾਰਸ਼ਲੀ ਇਤਿਹਾਸ ਕੀ ਹੈ ਤੇ ਕਿਵੇਂ ਗੁਰੂ ਸਾਹਿਬ ਨੇ ਸਾਨੂੰ ਅਨਿਆਂ ਦੇ ਖਿਲਾਫ ਲੜਨਾ ਸਿਖਾਇਆ ਹੈ। ਕਾਲਕਾ ਤੇ ਕਾਹਲੋਂ ਨੇ ਇਹ ਵੀ ਕਿਹਾ ਕਿ ਅੱਜ ਦੇ ਗੁਰਮਤਿ ਕੈਂਪਾਂ ਵਿਚ ਭਾਗ ਲੈ ਰਹੇ ਵਿਦਿਆਰਥੀ ਭਵਿੱਖ ਵਿਚ ਇਹਨਾਂ ਗੁਰਮਤਿ ਕੈਂਪਾਂ ਨੂੰ ਚਲਾਉਣ ਵਾਲੇ ਬਣਨਗੇ ਅਤੇ ਇਹ ਹੀ ਨਹੀਂ ਬਲਕਿ ਉਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਵੀ ਬਣਨਗੇ। ਉਹਨਾਂ ਕਿਹਾ ਕਿ ਜੇਕਰ ਅਸੀਂ ਆਪਣੀ ਭਵਿੱਖੀ ਪੀੜੀ ਨੂੰ ਇਸੇ ਤਰੀਕੇ ਗੁਰਮਤਿ ਤੇ ਗੁਰਸਿੱਖੀ ਜੀਵਨ ਨਾਲ ਜੋੜਨ ਵਿਚ ਕਾਮਯਾਬ ਹੋਏ ਤਾਂ ਸਾਡਾ ਜੀਵਨ ਸਫਲਤਾ ਮੰਨਿਆ ਜਾ ਸਕੇਗਾ।

## ਦਿੱਲੀ 'ਚ ਅੰਤਰਰਾਜੀ 'ਮਿਊਲ' ਖਾਤਾ ਗਿਰੋਹ ਦਾ ਪਰਦਾਫਾਸ਼, ਪਹਾੜਗੰਜ ਤੋਂ ਚਾਰ ਗ੍ਰਿਫਤਾਰ

ਨਵੀਂ ਦਿੱਲੀ 30 ਜੂਨ। ਦਿੱਲੀ ਪੁਲਸ ਨੇ ਸਾਈਬਰ ਠੱਗਾਂ ਨੂੰ 'ਮਿਊਲ' (ਕਮੀਸ਼ਨ 'ਤੇ ਮਿਲਣ ਵਾਲੇ) ਬੈਂਕ ਖਾਤੇ ਮੁਹੱਈਆ ਕਰਵਾਉਣ ਵਾਲੇ ਇੱਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਪਹਾੜਗੰਜ ਇਲਾਕੇ ਤੋਂ ਚਾਰ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਅਧਿਕਾਰੀਆਂ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਮੁਲਜ਼ਮਾਂ ਦੀ ਪਛਾਣ ਦਿੱਲੀ ਨਿਵਾਸੀ ਸੰਜੇ (30) ਅਤੇ ਕੁਲਦੀਪ ਗੋਲੇ (32), ਹਰਿਆਣਾ ਦੇ ਸੋਨੀਪਤ ਦੇ ਰਹਿਣ ਵਾਲੇ 24 ਸਾਲਾ ਨਿਰਦੋਸ਼ ਬਿੜਲਾਨ ਅਤੇ ਰਾਜਸਥਾਨ ਦੇ ਹਨੂਮਾਨਗੜ੍ਹ ਨਿਵਾਸੀ 20 ਸਾਲਾ ਦੀਪਕ ਬਿਸ਼ਨੋਈ ਵਜੋਂ ਹੋਈ ਹੈ। ਮੱਧ ਦਿੱਲੀ ਦੇ ਪੁਲਸ ਡਿਪਟੀ ਕਮਿਸ਼ਨਰ (ਡੀਸੀਪੀ) ਰੋਹਿਤ ਰਾਜਬੀਰ ਸਿੰਘ ਨੇ ਦੱਸਿਆ ਕਿ ਇਸ ਗਿਰੋਹ ਨੇ ਮਿਊਲ ਖਾਤਿਆਂ ਦਾ ਪ੍ਰਬੰਧ ਕਰ ਕੇ ਆਨਲਾਈਨ ਧੋਖਾਧੜੀ ਵਿਚ ਅਹਿਮ ਭੂਮਿਕਾ ਨਿਭਾਈ। ਇਹ ਖਾਤੇ ਫਰਜ਼ੀ ਕੰਪਨੀਆਂ ਜਾਂ ਲੋਕਾਂ ਨੂੰ ਭਰਤੀ ਕਰ ਕੇ ਉਨ੍ਹਾਂ ਦੇ ਨਾਂ 'ਤੇ ਖੋਲ੍ਹੇ ਗਏ ਸਨ। ਸਾਈਬਰ ਅਪਰਾਧੀਆਂ ਨੇ ਨਿਵੇਸ਼ ਯੋਜਨਾਵਾਂ, ਨੌਕਰੀ ਦਿਵਾਉਣ ਅਤੇ 'ਡਿਜੀਟਲ ਅਰੈਸਟ' ਵਰਗੇ ਹੱਥਕੰਡਿਆਂ ਨਾਲ ਲੋਕਾਂ ਨਾਲ ਧੋਖਾਧੜੀ ਕਰਕੇ ਉਨ੍ਹਾਂ ਦਾ ਪੈਸਾ ਇਨ੍ਹਾਂ ਖਾਤਿਆਂ ਵਿੱਚ ਲਿਆ ਅਤੇ ਫਿਰ ਉਸ ਰਕਮ ਨੂੰ ਇੱਧਰ-ਉੱਧਰ ਕਰ ਦਿੱਤਾ। ਪੁਲਸ ਨੇ ਪਹਾੜਗੰਜ ਦੇ ਇੱਕ ਹੋਟਲ ਵਿੱਚ ਛਾਪਾ ਮਾਰ ਕੇ ਚਾਰ ਮੁਲਜ਼ਮਾਂ ਨੂੰ ਫੜਿਆ ਅਤੇ ਇਸ ਸਬੰਧੀ ਭਾਰਤੀ ਨਿਆ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਐੱਫਆਈਆਰ ਦਰਜ ਕਰ ਲਈ ਗਈ ਹੈ। ਪੁੱਛਗਿੱਛ ਦੌਰਾਨ ਪਤਾ ਲੱਗਾ ਕਿ ਇਹ ਗਿਰੋਹ ਇੱਕ ਵਿਵਸਥਿਤ ਤਰੀਕੇ ਨਾਲ ਚਲਾਇਆ ਜਾ ਰਿਹਾ ਸੀ, ਜਿਸ ਵਿੱਚ ਬਾਹਰੀ ਸੰਚਾਲਕ, ਸਥਾਨਕ ਤਾਲਮੇਲਕਾਰ ਤੇ ਅੰਤਿਮ ਉਪਭੋਗਤਾਵਾਂ ਦਾ ਨੈੱਟਵਰਕ ਸ਼ਾਮਲ ਹੈ। ਬਾਹਰੀ ਸੰਚਾਲਕਾਂ ਨੇ ਕਥਿਤ ਤੌਰ 'ਤੇ ਕਿਰਾਏ ਦੇ ਜਾਅਲੀ ਸਮਝੌਤਿਆਂ ਦੀ ਵਰਤੋਂ ਕਰ ਕੇ ਫਰਜ਼ੀ ਸਾਂਝੇਦਾਰੀ ਫਰਮਾਂ ਬਣਾਈਆਂ ਅਤੇ ਉਨ੍ਹਾਂ ਦੇ ਨਾਂ 'ਤੇ ਵਪਾਰਕ ਚਾਲੂ ਖਾਤੇ ਖੋਲ੍ਹੇ। ਚੈੱਕਬੁੱਕ, ਪਾਸਬੁੱਕ ਤੇ ਡੈਬਿਟ ਕਾਰਡ ਸਮੇਤ ਇਹ ਬੈਂਕਿੰਗ ਕਿੱਟਾਂ ਦਿੱਲੀ ਭੇਜੀਆਂ ਜਾਂਦੀਆਂ ਸਨ, ਜਿੱਥੇ ਸਥਾਨਕ ਸੰਚਾਲਕ ਉਨ੍ਹਾਂ ਦਾ ਪ੍ਰਬੰਧ ਸੰਭਾਲਦੇ ਸਨ ਤੇ 'ਪੁਆਇੰਟ-ਆਫ-ਸੇਲ' ਮਸ਼ੀਨਾਂ ਤੇ ਮਰਚੈਂਟ UPI QR ਕੋਡਾਂ ਦੀ ਵਰਤੋਂ ਕਰ ਕੇ ਗੈਰ-ਕਾਨੂੰਨੀ ਪੈਸੇ ਨੂੰ ਜਾਇਜ਼ ਕਾਰੋਬਾਰੀ ਲੈਣ-ਦੇਣ ਵਜੋਂ ਦਿਖਾਉਂਦੇ ਸਨ। ਜਾਂਚਕਰਤਾਵਾਂ ਨੇ ਦੱਸਿਆ ਕਿ ਖਾਤਾ ਧਾਰਕ ਨੂੰ ਲਗਭਗ ਅੱਠ ਫੀਸਦੀ ਕਮੀਸ਼ਨ ਦਿੱਤਾ ਗਿਆ, ਜਦੋਂ ਕਿ ਵਿਚੋਲਿਆਂ ਨੇ ਵਾਧੂ ਦੋ ਤੋਂ ਚਾਰ ਫੀਸਦੀ ਕਮੀਸ਼ਨ ਪ੍ਰਾਪਤ ਕੀਤਾ। ਛਾਪੇਮਾਰੀ ਦੌਰਾਨ, ਪੁਲਸ ਨੇ ਇੱਕ ਚਾਲੂ ਬੈਂਕ POS ਮਸ਼ੀਨ, QR ਕੋਡ ਸਕੈਨਰ, ਪੰਜ ਚੈੱਕ ਬੁੱਕਾਂ, ਛੇ ਡੈਬਿਟ ਕਾਰਡ, ਕਾਰਪੋਰੇਟ ਸਟੈਂਪ ਅਤੇ ਹੋਰ ਦਸਤਾਵੇਜ਼ ਬਰਾਮਦ ਕੀਤੇ। ਇਸ ਤੋਂ ਇਲਾਵਾ ਚਾਰ ਮੋਬਾਈਲ ਫੋਨ ਵੀ ਬਰਾਮਦ ਕੀਤੇ ਗਏ ਹਨ ਜਿਨ੍ਹਾਂ ਵਿੱਚ ਬੈਂਕਿੰਗ ਰਿਕਾਰਡ ਮਿਲੇ ਹਨ।

## ਸੁਲਤਾਨਪੁਰ ਲੋਧੀ ਰੋਡ 'ਤੇ ਪੁਲਸ ਟੀਮ 'ਤੇ ਹੋਈ ਫਾਇਰਿੰਗ ਮਾਮਲੇ ਨਵੀਂ ਅਪਡੇਟ, ਲਾਇਸੈਂਸੀ ਹਥਿਆਰ ਨਾਲ ਚੱਲੀ ਗੋਲੀ

**ਕੌਮੀ ਪਤ੍ਰਿਕਾ**

ਕਪੂਰਥਲਾ 30 ਜੂਨ। ਬੀਤੇ ਦਿਨੀਂ ਸੁਲਤਾਨਪੁਰ ਲੋਧੀ ਰੋਡ 'ਤੇ ਜਲੰਧਰ ਦਿਹਾਤੀ ਪੁਲਸ ਟੀਮ 'ਤੇ ਫਾਇਰਿੰਗ ਕਰਨ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਲਾਇਸੈਂਸੀ ਰਿਵਾਲਵਰ ਦੀ ਬਰਾਮਦਗੀ ਨੇ ਜ਼ਿਲ੍ਹਾ ਪ੍ਰਸ਼ਾਸਨ ਵਿਚ ਹਲਚਲ ਮਚਾ ਦਿੱਤੀ ਹੈ। ਇਸ ਪੂਰੀ ਘਟਨਾ ਨੇ ਸਾਬਤ ਕਰ ਦਿੱਤਾ ਹੈ ਕਿ ਪਿਛਲੇ ਕੁਝ ਸਾਲਾਂ ਦੌਰਾਨ ਵੱਡੀ ਗਿਣਤੀ ਵਿਚ ਸ਼ੱਕੀ ਵਿਅਕਤੀਆਂ ਨੂੰ ਆਰਮਜ ਲਾਇਸੈਂਸ ਜਾਰੀ ਕੀਤੇ ਗਏ ਹਨ, ਜਿਨ੍ਹਾਂ ਨੂੰ ਨਾ ਤਾਂ ਇਨ੍ਹਾਂ ਲਾਇਸੈਂਸੀ ਹਥਿਆਰਾਂ ਦੀ ਲੋੜ ਸੀ ਅਤੇ ਨਾ ਹੀ ਉਨ੍ਹਾਂ ਦੀ ਸੁਰੱਖਿਆ ਲਈ ਕੋਈ ਖ਼ਤਰਾ ਸੀ। ਇਨ੍ਹਾਂ ਵਿਅਕਤੀਆਂ ਨੇ ਆਪਣੇ ਪ੍ਰਭਾਵ ਦੀ ਵਰਤੋਂ ਕਰਦੇ ਹੋਏ ਸ਼ੱਕੀ ਤਰੀਕਿਆਂ ਨਾਲ ਲਾਇਸੈਂਸੀ ਹਥਿਆਰ ਪ੍ਰਾਪਤ ਕੀਤੇ ਹਨ। ਜ਼ਿਕਰਯੋਗ ਹੈ ਕਿ ਜਦੋਂ ਕਪੂਰਥਲਾ ਪੁਲਸ ਨੇ ਹਾਲ ਹੀ ਵਿਚ ਜਲੰਧਰ ਦਿਹਾਤੀ ਪੁਲਸ ਟੀਮ 'ਤੇ ਫਾਇਰਿੰਗ ਕਰਨ ਵਾਲੇ ਮੁਲਜ਼ਮਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਤਾਂ ਜਾਂਚ ਵਿਚ ਖ਼ੁਲਾਸਾ ਹੋਇਆ ਕਿ ਮੁਲਜ਼ਮਾਂ ਨੇ ਜਿਸ ਰਿਵਾਲਵਰ ਨਾਲ ਪੁਲਸ ਟੀਮ 'ਤੇ ਗੋਲ?ੀ ਚਲਾਈ ਸੀ, ਉਹ ਲਾਇਸੈਂਸੀ ਸੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤਾ ਗਿਆ ਸੀ, ਜੋਕਿ ਲਾਇਸੈਂਸੀ ਹਥਿਆਰਾਂ ਦੇ ਮਾਮਲਿਆਂ ਵਿਚ ਪ੍ਰਸ਼ਾਸਨਿਕ ਪ੍ਰਣਾਲੀ ਵੱਲੋਂ ਅਪਣਾਈ ਗਈ ਸ਼ੱਕੀ ਕਾਰਜਪ੍ਰਣਾਲੀ ਵੱਲ ਇਸ਼ਾਰਾ ਕਰਦਾ ਹੈ। ਅਜਿਹੇ ਸ਼ੱਕੀ ਮਾਮਲਿਆਂ ਦੇ ਸੰਬੰਧ ਵਿਚ ਸੂਬੇ ਦੇ ਕਈ ਜ਼ਿਲ੍ਹਿਆਂ ਵਿਚ ਸਰਕਾਰੀ ਤੰਤਰ 'ਤੇ ਨਿਯਮਾਂ ਦੀ ਉਲੰਘਣਾ ਕਰਨ ਤੇ ਆਰਮਜ਼ ਲਾਇਸੈਂਸ ਜਾਰੀ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਜੇਕਰ ਪਿਛਲੇ ਸਮੇਂ ਦੌਰਾਨ ਪ੍ਰਸ਼ਾਸਨਿਕ ਤੰਤਰ ਵੱਲੋਂ ਜਾਰੀ ਕੀਤੇ ਗਏ ਆਰਮਜ਼ ਲਾਇਸੈਂਸਾਂ ਦੀ ਕਿਸੇ ਸੀਨੀਅਰ ਵਿਜੀਲੈਂਸ ਅਧਿਕਾਰੀ ਤੋਂ ਨਿਰਪੱਖ ਜਾਂਚ ਕਰਵਾਈ ਜਾਵੇ ਤਾਂ ਵੱਡੀ ਗਿਣਤੀ ਵਿਚ ਸਰਕਾਰੀ ਕਰਮਚਾਰੀ ਇਸ ਫਰਜੀਵਾੜੇ ਵਿਚ ਫਸ ਸਕਦੇ ਹਨ। ਜ਼ਿਕਰਯੋਗ ਹੈ ਕਿ ਪਿਛਲੇ ਕਈ ਮਹੀਨਿਆਂ ਵਿਚ ਸੂਬੇ ਭਰ ਦੇ ਕਈ ਜ਼ਿਲ੍ਹਿਆਂ ਵਿਚ ਲਾਇਸੈਂਸੀ ਹਥਿਆਰਾਂ ਦੀ ਵਰਤੋਂ ਕਰਕੇ ਗੁੰਡਾਗਰਦੀ ਦੇ ਕਈ ਮਾਮਲੇ ਸਾਹਮਣੇ ਆਏ ਹਨ। ਕੁਝ ਲੋਕਾਂ ਨੇ ਲਾਇਸੈਂਸੀ ਹਥਿਆਰਾਂ ਨਾਲ ਖੁਦਕੁਸ਼ੀ ਵੀ ਕੀਤੀ ਹੈ ਅਤੇ ਆਪਣੇ ਹੀ ਪਰਿਵਾਰਕ ਮੈਂਬਰਾਂ ਨੂੰ ਨਿਸ਼ਾਨਾ ਬਣਾਇਆ ਹੈ। ਕਈ ਮਾਮਲਿਆਂ ਵਿਚ ਵਿਆਹ ਸਮਾਰੋਹਾਂ ਅਤੇ ਜਨਤਕ ਸਮਾਗਮਾਂ ਵਿਚ ਮਾਸੂਮ ਲੋਕਾਂ ਨੂੰ ਲਾਇਸੈਂਸੀ ਹਥਿਆਰਾਂ ਨਾਲ ਨਿਸ਼ਾਨਾ ਬਣਾਇਆ ਗਿਆ ਹੈ। ਇਸ ਦੇ ਜਵਾਬ ਵਿਚ ਸਰਕਾਰ ਨੇ ਲਾਇਸੈਂਸੀ ਹਥਿਆਰ ਜਾਰੀ ਕਰਨ ਸੰਬੰਧੀ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਰੀ ਕੀਤਾ ਹੈ, ਜਿਸ ਵਿਚ ਸਾਰੇ ਜ਼ਿਲਿਆਂ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਲਾਇਸੈਂਸੀ ਹਥਿਆਰ ਸਿਰਫ਼ ਉਨ੍ਹਾਂ ਲੋਕਾਂ ਨੂੰ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਜੋ ਅਸਲ ਵਿਚ ਉਨ੍ਹਾਂ ਦੇ ਹੱਕਦਾਰ ਹਨ ਪਰ ਇਸ ਪੂਰੇ ਮਾਮਲੇ ਦਾ ਸਭ ਤੋਂ ਹੈਰਾਨ ਕਰਨ ਵਾਲਾ ਪਹਿਲੂ ਇਹ ਹੈ ਕਿ ਲਾਇਸੈਂਸੀ ਹਥਿਆਰ ਉਨ੍ਹਾਂ ਨੌਜਵਾਨਾਂ ਨੂੰ ਜਾਰੀ ਕੀਤੇ ਗਏ ਹਨ, ਜੋ ਕਾਫ਼ੀ ਛੋਟੀ ਉਮਰ ਦੇ ਹਨ ਅਤੇ ਕਿਸੇ ਵੀ ਤਰ੍ਹਾਂ ਦਾ ਕੋਈ ਖ਼ਤਰਾ ਨਹੀਂ ਹਨ। ਹਾਲਾਂਕਿ ਅਜਿਹੇ ਮਾਮਲਿਆਂ ਵਿਚ ਲਾਇਸੈਂਸ ਜਾਰੀ ਕਰਨ ਵਾਲੇ



ਪ੍ਰਸ਼ਾਸਨਿਕ ਤੰਤਰ ਦੇ ਸ਼ੱਕੀ ਕੰਮਕਾਜ ਬਾਰੇ ਚਰਚਾਵਾਂ ਜਨਤਾ ਵਿਚ ਸੁਣੀਆਂ ਜਾ ਸਕਦੀਆਂ ਹਨ। ਅਜਿਹੇ ਵਿਅਕਤੀਆਂ ਨੂੰ ਖੁੱਲ੍ਹੇਆਮ ਆਪਣੇ ਹਥਿਆਰਾਂ ਨੂੰ ਸਟੇਟਸ ਸਿੰਬਲ ਵਜੋਂ ਪ੍ਰਦਰਸ਼ਿਤ ਕਰਦੇ ਦੇਖਣਾ ਆਮ ਗੱਲ ਹੈ। ਸਿਆਸਤਦਾਨਾਂ ਦੇ ਇਸ਼ਾਰੇ 'ਤੇ ਸੈਂਕੜੇ ਸ਼ੱਕੀ ਵਿਅਕਤੀਆਂ ਨੂੰ ਜਾਰੀ ਕੀਤੇ ਲਾਇਸੈਂਸ ਹਥਿਆਰ ਜ਼ਿਕਰਯੋਗ ਹੈ ਕਿ ਪਿਛਲੇ ਦੋ ਦਹਾਕਿਆਂ ਦੌਰਾਨ ਸੂਬੇ ਵਿਚ ਸਿਆਸਤਦਾਨਾਂ ਦੇ ਇਸ਼ਾਰੇ 'ਤੇ ਸੈਂਕੜੇ ਸ਼ੱਕੀ ਵਿਅਕਤੀਆਂ ਨੂੰ ਹਥਿਆਰ ਲਾਇਸੈਂਸ ਜਾਰੀ ਕੀਤੇ ਗਏ ਹਨ। ਇਨ੍ਹਾਂ ਵਿਅਕਤੀਆਂ ਨੇ ਇਨ੍ਹਾਂ ਲਾਇਸੈਂਸੀ ਹਥਿਆਰਾਂ ਦੀ ਦੁਰਵਰਤੋਂ ਕੀਤੀ ਹੈ ਅਤੇ ਕਈ ਘਿਨਾਉਣੇ ਅਪਰਾਧ ਕੀਤੇ ਹਨ। ਜ਼ਿਕਰਯੋਗ ਹੈ ਕਿ ਸੂਬੇ ਦੇ ਲਗਭਗ ਹਰ ਜ਼ਿਲ੍ਹੇ ਵਿਚ ਸਿਵਲ ਦਫ਼ਤਰਾਂ ਵਿਚ ਅਜਿਹੇ ਸ਼ੱਕੀ ਕਰਮਚਾਰੀ ਤਾਇਨਾਤ ਹਨ, ਜੋ ਲਾਇਸੈਂਸੀ ਹਥਿਆਰਾਂ ਨੂੰ ਹਾਸਲ ਕਰਨ ਲਈ ਲੰਬੇ ਸਮੇਂ ਤੋਂ ਲੱਗੇ ਵਿਅਕਤੀਆਂ ਨੂੰ ਆਪਣੇ ਜਾਲ 'ਚ ਫਸਾ ਕੇ ਲਾਇਸੈਂਸ ਹਥਿਆਰ ਜਾਰੀ ਕਰਨ ਦਾ ਝਾਂਸਾ ਦਿੰਦੇ ਹਨ ਜੋ ਆਪਣੇ ਸਟੇਟਸ ਸਿੰਬਲ ਲਈ ਲਾਇਸੈਂਸੀ ਹਥਿਆਰ ਲੈਣ ਲਈ ਮੋਟੀ ਰਕਮ ਖਰਚ ਕਰਨ ਲਈ ਤਿਆਰ ਰਹਿੰਦੇ ਹਨ। ਇਸ ਸਬੰਧੀ ਸੰਪਰਕ ਕਰਨ 'ਤੇ ਐੱਸ. ਐੱਸ. ਪੀ. ਕਪੂਰਥਲਾ ਗੌਰਵ ਤੂਰਾ ਨੇ ਕਿਹਾ ਕਿ ਲਾਇਸੈਂਸੀ ਹਥਿਆਰਾਂ ਦੀ ਵਰਤੋਂ ਕਰ ਕੇ ਗੁੰਡਾਗਰਦੀ ਕਰਨ ਵਾਲੇ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ। ਅਜਿਹੇ ਮਾਮਲਿਆਂ ਵਿਚ ਪੁਲਸ ਸਖ਼ਤ ਕਾਰਵਾਈ ਕਰੇਗੀ ਤੇ ਉਨ੍ਹਾਂ ਦੇ ਲਾਇਸੈਂਸੀ ਹਥਿਆਰ ਰੱਦ ਕਰੇਗੀ ਤੇ ਇਸ ਮਾਮਲੇ ਵਿਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਗੈਰ-ਕਾਨੂੰਨੀ ਗਤੀਵਿਧੀਆਂ 'ਚ ਸ਼ਾਮਲ ਸਮਾਜ ਵਿਰੋਧੀ ਅਨਸਰਾਂ ਦੇ ਲਾਇਸੈਂਸੀ ਹਥਿਆਰ ਰੱਦ ਕਰਨ ਲਈ ਜ਼ਿਲਾ ਪ੍ਰਸ਼ਾਸਨ ਨੂੰ ਲਿਖਿਆ ਜਾਵੇਗਾ। ਇਸ ਸਬੰਧ 'ਚ ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿਚ ਨਹੀਂ ਹੈ।